@Qpatrika
@qaumipatrika punjabi
instagram.com/qaumipatrika
Largest Circulated

विश्व भर में सबसे ज्यादा पढ़ा जाने वाला

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Friday, 4 October 2024

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ੁੱਕਰਵਾਰ 4 ਅਕਤੂਬਰ 2024, 19 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 329, qpatrika@gmail.com ਫੋਨ : 9971359517 www.qaumipatrika.org

## ਜੰਮੂ-ਕਸ਼ਮੀਰ 'ਚ ਰਿਕਾਰਡ ਤੋੜ ਵੋਟਿੰਗ, ਲੋਕਾਂ ਨੇ ਵੋਟ ਦੀ ਸ਼ਕਤੀ ਨੂੰ ਸਮਝ ਲਿਆ ਹੈ: ਸਿਨਹਾ

ਸ੍ਰੀਨਗਰ 3 ਅਕਤੂਬਰ। ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਨੇ ਇਕ ਦਹਾਕੇ ਬਾਅਦ ਹਾਲ ਹੀ 'ਚ ਸੰਪੰਨ ਹੋਈਆਂ ਵਿਧਾਨ ਸਭਾ ਚੋਣਾਂ 'ਚ ਰਿਕਾਰਡ ਗਿਣਤੀ 'ਚ ਵੋਟ ਪਾਉਣ ਲਈ ਪੂਰੇ ਸੂਬੇ ਖਾਸ ਕਰਕੇ ਕਸਮੀਰ ਦੇ ਲੋਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਕਸਮੀਰ ਦੇ ਲੋਕਾਂ ਨੇ ਵੋਟਿੰਗ ਦੀ ਸ਼ਕਤੀ ਅਤੇ ਬੰਦੂਕਾਂ ਦੀ



ਬੇਕਾਰਤਾ ਨੂੰ ਸਮਝਿਆ। ਰਾਸਟਰਪਿਤਾ ਮਹਾਤਮਾ ਗਾਂਧੀ ਦੀ ਜਯੰਤੀ ਮੌਕੇ ਅੱਜ ਰਾਜ ਭਵਨ ਵਿਖੇ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਸਿਨਹਾ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਵਿਚ ਇਤਿਹਾਸਕ ਵੋਟਿੰਗ ਹੋਈ, ਕਿਉਂਕਿ ਇਹ ਚੋਣਾਂ ਪੂਰੇ ਕੇਂਦਰ ਸਾਸਿਤ ਪ੍ਰਦੇਸ ਵਿਚ ਸਾਂਤੀਪੂਰਵਕ ਨੇਪਰੇ ਚੜ੍ਹੀਆਂ। ਸਿਨਹਾ ਨੇ ਕਿਹਾ ਕਿ ਸਿਆਸੀ ਪਾਰਟੀਆਂ ਦੇ ਉਮੀਦਵਾਰ ਅੱਧੀ ਰਾਤ ਤੱਕ ਸਿਆਸੀ ਰੈਲੀਆਂ ਅਤੇ ਰੋਡ ਸੋਅ ਵਿਚ ਲੱਗੇ ਰਹੇ। ਉਮੀਦਵਾਰਾਂ ਦੇ ਨਾਲ-ਨਾਲ ਵੋਟਰਾਂ ਵਿਚ ਵੀ ਭਾਰੀ ਉਤਸਾਹ ਦੇਖਣ ਨੂੰ ਮਿਲਿਆ ਹੈ। ਇਸ ਦਾ ਪੂਰਾ ਸਿਹਰਾ ਨੌਜਵਾਨਾਂ ਨੂੰ ਜਾਂਦਾ ਹੈ ਕਿਉਂਕਿ ਉਨ੍ਹਾਂ ਨੇ ਵੱਡੀ ਗਿਣਤੀ ਵਿੱਚ ਵੋਟਾਂ ਪਾਈਆਂ। ਉਨ੍ਹਾਂ ਕਿਹਾ ਕਿ 140 ਕਰੋੜ ਲੋਕਾਂ ਨੇ ਰਿਕਾਰਡ ਗਿਣਤੀ ਵਿਚ ਵੋਟਾਂ ਪਾ ਕੇ ਜੰਮੂ-ਕਸ਼ਮੀਰ ਵਿਚ ਲੋਕਤੰਤਰ ਨੂੰ ਮਜਬੂਤ ਕਰਨ ਵਿਚ ਆਪਣੀ ਦਿਲਚਸਪੀ ਵਿਖਾਈ। ਇਨ੍ਹਾਂ ਚੋਣਾਂ ਵਿਚ ਲੋਕਾਂ ਨੇ ਵਿਖਾ ਦਿੱਤਾ ਕਿ ਹੁਣ ਉਹ ਬੰਦੂਕ ਅਤੇ ਪੱਥਰਾਂ ਵਿਚ ਭਰੋਸਾ ਨਹੀਂ ਰੱਖਦੇ, ਸਗੋਂ ਉਹ ਆਪਣੀਆਂ ਮੰਗਾਂ ਨੂੰ ਪੂਰਾ ਕਰਵਾਉਣ ਲਈ ਵੋਟ ਦਾ ਇਸਤੇਮਾਲ ਕਰਨਾ ਚਾਹੁੰਦੇ ਹਨ। ਨੌਜਵਾਨਾਂ ਨੂੰ ਗਾਂਧੀ ਜੀ ਦੇ ਨਕਸੇ-ਕਦਮਾਂ 'ਤੇ ਚੱਲਣ ਦੀ ਅਪੀਲ ਕਰਦਿਆਂ ਸਿਨਹਾ ਨੇ ਕਿਹਾ ਕਿ ਇਹ ਰਾਸਟਰਪਿਤਾ ਨੂੰ ਸਭ ਤੋਂ ਵਧੀਆ ਸਰਧਾਂਜਲੀ ਹੋਵੇਗੀ। ਸਿਨਹਾ ਨੇ ਕਿਹਾ ਹੁਣ ਇਹ ਨੌਜਵਾਨਾਂ ਦਾ ਫਰਜ ਹੈ ਕਿ ਉਹ ਇਸ ਸਾਂਤੀ ਨੂੰ ਕਾਇਮ ਰੱਖਣ ਅਤੇ ਜੰਮੂ-ਕਸਮੀਰ ਨੂੰ ਨਵੀਆਂ ਬੁਲੰਦੀਆਂ 'ਤੇ ਲਿਜਾਉਣ ਵਿਚ ਯੋਗਦਾਨ ਪਾਉਣ।

# ਮੋਦੀ ਕੈਬਨਿਟ ਦੇ ਵੱਡੇ ਐਲਾਨ, ਦੀਵਾਲੀ ਤੋਂ ਪਹਿਲਾਂ ਕਿਸਾਨਾਂ ਤੇ ਰੇਲ ਕਰਮਚਾਰੀਆਂ ਨੂੰ ਮਿਲੀ ਖੁਸ਼ਖਬਰੀ

**ਸਿੰਮੀ ਕੌਰ ਬੱਬਰ**

ਨੈਸ਼ਨਲ ਡੈਸਕ 3 ਅਕਤੂਬਰ। ਕਿਸਾਨਾਂ ਦੀ ਆਮਦਨ ਵਧਾਉਣ ਅਤੇ ਖੁਰਾਕ ਸੁਰੱਖਿਆ ਦੇ ਮੱਦੇਨਜਰ ਕੈਬਨਿਟ ਨੇ ਵੱਡਾ ਫੈਸਲਾ ਲਿਆ ਹੈ। ਮੋਦੀ ਸਰਕਾਰ ਨੇ ਪ੍ਰਧਾਨ ਮੰਤਰੀ ਰਾਸਟਰ ਕ੍ਰਿਸੀ ਵਿਕਾਸ ਯੋਜਨਾ ਅਤੇ ਕ੍ਰਿਸੀ ਉੱਨਤੀ ਯੋਜਨਾ ਨੂੰ ਮਨਜੂਰੀ ਦੇ ਦਿੱਤੀ ਹੈ। ਇਸ 'ਤੇ 1,01,321 ਕਰੋੜ ਰੁਪਏ ਦੀ ਲਾਗਤ ਆਵੇਗੀ। ਤੁਹਾਨੂੰ ਦੱਸ ਦੇਈਏ ਕਿ ਰਾਸਟਰੀ ਕ੍ਰਿਸੀ ਵਿਕਾਸ ਯੋਜਨਾ (ਆਰ.ਕੇ.ਵੀ.ਵਾਈ.) ਭਾਰਤ ਸਰਕਾਰ ਦੇ ਖੇਤੀਬਾੜੀ ਮੰਤਰਾਲੇ ਦੇ ਖੇਤੀਬਾੜੀ ਅਤੇ ਸਹਿਕਾਰਤਾ ਵਿਭਾਗ (ਡੀ.ਏ.ਸੀ.) ਦੇ ਅਧੀਨ 2007-08 ਤੋਂ ਸੁਰੂ ਕੀਤੀ ਗਈ ਸੀ, ਜਿਸਦਾ ਉਦੇਸ ਖੇਤੀਬਾੜੀ ਸੈਕਟਰ ਵਿੱਚ 4% ਸਲਾਨਾ ਵਾਧਾ ਪ੍ਰਾਪਤ ਕਰਨਾ ਸੀ। ਗਿਆਰ੍ਹਵੀਂ ਪੰਜ ਸਾਲਾ ਯੋਜਨਾ ਦੀ ਮਿਆਦ ਦੌਰਾਨ ਪ੍ਰਾਪਤ ਕਰਨਾ ਸੀ। ਕਿਸਾਨਾਂ ਦੀ ਆਮਦਨ ਵਧਾਉਣ ਦੇ ਨਾਲ-ਨਾਲ ਇਹ ਦੋਵੇਂ ਯੋਜਨਾਵਾਂ ਘੱਟ ਆਮਦਨ ਅਤੇ ਮੱਧ ਆਮਦਨ ਵਾਲੇ ਲੋਕਾਂ ਨੂੰ ਭੋਜਨ ਸੁਰੱਖਿਆ ਲਾਭ ਵੀ ਪ੍ਰਦਾਨ ਕਰਨਗੀਆਂ। ਇਸ ਦੇ ਨਾਲ ਹੀ ਸਰਕਾਰ ਨੇ ਖਾਣ ਵਾਲੇ ਤੇਲ 'ਤੇ ਰਾਸਟਰੀ ਮਿਸਨ ਨੂੰ ਵੀ ਮਨਜੂਰੀ ਦੇ ਦਿੱਤੀ ਹੈ। ਇਸ ਦੇ ਲਈ



ਸਰਕਾਰ 10,103 ਕਰੋੜ ਰੁਪਏ ਖਰਚ ਕਰੇਗੀ। ਸਰਕਾਰ ਨੇ ਚੇਨਈ ਮੈਟਰੋ ਦੇ ਫੇਜ-2 ਨੂੰ ਵੀ ਹਰੀ ਝੰਡੀ ਦੇ ਦਿੱਤੀ ਹੈ, ਜਿਸ 'ਤੇ 63,246 ਕਰੋੜ ਰੁਪਏ ਦੀ ਲਾਗਤ ਆਵੇਗੀ। ਇੰਨਾ ਹੀ ਨਹੀਂ, ਸਰਕਾਰ ਨੇ 5 ਹੋਰ ਭਾਸਾਵਾਂ ਨੂੰ ਕਲਾਸੀਕਲ ਭਾਸਾ ਦਾ ਦਰਜਾ ਦਿੱਤਾ ਹੈ, ਜਿਨ੍ਹਾਂ 'ਚ ਮਰਾਠੀ, ਪਾਲੀ, ਪ੍ਰਾਕ੍ਰਿਤ, ਅਸਾਮੀ ਅਤੇ ਬੰਗਾਲੀ ਸਾਮਲ ਹਨ। ਤਾਮਿਲ, ਸੰਸਕ੍ਰਿਤ, ਤੇਲਗੂ, ਕੰਨੜ, ਮਲਿਆਲਮ ਅਤੇ ਉੜੀਆ ਭਾਸਾਵਾਂ ਪਹਿਲਾਂ ਹੀ ਇਸ ਸ੍ਰੇਣੀ ਵਿੱਚ ਹਨ। ਤੁਹਾਨੂੰ ਦੱਸ ਦੇਈਏ ਕਿ ਸਰਕਾਰ ਰੋਜਗਾਰ ਪੈਦਾ ਕਰਨ 'ਤੇ ਵੀ ਧਿਆਨ ਦੇਵੇਗੀ। ਸਰਕਾਰ ਦਾ ਮੰਨਣਾ ਹੈ ਕਿ ਭਾਸਾਵਾਂ ਨੂੰ ਕਲਾਸੀਕਲ ਭਾਸਾਵਾਂ ਵਜੋਂ ਸਾਮਲ ਕਰਨ ਨਾਲ ਰੁਜਗਾਰ ਦੇ ਮਹੱਤਵਪੂਰਨ ਮੌਕੇ ਪੈਦਾ ਹੋਣਗੇ, ਖਾਸ ਕਰਕੇ ਅਕਾਦਮਿਕ ਅਤੇ ਖੋਜ ਖੇਤਰਾਂ ਵਿੱਚ। ਇਸ ਤੋਂ ਇਲਾਵਾ, ਇਹਨਾਂ ਭਾਸਾਵਾਂ ਵਿੱਚ ਪ੍ਰਾਚੀਨ ਲਿਖਤਾਂ ਦੀ ਸੰਭਾਲ, ਦਸਤਾਵੇਜੀਕਰਨ ਅਤੇ ਡਿਜੀਟਾਈਜੇਸਨ ਸੰਗ੍ਰਹਿ, ਅਨੁਵਾਦ, ਪ੍ਰਕਾਸਨ ਅਤੇ ਡਿਜੀਟਲ ਮੀਡੀਆ ਵਿੱਚ ਨੌਕਰੀਆਂ ਪੈਦਾ ਕਰੇਗੀ। ਇਸ ਵਿੱਚ ਸਾਮਲ ਮੁੱਖ ਰਾਜ ਮਹਾਰਾਸਟਰ (ਮਰਾਠੀ), ਬਿਹਾਰ (ਪਾਲੀ ਅਤੇ ਪ੍ਰਾਕ੍ਰਿਤ), ਪੱਛਮੀ ਬੰਗਾਲ (ਬੰਗਾਲੀ) ਅਤੇ ਅਸਮ (ਅਸਾਮੀ) ਹਨ। ਤੁਹਾਨੂੰ ਦੱਸ ਦੇਈਏ ਕਿ ਕੇਂਦਰ ਸਰਕਾਰ ਨੇ ਰੇਲਵੇ ਦੇ 11,72,240 ਕਰਮਚਾਰੀਆਂ ਲਈ ਉਤਪਾਦਕ ਲਿੰਕਡ ਬੋਨਸ ਨੂੰ ਵੀ ਮਨਜੂਰੀ ਦੇ ਦਿੱਤੀ ਹੈ। ਸਰਕਾਰ 2029 ਕਰੋੜ ਰੁਪਏ ਦਾ ਬੋਨਸ ਵੰਡੇਗੀ। ਕੈਬਨਿਟ ਨੇ ਰੇਲਵੇ ਕਰਮਚਾਰੀਆਂ ਲਈ 78 ਦਿਨਾਂ ਦੇ ਬੋਨਸ ਨੂੰ ਮਨਜੂਰੀ ਦੇ ਦਿੱਤੀ ਹੈ। ਇਸ ਤੋਂ ਇਲਾਵਾ, ਸਰਕਾਰ ਅਜੇ ਵੀ 58,642 ਅਸਾਮੀਆਂ ਨੂੰ ਭਰਨ ਦੀ ਕੋਸ਼ਿਸ਼ ਕਰ ਰਹੀ ਹੈ।

# ਕੇਂਦਰ ਸਰਕਾਰ ਕੁਝ ਅਰਬਪਤੀਆਂ ਲਈ ਕੰਮ ਕਰ ਰਹੀ : ਰਾਹੁਲ ਗਾਂਧੀ

**ਨਵਦੀਪ ਸਿੰਘ ਸਾਹਨੀ**

ਸੋਨੀਪਤ 3 ਅਕਤੂਬਰ। ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਨਿਸ਼ਾਨਾ ਵਿੰਨ੍ਹਿਆ ਅਤੇ ਗਰੀਬਾਂ ਤੇ ਦਲਿਤਾਂ ਦੀ ਅਣਦੇਖੀ ਕਰਦੇ ਹੋਏ ਦੇਸ਼ ਦੇ ਕੁਝ ਅਰਬਪਤੀਆਂ ਲਈ ਕੰਮ ਕਰਨ ਦਾ ਦੋਸ਼ ਲਗਾਇਆ। ਰਾਹੁਲ ਗਾਂਧੀ 5 ਅਕਤੂਬਰ ਨੂੰ ਹੋਣ ਵਾਲੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਤੋਂ ਪਹਿਲੇ ਸੋਨੀਪਤ 'ਚ ਇਕ ਜਨ ਸਭਾ ਨੂੰ ਸੰਬੋਧਨ ਕਰ ਰਹੇ ਸਨ। ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਨਿਸ਼ਾਨਾ ਵਿੰਨ੍ਹਦੇ ਹੋਏ ਦੋਸ਼ ਲਗਾਇਆ ਕਿ ਉਨ੍ਹਾਂ ਦੀ ਸਰਕਾਰ ਸਿਰਫ 'ਕੁਝ ਵੱਡੇ ਉਦਯੋਗਪਤੀਆਂ ਦੇ ਹਿੱਤਾਂ ਦੀ ਸੇਵਾ ਕਰਨ ਲਈ ਕੰਮ ਕਰ ਰਹੀ ਹੈ' ਅਤੇ ਗਰੀਬਾਂ, ਦਲਿਤਾਂ, ਕਿਸਾਨਾਂ ਤੇ ਨੌਜਵਾਨਾਂ ਦੇ ਕਲਿਆਣ ਲਈ ਕੁਝ ਨਹੀਂ ਕਰ ਰਹੀ ਹੈ।" ਕਾਂਗਰਸ ਆਗੂ ਨੇ ਕਿਹਾ,"ਇੱਥੇ ਆਉਂਦੇ ਸਮੇਂ ਇਕ ਵਿਅਕਤੀ ਨੇ ਮੈਨੂੰ ਰੋਕਿਆ। ਉਸ ਨੇ ਮੈਨੂੰ ਦੱਸਿਆ ਕਿ ਉਹ ਇਕ ਛੋਟਾ ਜਿਹਾ ਵਪਾਰ ਚਲਾਉਂਦਾ ਹੈ। ਉਸ ਨੇ ਕਿਹਾ ਕਿ ਮੋਦੀ ਅਤੇ ਹਰਿਆਣਾ ਸਰਕਾਰ ਨੇ ਉਸ ਨੂੰ ਬਰਬਾਦ ਕਰ ਦਿੱਤਾ।" ਰਾਹੁਲ ਨੇ ਕਿਹਾ,"ਜਦੋਂ ਮੈਂ ਉਸ ਤੋਂ ਇਸ ਦਾ ਕਾਰਨ ਪੁੱਛਿਆ ਤਾਂ ਉਸ ਨੇ ਕਿਹਾ ਕਿ ਨੋਟਬੰਦੀ ਲਾਗੂ



ਕੀਤੀ ਗਈ ਅਤੇ ਗਲਤ ਜੀ.ਐੱਸ.ਟੀ. ਲਾਗੂ ਕੀਤੀ ਗਈ। ਜਦੋਂ ਮੈਂ ਪੁੱਛਿਆ ਕਿ ਉਨ੍ਹਾਂ ਨੇ (ਸਰਕਾਰ ਨੇ) ਅਜਿਹਾ ਕਿਉਂ ਕੀਤਾ ਤਾਂ ਉਸ ਨੇ ਮੈਨੂੰ ਦੱਸਿਆ ਕਿ ਉਨ੍ਹਾਂ ਨੇ ਅਡਾਨੀ ਅਤੇ ਅੰਬਾਨੀ ਦੀ ਮਦਦ ਕਰਨ ਲਈ ਅਜਿਹਾ ਕੀਤਾ।" ਕਾਂਗਰਸ ਦੇ ਸਾਬਕਾ ਪ੍ਰਧਾਨ ਨੇ ਕਿਹਾ,"ਹਰ ਕੋਈ ਜਾਣਦਾ ਹੈ ਕਿ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ 2-3 ਅਰਬਪਤੀਆਂ ਦੀ ਮਦਦ ਕਰਨ ਲਈ ਚੱਲ ਰਹੀ ਹੈ। ਤੁਹਾਡੇ ਕੋਲ ਰੁਜਗਾਰ ਦੇ ਜੋ ਵੀ ਰਸਤੇ ਸਨ, ਉਹ ਬੰਦ ਕਰ ਦਿੱਤੇ ਗਏ ਹਨ।" ਉਨ੍ਹਾਂ ਕਿਹਾ ਕਿ ਪਹਿਲੇ ਛੋਟੇ ਅਤੇ ਮੱਧਮ ਵਪਾਰ ਹਰਿਆਣਾ 'ਚ ਰੁਜਗਾਰ ਪੈਦਾ ਕਰਦੇ ਸਨ ਪਰ ਹੁਣ ਇਹ ਬੰਦ ਹੋ ਗਏ ਹਨ। ਰਾਹੁਲ ਨੇ ਦੋਸ਼ ਲਗਾਇਆ ਕਿ ਅਗਨੀਵੀਰ ਯੋਜਨਾ ਫੌਜੀਆਂ ਦੀ ਪੈਨਸ਼ਨ, ਕੰਟੀਨ ਦੀ ਸਹੂਲਤ ਅਤੇ ਉਨ੍ਹਾਂ ਨੂੰ ਮਿਲਣ ਵਾਲੇ ਸ਼ਹੀਦ ਦੇ ਦਰਜੇ ਨੂੰ ਚੋਰੀ ਕਰਨ ਦਾ ਇਕ ਤਰੀਕਾ ਹੈ। ਕਾਂਗਰਸ ਨੇਤਾ ਨੇ ਹਰਿਆਣਾ 'ਚ ਨਸ਼ੀਲੇ ਪਦਾਰਥ ਦਾ ਮੁੱਦਾ ਵੀ ਚੁੱਕਿਆ ਅਤੇ ਅਡਾਨੀ ਵਲੋਂ ਕੰਟਰੋਲ ਗੁਜਾਰਤ ਬੰਦਰਗਾਹ 'ਤੇ ਕਈ ਨਸ਼ੀਲੇ ਪਦਾਰਥਾਂ ਦੀ ਜਬਤੀ ਦਾ ਜਿ਼ਕਰ ਕੀਤਾ। ਉਨ੍ਹਾਂ ਕਿਹਾ,"ਮੈਂ ਮੋਦੀ ਜੀ ਤੋਂ ਪੁੱਛਣਾ ਚਾਹੁੰਦਾ ਹਾਂ ਕਿ ਜਦੋਂ ਤੁਹਾਡੇ ਦੋਸਤ ਅਡਾਨੀ ਦੇ ਬੰਦਰਗਾਹ ਤੋਂ ਹਜਾਰਾਂ ਕਿਲੋਗ੍ਰਾਮ ਹੈਰੋਇਨ ਜਬਤ ਕੀਤੀ ਗਈ ਸੀ ਤਾਂ ਤੁਸੀਂ ਕੀ ਕਾਰਵਾਈ ਕੀਤੀ। ਤੁਸੀਂ ਇਸ ਲਈ ਕਿੰਨੇ ਲੋਕਾਂ ਨੂੰ ਜੇਲ ਭੇਜਿਆ।

## ਪੰਚਾਇਤੀ ਚੋਣਾਂ ਦੌਰਾਨ ਸੂਬੇ ਦੀਆਂ ਔਰਤਾਂ ਲਈ ਪੰਜਾਬ ਸਰਕਾਰ ਦਾ ਵੱਡਾ ਐਲਾਨ

ਚੰਡੀਗੜ੍ਹ 3 ਅਕਤੂਬਰ। ਪੰਜਾਬ ਵਿਚ ਹੋਣ ਵਾਲੀਆਂ ਪੰਚਾਇਤਾਂ ਦੌਰਾਨ ਪੰਜਾਬ ਸਰਕਾਰ ਨੇ ਸੂਬੇ ਦੀ ਔਰਤਾਂ ਲਈ ਵੱਡਾ ਫੈਸਲਾ ਲੈਂਦਿਆਂ ਚੋਣਾਂ ਵਿਚ ਬੀਬੀ ਲਈ 50 ਫੀਸਦ ਸੀਟਾਂ ਰਾਖਵੀਆਂ ਰੱਖੀਆਂ ਹਨ। ਸਰਕਾਰ ਦੇ ਇਸ ਫੈਸਲੇ ਦਾ ਪੰਜਾਬ ਦੀਆਂ ਮਹਿਲਾਵਾਂ ਵਲੋਂ ਸਵਾਗਤ ਕੀਤਾ ਜਾ ਰਿਹਾ ਹੈ। ਮਹਿਲਾਵਾਂ ਦਾ ਕਹਿਣਾ ਹੈ ਕਿ ਹਰ ਖੇਤਰ 'ਚ ਉਹ ਸਫਲਤਾ ਹਾਸਿਲ ਕਰ ਰਹੀਆਂ ਹਨ, ਲਿਹਾਜਾ ਪੰਜਾਬ ਸਰਕਾਰ ਦਾ ਇਹ ਕਦਮ ਸ਼ਲਾਘਾਯੋਗ ਹੈ। ਸੂਤਰਾਂ ਮੁਤਾਬਕ ਇਕੱਲੇ ਜਲੰਧਰ ਜਿ਼ਲ੍ਹੇ ਦੇ 950 ਦੇ ਕਰੀਬ ਪਿੰਡ ਹਨ ਤੇ ਲਗਪਗ ਅੱਧੇ ਪਿੰਡਾਂ ਵਿਚ ਔਰਤਾਂ ਹੀ ਸਰਪੰਚ ਬਣਨਗੀਆਂ। ਔਰਤਾਂ ਲਈ 50 ਫੀਸਦ ਰਾਖਵਾਂਕਰਨ ਕੀਤੇ ਜਾਣ ਕਾਰਨ ਔਰਤ ਲੀਡਰਾਂ ਦੀ ਘਾਟ ਪਿੰਡਾਂ ਵਿਚ ਰੜਕਣ ਲੱਗ ਪਈ ਹੈ। ਜਲੰਧਰ ਪੂਰਬੀ ਬਲਾਕ ਵਿਚ 78 ਪਿੰਡ ਹਨ, ਇਨ੍ਹਾਂ 'ਚੋਂ 22 ਪਿੰਡ ਐੱਸਸੀ ਭਾਈਚਾਰੇ ਲਈ ਰਾਖਵੇਂ ਹਨ ਅਤੇ 22 ਪਿੰਡ ਹੀ ਐੱਸਸੀ ਭਾਈਚਾਰੇ ਦੀਆਂ ਔਰਤਾਂ ਲਈ ਰਾਖਵੇਂ ਹਨ। ਜਨਰਲ ਵਰਗ ਦੀਆਂ ਔਰਤਾਂ ਲਈ ਵੀ 17 ਪਿੰਡਾਂ ਰਾਖਵੇਂ ਰੱਖੇ ਗਏ ਹਨ। ਬਾਕੀ ਬਚੇ 17 ਪਿੰਡ ਜਨਰਲ ਵਰਗ ਲਈ ਹਨ।



## ਪ੍ਰਸ਼ਾਂਤ ਕਿਸੋਰ ਨੇ 'ਜਨ ਸੁਰਾਜ ਪਾਰਟੀ' ਦੇ ਨਾਂ ਨਾਲ ਬਣਾਈ ਆਪਣੀ ਸਿਆਸੀ ਪਾਰਟੀ

ਪਟਨਾ 3 ਅਕਤੂਬਰ। ਚੋਣ ਰਣਨੀਤੀਕਾਰ ਤੋਂ ਨੇਤਾ ਬਣੇ ਪ੍ਰਸਾਂਤ ਕਿਸੋਰ ਨੇ ਬੁੱਧਵਾਰ ਨੂੰ 'ਜਨ ਸੁਰਾਜ ਪਾਰਟੀ' ਦੇ ਨਾਂ ਨਾਲ ਆਪਣੀ ਸਿਆਸੀ ਪਾਰਟੀ ਬਣਾਉਣ ਦਾ ਐਲਾਨ ਕੀਤਾ। ਕਿਸੋਰ ਨੇ ਬੁੱਧਵਾਰ ਨੂੰ ਪਟਨਾ ਦੇ



ਵੈਟਰਨਰੀ ਕਾਲਜ ਮੈਦਾਨ 'ਚ ਕਰਵਾਏ ਇਕ ਪ੍ਰੋਗਰਾਮ ਦੌਰਾਨ ਇਹ ਐਲਾਨ ਕੀਤਾ। ਇਸ ਦੌਰਾਨ ਸਾਬਕਾ ਕੇਂਦਰੀ ਮੰਤਰੀ ਦੇਵੇਂਦਰ ਪ੍ਰਸਾਦ ਯਾਦਵ, ਡਿਪਲੋਮੈਟ ਤੋਂ ਸਿਆਸਤਦਾਨ ਬਣੇ ਪਵਨ ਵਰਮਾ ਅਤੇ ਸਾਬਕਾ ਸੰਸਦ ਮੈਂਬਰ ਮੋਨਾਜੀਰ ਹਸਨ ਸਮੇਤ ਕਈ ਮੰਨੀਆਂ-ਪ੍ਰਮੰਨੀਆਂ ਹਸਤੀਆਂ ਮੌਜੂਦ ਸਨ। ਕਿਸੋਰ ਨੇ ਚੰਪਾਰਨ ਤੋਂ ਸੂਬੇ ਤੱਕ ਤਿੰਨ ਹਜਾਰ ਕਿਲੋਮੀਟਰ ਤੋਂ ਵੱਧ ਲੰਬੀ 'ਪੈਦਲ ਯਾਤਰਾ' ਸੁਰੂ ਕਰਨ ਤੋਂ ਦੋ ਸਾਲ ਬਾਅਦ ਹੀ ਇਸ ਪਾਰਟੀ ਦਾ ਗਠਨ ਕੀਤਾ, ਜਿਸ ਦਾ ਉਦੇਸ ਸੂਬੇ ਦੇ ਲੋਕਾਂ ਨੂੰ 'ਨਵਾਂ ਸਿਆਸੀ ਬਦਲ' ਦੇ ਕੇ ਸੰਗਠਿਤ ਕਰਨਾ ਹੈ। ਇਹ ਚੰਪਾਰਨ ਤੋਂ ਹੀ ਸੀ ਕਿ ਮਹਾਤਮਾ ਗਾਂਧੀ ਨੇ ਦੇਸ ਵਿਚ ਪਹਿਲਾ "ਸੱਤਿਆਗ੍ਰਹਿ" ਸੁਰੂ ਕੀਤਾ ਸੀ। ਮਨੋਜ ਭਾਰਤੀ ਨੂੰ ਪਾਰਟੀ ਦਾ ਪਹਿਲਾ ਪ੍ਰਧਾਨ ਬਣਾਇਆ ਗਿਆ ਹੈ। ਮਨੋਜ ਭਾਰਤੀ ਦਲਿਤ ਭਾਈਚਾਰੇ ਨਾਲ ਸਬੰਧਤ ਹਨ ਅਤੇ ਮਧੂਬਨੀ ਜਿ਼ਲ੍ਹੇ ਦੇ ਰਹਿਣ ਵਾਲੇ ਹਨ। ਇਸ ਦੌਰਾਨ ਪ੍ਰਸਾਂਤ ਕਿਸੋਰ ਨੇ ਕਿਹਾ ਕਿ ਜਨ ਸੁਰਾਜ ਅਭਿਆਨ ਪਿਛਲੇ 2-3 ਸਾਲਾਂ ਤੋਂ ਚੱਲ ਰਿਹਾ ਹੈ। ਲੋਕ ਪੁੱਛ ਰਹੇ ਹਨ ਕਿ ਅਸੀਂ ਪਾਰਟੀ ਕਦੋਂ ਬਣਾਂਗੇ। ਸਾਨੂੰ ਸਾਰਿਆਂ ਨੂੰ ਪ੍ਰਮਾਤਮਾ ਦਾ ਸੁਕਰਾਨਾ ਕਰਨਾ ਚਾਹੀਦਾ ਹੈ, ਅੱਜ ਚੋਣ ਕਮਿਸਨ ਨੇ ਅਧਿਕਾਰਤ ਤੌਰ 'ਤੇ ਜਨ ਸੁਰਾਜ ਨੂੰ ਜਨ ਸੁਰਾਜ ਪਾਰਟੀ ਵਜੋਂ ਸਵੀਕਾਰ ਕਰ ਲਿਆ ਹੈ।

## ਟੁੱਟੇ ਟ੍ਰੈਕ 'ਤੇ ਹੀ ਚਲਾ ਦਿੱਤੀ ਐਕਸਪ੍ਰੈੱਸ ਟਰੇਨ ! ਵਾਲ-ਵਾਲ ਟਲਿਆ ਵੱਡਾ ਹਾਦਸਾ

ਨੈਸ਼ਨਲ ਡੈਸਕ 3 ਅਕਤੂਬਰ। ਤਿਰੂਵਨੰਤਪੁਰਮ ਤੋਂ ਨਵੀਂ ਦਿੱਲੀ ਜਾ ਰਹੀ ਕੇਰਲ ਐਕਸਪ੍ਰੈੱਸ ਵੱਡੇ ਹਾਦਸੇ ਦਾ ਸਿ਼ਕਾਰ ਹੋਣ ਤੋਂ ਵਾਲ-ਵਾਲ ਬਚੀ ਹੈ। ਰੇਲਵੇ ਪ੍ਰਸਾਸਨ ਦੀ ਗਲਤੀ ਕਾਰਨ ਲਲਿਤਪੁਰ ਨੇੜੇ ਟੁੱਟੇ ਟ੍ਰੈਕ 'ਤੇ ਟਰੇਨ ਚਲਾ ਦਿੱਤੀ ਗਈ। ਟ੍ਰੈਕ 'ਤੇ ਕੰਮ ਕਰ ਰਹੇ ਰੇਲਵੇ ਕਰਮਚਾਰੀਆਂ ਨੇ ਟਰੇਨ ਨੂੰ ਰੋਕਣ ਲਈ ਲਾਲ ਝੰਡੀ ਦਿਖਾਈ ਪਰ ਉਦੋਂ ਤੱਕ ਟਰੇਨ ਦੇ ਤਿੰਨ ਡੱਬੇ ਟੁੱਟੇ ਟ੍ਰੈਕ ਤੋਂ ਅੱਗੇ ਜਾ ਚੁੱਕੇ ਸਨ। ਜਦੋਂ ਟਰੇਨ ਝਾਂਸੀ ਪਹੁੰਚੀ ਤਾਂ ਯਾਤਰੀਆਂ ਨੇ ਹੰਗਾਮਾ ਕਰ ਦਿੱਤਾ। ਰੇਲਗੱਡੀ ਨੰਬਰ 12625 ਕੇਰਲ ਐਕਸਪ੍ਰੈੱਸ, ਜੋ ਨਿਰਧਾਰਤ ਸਮੇਂ ਤੋਂ 10 ਘੰਟੇ ਦੇਰੀ ਨਾਲ ਚੱਲ ਰਹੀ ਸੀ, ਬੀਨਾ ਦੁਪਹਿਰ 2 ਵਜੇ ਪਹੁੰਚੀ। ਇੱਥੇ ਰੇਲਵੇ ਕਰਮਚਾਰੀ ਟ੍ਰੈਕ ਦੀ ਮੁਰੰਮਤ ਦਾ ਕੰਮ ਕਰ ਰਹੇ ਸਨ ਜਦੋਂ ਦਿਲਵਾੜਾ ਅਤੇ ਲਲਿਤਪੁਰ ਵਿਚਕਾਰ ਟ੍ਰੈਕ ਟੁੱਟ ਗਿਆ। ਇਸ ਦੌਰਾਨ ਕੇਰਲ ਐਕਸਪ੍ਰੈਸ ਤੇਜ ਰਫਤਾਰ ਨਾਲ ਉੱਥੇ ਪਹੁੰਚ ਗਈ। ਇੱਥੇ ਕੰਮ ਕਰ ਰਹੇ ਰੇਲਵੇ ਕਰਮਚਾਰੀਆਂ ਨੇ ਲਾਲ ਝੰਡਾ ਦਿਖਾ ਕੇ ਟਰੇਨ ਨੂੰ ਰੋਕਣ ਦੀ ਕੋਸਿ਼ਸ ਕੀਤੀ ਪਰ ਟਰੇਨ ਨਹੀਂ ਰੁਕੀ। ਇਸ ਤੋਂ ਬਾਅਦ ਰੇਲਵੇ ਕਰਮਚਾਰੀ ਟ੍ਰੈਕ ਛੱਡ ਕੇ ਭੱਜ ਗਏ। ਉਸੇ ਸਮੇਂ, ਜਦੋਂ ਟਰੇਨ ਡਰਾਈਵਰ ਨੇ ਲਾਲ ਝੰਡਾ ਦੇਖਿਆ ਤਾਂ ਉਸਨੇ ਐਮਰਜੈਂਸੀ ਬ੍ਰੇਕ ਲਗਾ ਦਿੱਤੀ। ਪਰ ਉਦੋਂ ਤੱਕ ਟਰੇਨ ਦੇ ਤਿੰਨ ਡੱਬੇ ਟੁੱਟੇ ਟ੍ਰੈਕ ਤੋਂ ਅੱਗੇ ਜਾ ਚੁੱਕੇ ਸਨ। ਅਚਾਨਕ ਬ੍ਰੇਕ ਲੱਗਣ ਕਾਰਨ ਟਰੇਨ 'ਚ ਜੋਰਦਾਰ ਝਟਕਾ ਲੱਗਾ, ਜਿਸ ਕਾਰਨ ਯਾਤਰੀਆਂ 'ਚ ਹੜਕੰਪ ਮਚ ਗਿਆ।

# ਜਗਦੀਸ਼ ਟਾਈਟਲਰ ਦੀ ਪਟੀਸ਼ਨ 'ਤੇ 29 ਨਵੰਬਰ ਨੂੰ ਸੁਣਵਾਈ ਕਰੇਗਾ ਹਾਈ ਕੋਰਟ

**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 3 ਅਕਤੂਬਰ। ਦਿੱਲੀ ਹਾਈ ਕੋਰਟ ਨੇ ਕਿਹਾ ਕਿ ਉਹ ਜਗਦੀਸ਼ ਟਾਈਟਲਰ ਦੀ ਉਸ ਪਟੀਸ਼ਨ 'ਚ 29 ਨਵੰਬਰ ਨੂੰ ਸੁਣਵਾਈ ਕਰੇਗਾ। ਜਿਸ 'ਚ ਕਾਂਗਰਸ ਆਗੂ ਨੇ 1984 ਸਿੱਖ ਵਿਰੋਧੀ ਦੰਗਿਆਂ ਦੌਰਾਨ ਉੱਤਰੀ ਦਿੱਲੀ ਦੇ ਪੁਲ ਬੰਗਸ਼ ਇਲਾਕੇ 'ਚ ਤਿੰਨ ਲੋਕਾਂ ਦੇ ਕਤਲ ਨਾਲ ਸੰਬੰਧਤ ਇਕ ਮਾਮਲੇ 'ਚ ਉਨ੍ਹਾਂ ਖਿ਼ਲਾਫ ਕਤਲ ਅਤੇ ਹੋਰ ਅਪਰਾਧਾਂ ਲਈ ਦੋਸ਼ ਤੈਅ ਕੀਤੇ ਜਾਣ ਨੂੰ ਚੁਣੌਤੀ ਦਿੱਤੀ ਹੈ। ਜਸਟਿਸ ਮਨੋਜ ਕੁਮਾਰ ਓਹਰੀ ਨੇ ਮਾਮਲੇ ਦੀ ਸੰਖੇਪ ਸੁਣਵਾਈ ਤੋਂ ਬਾਅਦ ਟਾਈਟਲਰ ਦੇ ਵਕੀਲ ਨੂੰ ਕੁਝ ਗਵਾਹਾਂ ਦੇ ਬਿਆਨ ਦਰਜ ਕਰਨ ਲਈ ਕਿਹਾ ਜੋ ਰਿਕਾਰਡ 'ਚ ਨਹੀਂ ਹਨ। ਇਸ ਤੋਂ ਬਾਅਦ ਹਾਈਕੋਰਟ ਨੇ ਮਾਮਲੇ ਦੀ ਅਗਲੀ ਸੁਣਵਾਈ 29 ਨਵੰਬਰ ਤੈਅ ਕੀਤੀ। ਟਾਈਟਲਰ ਨੇ ਆਪਣੀ ਪਟੀਸਨ 'ਚ ਦਾਅਵਾ ਕੀਤਾ ਹੈ ਕਿ ਉਹ 'ਬਦਲੇ ਦੀ ਰਾਜਨੀਤੀ' ਦਾ ਸਿ਼ਕਾਰ ਹੋਏ ਹਨ ਅਤੇ ਦਲੀਲ ਦਿੱਤੀ ਕਿ ਉਸ ਵਿਰੁੱਧ ਦੋਸ ਤੈਅ ਕਰਨ ਵਾਲੀ ਅਧੀਨ ਅਦਾਲਤ ਦਾ ਹੁਕਮ 'ਗੈਰ-ਕਾਨੂੰਨੀ' ਸੀ। ਪਟੀਸਨ 'ਚ ਕਿਹਾ



ਗਿਆ ਹੈ,"ਅਧੀਨ ਅਦਾਲਤ ਨੇ ਸਥਾਪਿਤ ਸਿਧਾਂਤਾਂ ਦੀ ਅਣਦੇਖੀ ਕਰਦੇ ਹੋਏ ਪਟੀਸਨਕਰਤਾ ਖਿ਼ਲਾਫ ਗਲਤ ਤਰੀਕੇ ਨਾਲ ਦੋਸ ਤੈਅ ਕੀਤੇ ਹਨ।" ਸੁਣਵਾਈ ਦੌਰਾਨ ਟਾਈਟਲਰ ਦੇ ਵਕੀਲ ਨੇ ਦਲੀਲ ਦਿੱਤੀ ਕਿ ਘਟਨਾ ਦੇ ਸਮੇਂ ਉਹ ਮੌਕੇ 'ਤੇ ਮੌਜੂਦ ਨਹੀਂ ਸਨ। ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਦੇ ਵਕੀਲ ਅਤੇ ਪੀੜਤਾਂ ਨੇ ਪਟੀਸ਼ਨ ਦਾ ਵਿਰੋਧ ਕੀਤਾ। ਉਨ੍ਹਾਂ ਕਿਹਾ ਕਿ ਪਟੀਸ਼ਨ 'ਤੇ ਪਹਿਲਾਂ ਹੀ ਫੈਸਲਾ ਹੋ ਚੁੱਕਿਆ ਹੈ ਅਤੇ ਹਾਈ ਕੋਰਟ ਨੇ ਇਸ ਨੂੰ ਖਾਰਜ ਕਰ ਦਿੱਤਾ ਸੀ। ਆਪਣੀ ਪਟੀਸ਼ਨ 'ਚ ਟਾਈਟਲਰ ਨੇ ਦਾਅਵਾ ਕੀਤਾ ਕਿ ਉਨ੍ਹਾਂ ਖਿ਼ਲਾਫ ਲੱਗੇ ਦੋਸ਼ਾਂ ਦੀ ਪੁਸ਼ਟੀ ਕਰਨ ਲਈ ਕੋਈ ਭਰੋਸੇਯੋਗ ਸਬੂਤ ਨਹੀਂ ਹੈ ਅਤੇ ਅਧੀਨ ਅਦਾਲਤ ਦਾ ਆਦੇਸ਼ ਗਲਤ ਹੈ, ਇਸ ਨੂੰ ਰੱਦ ਕੀਤਾ ਜਾਣਾ ਚਾਹੀਦਾ। ਉਨ੍ਹਾਂ ਦੋਸ਼ ਲਗਾਇਆ ਕਿ ਇਹ ਪਟੀਸ਼ਨਕਰਤਾ ਨੂੰ ਤੰਗਾ ਕਰਨ ਅਤੇ ਰਾਜਨੀਤਕ ਬਦਲੇ ਦਾ ਇਕ ਮਾਮਲਾ ਹੈ, ਜਿਸ 'ਚ ਚਾਰ ਦਹਾਕੇ ਤੋਂ ਵੀ ਪਹਿਲੇ ਦੇ ਅਪਰਾਧ ਲਈ ਉਨ੍ਹਾਂ ਨੂੰ ਹੁਣ ਮੁਕੱਦਮੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ।" ਟਾਈਟਲਰ ਨੇ ਕਿਹਾ ਕਿ ਉਹ 80 ਦੇ ਹਨ ਅਤੇ ਦਿਲ ਰੋਗ ਤੇ ਸ਼ੂਗਰ ਸਮੇਤ ਕਈ ਬੀਮਾਰੀਆਂ ਨਾਲ ਪੀੜਤ ਹਨ। ਉਨ੍ਹਾਂ ਨੇ ਮਾਮਲੇ 'ਚ ਉਨ੍ਹਾਂ ਖਿ਼ਲਾਫ ਦੋਸ਼ ਤੈਅ ਕਰਨ ਦੇ ਨਿਰਦੇਸ਼ ਦੇਣ ਵਾਲੇ ਅਧੀਨ ਅਦਾਲਤ ਦੇ 30 ਅਗਸਤ ਦੇ ਆਦੇਸ਼ ਨੂੰ ਰੱਦ ਕਰਨ ਦੀ ਅਪੀਲ ਕੀਤੀ ਹੈ।



# ਪੰਚਾਇਤੀ ਚੋਣਾਂ ਨੂੰ ਲੈ ਕੇ ਸਖਤ ਹੁਕਮ, ਉਮੀਦਵਾਰਾਂ ਲਈ ਜਾਰੀ ਹੋਇਆ ਵੱਡਾ ਫਰਮਾਨ

ਚੰਡੀਗੜ੍ਹ 3 ਅਕਤੂਬਰ। ਪੰਜਾਬ ਵਿਚ ਹੋਣ ਜਾ ਰਹੀਆਂ ਪੰਚਾਇਤਾਂ ਚੋਣਾਂ ਨੂੰ ਲੈ ਕੇ ਅਹਿਮ ਜਾਣਕਾਰੀ ਸਾਹਮਣੇ ਆਈ ਹੈ। ਜਿਸ ਮੁਤਾਬਕ 'ਡਿਫਾਲਟਰ' ਵਿਅਕਤੀ ਪੰਚਾਇਤ ਚੋਣਾਂ ਨਹੀਂ ਲੜ ਸਕਣਗੇ ਕਿਉਂਕਿ ਚੋਣ ਲੜਨ ਦੇ ਚਾਹਵਾਨ ਉਮੀਦਵਾਰਾਂ ਨੂੰ 'ਕੋਈ ਬਕਾਇਆ ਨਹੀਂ' ਦਾ ਸਰਟੀਫਿਕੇਟ ਪੇਸ਼ ਕਰਨਾ ਪਵੇਗਾ। ਪੰਜਾਬ ਰਾਜ ਚੋਣ ਕਮਿਸ਼ਨ ਨੇ ਡਿਪਟੀ ਕਮਿਸ਼ਨਰਾਂ ਨੂੰ ਪੱਤਰ ਜਾਰੀ ਕੀਤਾ ਹੈ, ਜਿਸ ਵਿਚ ਪੰਚਾਇਤ ਚੋਣਾਂ ਦੇ ਉਮੀਦਵਾਰਾਂ ਨੂੰ 'ਕੋਈ ਇਤਰਾਜ਼ ਨਹੀਂ' ਸਰਟੀਫਿਕੇਟ ਲੈਣ ਲਈ ਕਿਹਾ ਗਿਆ ਹੈ। ਪੰਚਾਇਤ ਚੋਣਾਂ ਲਈ, ਜਦੋਂ ਉਮੀਦਵਾਰ ਨਾਮਜ਼ਦਗੀ ਪੱਤਰ ਦਾਖਲ ਕਰਨਗੇ ਤਾਂ ਉਨ੍ਹਾਂ ਨੂੰ ਇਸ ਲਈ ਸਬੰਧਿਤ ਪੰਚਾਇਤ ਤੋਂ 'ਕੋਈ ਇਤਰਾਜ ਨਹੀਂ' ਜਾਂ 'ਕੋਈ ਬਕਾਇਆ ਨਹੀਂ' ਸਰਟੀਫਿਕੇਟ ਲੈਣਾ ਲਾਜਮੀ ਹੋਵੇਗਾ। ਸਰਪੰਚ ਅਤੇ ਪੰਚ ਲਈ ਚੋਣ ਲੜਨ ਵਾਲੇ ਉਮੀਦਵਾਰਾਂ ਖ਼ਿਲਾਫ ਪੰਚਾਇਤ ਦਾ ਕਿਸੇ ਵੀ ਤਰ੍ਹਾਂ ਦਾ ਕੋਈ ਬਕਾਇਆ ਨਹੀਂ ਹੋਣਾ ਚਾਹੀਦਾ ਹੈ। ਜਿਨ੍ਹਾਂ ਉਮੀਦਵਾਰਾਂ ਵੱਲ ਕਿਸੇ ਵੀ ਕਿਸਮ ਦਾ ਕੋਈ ਬਕਾਇਆ ਹੋਵੇਗਾ, ਉਸ ਨੂੰ ਚੋਣ ਲੜਨ ਦਾ ਮੌਕਾ ਨਹੀਂ ਮਿਲੇਗਾ। ਜਿਹੜੇ ਸਾਬਕਾ ਸਰਪੰਚ ਇਸ ਵਾਰ ਚੋਣ ਮੈਦਾਨ ਵਿਚ ਖੜ੍ਹਨਗੇ, ਉਨ੍ਹਾਂ ਲਈ ਇਹ ਦੱਸਣਾ ਵੀ ਲਾਜ਼ਮੀ ਹੋਵੇਗਾ ਕਿ ਉਨ੍ਹਾਂ ਨੇ ਪੰਚਾਇਤੀ ਰਿਕਾਰਡ ਸਬੰਧਤ ਅਥਾਰਿਟੀ ਕੋਲ ਜਮ੍ਹਾਂ ਕਰਵਾ ਦਿੱਤਾ ਹੈ ਜਾਂ ਨਹੀਂ। ਜਿਨ੍ਹਾਂ ਲੋਕਾਂ ਨੇ ਪੰਚਾਇਤੀ ਜ਼ਮੀਨਾਂ 'ਤੇ ਅਣ-ਅਧਿਕਾਰਤ ਕਬਜ਼ਾ ਕੀਤਾ ਹੋਇਆ ਹੈ, ਉਹ ਵੀ ਪੰਚਾਇਤੀ ਚੋਣ ਨਹੀਂ ਲੜ ਸਕਣਗੇ। ਪੰਜਾਬ ਸਰਕਾਰ ਨੇ ਇਸ ਵੇਲੇ ਪੰਚਾਇਤਾਂ ਦੀ ਥਾਂ ਪ੍ਰਬੰਧਕ ਲਾਏ ਹੋਏ ਹਨ ਜਿਨ੍ਹਾਂ ਵੱਲੋਂ 'ਕੋਈ ਬਕਾਇਆ ਨਹੀਂ' ਦੇ ਸਰਟੀਫਿਕੇਟ ਜਾਰੀ ਕੀਤੇ ਜਾਣਗੇ। ਦੂਜੇ ਪਾਸੇ ਪੰਜਾਬ ਰਾਜ ਚੋਣ ਕਮਿਸ਼ਨ ਐਕਟ 1994 ਦਾ ਹਵਾਲਾ ਦੇ ਕੇ ਰਾਜ ਚੋਣ ਕਮਿਸ਼ਨ ਨੇ ਇਕ ਬਦਲਵਾਂ ਰਾਹ ਵੀ ਕੱਢਿਆ ਹੈ, ਜਿਸ ਬਾਰੇ ਡਿਪਟੀ ਕਮਿਸ਼ਨਰਾਂ ਨੂੰ ਸੂਚਨਾ ਭੇਜੀ ਗਈ ਹੈ। ਚੋਣ ਕਮਿਸ਼ਨ ਦਾ ਕਹਿਣਾ ਹੈ ਕਿ ਜਿਨ੍ਹਾਂ ਉਮੀਦਵਾਰਾਂ ਕੋਲ 'ਕੋਈ ਇਤਰਾਜ਼ ਨਹੀਂ' ਸਰਟੀਫਿਕੇਟ ਨਹੀਂ ਹੋਵੇਗਾ, ਉਹ ਇਸ ਦੀ ਥਾਂ ਹਲਫੀਆ ਬਿਆਨ ਦੇ ਸਕਦੇ ਹਨ। ਹਲਫੀਆ ਬਿਆਨ 'ਚ ਉਹ ਪੰਚਾਇਤੀ ਸੰਸਥਾਵਾਂ ਦਾ ਕੋਈ ਬਕਾਇਆ ਨਾ ਹੋਣ ਤੇ ਪੰਚਾਇਤੀ ਜ਼ਮੀਨ 'ਤੇ ਕੋਈ ਨਾਜਾਇਜ਼ ਕਬਜ਼ਾ ਨਾ ਕੀਤੇ ਜਾਣ ਬਾਰੇ ਬਿਆਨ ਕਰਨਗੇ। ਜਦੋਂ ਰਿਟਰਨਿੰਗ ਅਫਸਰ ਕੋਲ ਇਹ ਹਲਫੀਆ ਬਿਆਨ ਪੁੱਜੇਗਾ ਤਾਂ ਉਹ ਸਬੰਧਤ ਅਥਾਰਟੀ ਤੋਂ ਇਸ ਬਾਰੇ ਤਸਦੀਕ ਕਰੇਗਾ। ਦੱਸਣਯੋਗ ਹੈ ਕਿ ਪਿਛਲੇ ਸਮੇਂ ਦੌਰਾਨ ਅਧਿਕਾਰੀਆਂ ਦੀਆਂ ਹੋਈਆਂ ਮੀਟਿੰਗਾਂ ਵਿਚ ਬਿਜਲੀ ਮਹਿਕਮੇ ਦੇ ਉੱਚ ਅਫਸਰਾਂ ਨੇ ਵੀ 'ਕੋਈ ਬਕਾਇਆ ਨਹੀਂ' ਦਾ ਮੁੱਦਾ ਚੁੱਕਿਆ ਸੀ। ਬਿਜਲੀ ਵਿਭਾਗ ਦੇ ਅਧਿਕਾਰੀਆਂ ਨੇ ਮੰਗ ਕੀਤੀ ਸੀ ਕਿ ਪੰਚਾਇਤੀ ਚੋਣਾਂ ਲੜਨ ਵਾਲਿਆਂ ਲਈ ਪਾਵਰਕੌਮ ਤੋਂ 'ਕੋਈ ਬਕਾਇਆ ਨਹੀਂ' ਸਰਟੀਫਿਕੇਟ ਲੈਣਾ ਲਾਜ਼ਮੀ ਕੀਤਾ ਜਾਵੇ। ਉਨ੍ਹਾਂ ਇਹ ਵੀ ਸਲਾਹ ਦਿੱਤੀ ਸੀ ਕਿ ਜਿਹੜੇ ਲੋਕ ਬਿਜਲੀ ਚੋਰੀ ਕਰਦੇ ਫੜੇ ਗਏ ਹਨ, ਉਨ੍ਹਾਂ ਨੂੰ ਚੋਣ ਲੜਨ ਦਾ ਮੌਕਾ ਨਾ ਦਿੱਤਾ ਜਾਵੇ।




## ਠੱਗਾਂ ਨੇ ਅਜਮਾਇਆ ਨਵਾਂ ਪੈਂਤਰਾ, ਪੈਟਰੋਲ ਪੰਪ ਦਿਵਾਉਣ ਦੇ ਨਾਂ 'ਤੇ ਠੱਗ ਲਏ ਕਰੋੜਾਂ ਰੁਪਏ

ਨੈਸ਼ਨਲ ਡੈਸਕ 3 ਅਕਤੂਬਰ। ਠੱਗ ਆਏ ਦਿਨ ਲੋਕਾਂ ਨੂੰ ਠੱਗਣ ਲਈ ਨਵੇਂ-ਨਵੇਂ ਪੈਂਤਰੇ ਅਜਮਾਉਂਦੇ ਰਹਿੰਦੇ ਹਨ। ਕਦੇ ਫੋਨ 'ਤੇ ਲਿੰਕ ਭੇਜ ਕੇ ਤੇ ਕਦੇ ਫਰਜੀ ਕਾਲ ਕਰ ਕੇ ਉਹ ਭੋਲੇ-ਭਾਲੇ ਲੋਕਾਂ ਨੂੰ ਫ਼ਾਂਸੇ 'ਚ ਲੈ ਕੇ ਆਪਣਾ ਸ਼ਿਕਾਰ ਬਣਾ ਹੀ ਲੈਂਦੇ ਹਨ। ਇਸੇ ਦੌਰਾਨ ਦਿੱਲੀ ਤੋਂ ਇਕ ਅਜਿਹਾ ਹੀ ਮਾਮਲਾ ਸਾਹਮਣੇ ਆ ਰਿਹਾ ਹੈ, ਜਿੱਥੇ ਇਕ ਵਿਅਕਤੀ ਨਾਲ ਪੈਟਰੋਲ ਤੇ ਸੀ.ਐੱਨ.ਜੀ. ਪੰਪ ਦਿਵਾਉਣ ਦੇ ਨਾਂ 'ਤੇ 2 ਕਰੋੜ 39 ਲੱਖ ਰੁਪਏ ਦੀ ਠੱਗੀ ਹੋ ਗਈ ਹੈ। ਇਹ ਕਰੋੜਾਂ ਦੀ ਠੱਗੀ ਮਾਰਨ ਵਾਲੇ ਪੈਟਰੋਲੀਅਮ ਵਿਭਾਗ ਦੇ ਮੁਲਾਜਮ ਸਮੇਤ 3 ਵਿਅਕਤੀਆਂ ਨੂੰ ਸਪੈਸ਼ਲ ਸੈੱਲ ਦੀ ਆਈ.ਐੱਫ.ਐੱਸ.ਓ. ਯੂਨਿਟ ਨੇ ਗ੍ਰਿਫਤਾਰ ਕਰ ਲਿਆ ਹੈ। ਮੁਲਜਮਾਂ ਦੇ ਕਬਜੇ 'ਚੋਂ 2 ਮੋਬਾਈਲ ਫੋਨ ਤੇ ਸਿਮ ਕਾਰਡ, ਫਰਜੀ ਆਈ.ਜੀ.ਐੱਲ. ਪੱਤਰ, ਐੱਨ.ਓ.ਸੀ., ਚਲਾਨ, ਏਰੀਆ ਬਲਾਕਿੰਗ ਫੀਸ ਸਰਟੀਫਿਕੇਟ ਤੇ ਹੋਰ ਦਸਤਾਵੇਜ ਜਬਤ ਕੀਤੇ ਗਏ ਹਨ। ਮੁਲਜਮਾਂ ਦੀ ਪਛਾਣ ਅਮਿਤ ਕੁਮਾਰ ਪਾਂਡੇ, ਅਮਰਿੰਦਰ ਕੁਮਾਰ ਤੇ ਅਮਰ ਸਿੰਘ ਵਜੋਂ ਹੋਈ ਹੈ।

## ਡੰਪਰ ਦੀ ਟੱਕਰ ਨਾਲ ਸਕੂਲ ਜਾ ਰਹੀ ਨਾਬਾਲਗ ਵਿਦਿਆਰਥਣ ਦੀ ਮੌਤ, ਪਿਤਾ ਜਖਮੀ

ਮੁੰਬਈ 3 ਅਕਤੂਬਰ। ਮੁੰਬਈ 'ਚ ਮੰਗਲਵਾਰ ਸਵੇਰੇ ਇਕ ਤੇਜ ਰਫਤਾਰ ਡੰਪਰ ਦੀ ਟੱਕਰ ਨਾਲ ਸਕੂਲ ਜਾ ਰਹੀ ਇਕ 13 ਸਾਲਾ ਸਕੂਲੀ ਵਿਦਿਆਰਥਣ ਦੀ ਮੌਤ ਹੋ ਗਈ, ਜਦਕਿ ਉਸ ਦਾ ਪਿਤਾ ਜਖਮੀ ਹੋ ਗਿਆ। ਇਕ ਪੁਲਸ ਅਧਿਕਾਰੀ ਨੇ ਇਸ ਘਟਨਾ ਦੀ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਇਹ ਘਟਨਾ ਗੋਰੇਗਾਂਵ ਇਲਾਕੇ 'ਚ ਫ਼ਿਲਮ ਸਿਟੀ ਰੋਡ 'ਤੇ ਸਵੇਰੇ 7.45 ਵਜੇ ਵਾਪਰੀ। ਸਥਾਨਕ ਲੋਕਾਂ ਨੇ ਡੰਪਰ ਚਾਲਕ ਨੂੰ ਫੜ ਕੇ ਪੁਲਸ ਦੇ ਹਵਾਲੇ ਕਰ ਦਿੱਤਾ। ਅਧਿਕਾਰੀ ਨੇ ਦੱਸਿਆ ਕਿ ਲੜਕੀ ਆਪਣੇ ਪਿਤਾ ਨਾਲ ਮੋਟਰਸਾਈਕਲ 'ਤੇ ਸਕੂਲ ਜਾ ਰਹੀ ਸੀ ਕਿ ਅਚਾਨਕ ਡੰਪਰ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ। ਦਿੰਡੋਸ਼ੀ ਪੁਲਸ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਨਾਬਾਲਗ ਦੀ ਪਛਾਣ ਵਨਮਈ ਮੋਰੇ ਵਜੋਂ ਹੋਈ ਹੈ, ਜਿਸ ਦੇ ਸਿਰ ਵਿੱਚ ਸੱਟ ਲੱਗੀ ਹੈ ਅਤੇ ਉਸਦੀ ਮੌਕੇ 'ਤੇ ਮੌਤ ਹੋ ਗਈ। ਹਾਦਸੇ ਵਿਚ ਜਖਮੀ ਹੋਣ ਕਾਰਨ ਉਸ ਦੇ ਪਿਤਾ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦਾ ਇਲਾਜ ਕੀਤਾ ਜਾ ਰਿਹਾ ਹੈ। ਪੁਲਸ ਨੇ ਦੱਸਿਆ ਕਿ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

## ਲੋਕਾਂ ਨਾਲ ਭਰੀ ਗੱਡੀ ਨਾਲ ਵਾਪਰਿਆ ਭਿਆਨਕ ਹਾਦਸਾ, ਪੈ ਗਈਆਂ ਭਾਜੜਾਂ

ਸਮਰਾਲਾ/ਮਾਛੀਵਾੜਾ ਸਾਹਿਬ 3 ਅਕਤੂਬਰ। ਸਮਰਾਲਾ ਦੇ ਨਜਦੀਕੀ ਪਿੰਡ ਗੜੀ ਤਰਖਾਣਾ ਤੋਂ ਪ੍ਰਵਾਸੀ ਖੇਤ ਮਜਦੂਰ ਲੇਬਰ ਨੂੰ ਟੈਂਪੂ ਵਿਚ ਭਰ ਕੇ ਲੈ ਕੇ ਜਾਂਦਾ ਹੋਇਆ ਟੈਂਪੂ ਸੜਕ 'ਤੇ ਲੱਗੇ ਹੋਏ ਦਰੱਖਤ ਨਾਲ ਟਕਰਾਇਆ, ਜਿਸ ਨਾਲ ਕਰੀਬ 12 ਖੇਤ ਮਜਦੂਰ ਜਖਮੀ ਹੋ ਗਏ, ਜਿਨ੍ਹਾਂ ਨੂੰ ਸਮਰਾਲਾ ਦੇ ਸਿਵਲ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ। ਜਖਮੀਆਂ ਵਿਚ ਔਰਤਾਂ ਅਤੇ ਬੱਚੇ ਵੀ ਸਾਮਲ ਹਨ। ਜਿੱਥੇ ਇਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਗੱਡੀ ਵਿਚ ਸਵਾਰ ਜਖਮੀ ਰਾਹੁਲ ਨੇ ਦੱਸਿਆ




ਹਰ ਰੋਜ ਦੀ ਤਰ੍ਹਾਂ ਅੱਜ ਵੀ ਪਿੰਡ ਗੜੀ ਤਰਖਾਣਾ ਤੋਂ ਕੰਮ ਕਰਨ ਲਈ ਮਜਦੂਰ ਪਿਕਅਪ ਗੱਡੀ ਵਿਚ ਸਵਾਰ ਹੋ ਕੇ ਜਾ ਰਹੇ ਸਨ। ਡਰਾਈਵਰ ਨੇ ਕੋਈ ਨਸ਼ਾ ਕੀਤਾ ਹੋਇਆ ਸੀ, ਜਿਸ ਕਾਰਨ ਮਹਿੰਦਰ ਪਿਕਅਪ ਦਰੱਖਤ ਨਾਲ ਜਾ ਟਕਰਾਈ ਅਤੇ ਇਹ ਹਾਦਸਾ ਹੋਇਆ। ਹਾਦਸੇ ਸਮੇਂ ਗੱਡੀ ਵਿਚ ਸਵਾਰ ਮਜਦੂਰਾਂ ਵਿਚ ਔਰਤਾਂ ਅਤੇ ਬੱਚੇ ਸਾਮਲ ਸਨ। ਸਰਕਾਰੀ ਹਸਪਤਾਲ ਦੀ ਡਾਕਟਰ ਸੰਚਾਰਿਕਾ ਸਾਹ ਨੇ ਦੱਸਿਆ ਕਿ ਅੱਜ ਸਵੇਰੇ 9:30 ਵਜੇ ਪ੍ਰਵਾਸੀ ਲੇਬਰ ਨੂੰ ਲਿਆਂਦਾ ਗਿਆ ਜਿੰਨ੍ਹਾਂ ਵਿਚ 12 ਦੇ ਕਰੀਬ ਪ੍ਰਵਾਸੀ ਮਜਦੂਰਾਂ ਨੂੰ ਸੱਟਾਂ ਲੱਗੀਆਂ ਹੋਈਆਂ ਸਨ, ਇਨ੍ਹਾਂ ਵਿਚੋਂ 7 ਮਜਦੂਰਾਂ ਦੇ ਸੱਟਾਂ ਵੱਧ ਲੱਗੀਆਂ ਹੋਣ ਕਾਰਨ ਉਨ੍ਹਾਂ ਨੂੰ ਲੁਧਿਆਣਾ ਦੇ ਹਸਪਤਾਲ ਰੈਫਰ ਕਰ ਦਿੱਤਾ ਗਿਆ। ਰੈਫਰ ਹੋਣ ਵਾਲਿਆਂ ਵਿਚ ਜ਼ਿਆਦਾਤਰ ਔਰਤਾਂ ਅਤੇ ਬੱਚੇ ਸਨ ਅਤੇ ਬਾਕੀਆਂ ਦਾ ਇਲਾਜ ਹਸਪਤਾਲ ਵਿਚ ਕੀਤਾ ਜਾ ਰਿਹਾ ਹੈ।

## ਅੰਕੁਰ ਮਹੇਂਦਰੂ ਦੀ ਨਿਗਮ 'ਚ ਵਾਪਸੀ, ਇਕ ਹੋਰ ਜੁਆਇੰਟ ਕਮਿਸ਼ਨਰ ਦੀ ਹੋਈ ਨਿਯੁਕਤੀ

ਲੁਧਿਆਣਾ 3 ਅਕਤੂਬਰ। ਪੰਜਾਬ ਸਰਕਾਰ ਵੱਲੋਂ 2 ਦਿਨ ਪਹਿਲਾਂ ਪੀ. ਸੀ. ਐੱਸ. ਅਫਸਰ ਅੰਕੁਰ ਮਹੇਂਦਰੂ ਨੂੰ ਗਲਾਡਾ ਦੇ ਈ. ਓ. ਦੇ ਨਾਲ ਨਗਰ ਨਿਗਮ ਦਾ ਚਾਰਜ ਦਿੱਤਾ ਗਿਆ ਸੀ ਪਰ ਹੁਣ ਉਨ੍ਹਾਂ ਨੂੰ ਪੱਕੇ ਤੌਰ 'ਤੇ ਨਗਰ ਨਿਗਮ 'ਚ ਜੁਆਇੰਟ ਕਮਿਸ਼ਨਰ ਲਗਾ ਦਿੱਤਾ ਗਿਆ ਹੈ। ਅੰਕੁਰ ਮਹੇਂਦਰੂ ਇਸ ਤੋਂ ਪਹਿਲਾਂ ਵੀ ਨਗਰ ਨਿਗਮ 'ਚ ਰਹਿ ਚੁੱਕੇ ਹਨ ਅਤੇ ਉਨ੍ਹਾਂ ਨਾਲ ਇਕ ਨਵੇਂ ਜੁਆਇੰਟ ਕਮਿਸ਼ਨਰ ਅਭਿਸ਼ੇਕ ਸ਼ਰਮਾ ਦੀ ਨਿਯੁਕਤੀ ਕੀਤੀ ਗਈ ਹੈ, ਜਦੋਂਕਿ ਜੁਆਇੰਟ ਕਮਿਸ਼ਨਰ ਇੰਦਰਪਾਲ ਸਿੰਘ ਦੀ ਲੁਧਿਆਣਾ ਤੋਂ ਬਦਲੀ ਕਰ ਦਿੱਤੀ ਗਈ ਹੈ, ਜਿਸ ਤੋਂ ਬਾਅਦ ਜੋਨ-ਸੀ ਦੇ ਜ਼ੋਨਲ ਕਮਿਸ਼ਨਰ ਦੀ ਕੁਰਸੀ ਖਾਲੀ ਹੋ ਗਈ ਹੈ। ਹੁਣ ਚਰਚਾ ਹੋ ਰਹੀ ਹੈ ਕਿ ਨਗਰ ਨਿਗਮ ਅਫਸਰਾਂ ਦੇ ਚਾਰਜ




'ਚ ਬਦਲਾਅ ਹੋਵੇਗਾ, ਕਿਉਂਕਿ ਅੰਕੁਰ ਮਹੇਂਦਰੂ ਨਾਲ ਅਭਿਸ਼ੇਕ ਸ਼ਰਮਾ ਨੂੰ ਨਵੀਂ ਜ਼ਿੰਮੇਵਾਰੀ ਦੇਣਾ ਜ਼ਰੂਰੀ ਹੈ। ਪੰਜਾਬ ਸਰਕਾਰ ਵੱਲੋਂ ਪਿਛਲੇ ਕੁਝ ਦਿਨਾਂ ਦੌਰਾਨ ਆਈ. ਏ. ਐੱਸ. ਅਤੇ ਪੀ. ਸੀ. ਐੱਸ. ਅਫਸਰਾਂ ਦੀਆਂ ਜੋ ਥੋਕ ਵਿਚ ਬਦਲੀਆਂ ਕੀਤੀਆਂ ਗਈਆਂ ਹਨ, ਉਸ ਦਾ ਸਭ ਤੋਂ ਜ਼ਿਆਦਾ ਅਸਰ ਗਲਾਡਾ 'ਚ ਦੇਖਣ ਨੂੰ ਮਿਲ ਰਿਹਾ ਹੈ। ਇਸ ਦੇ ਤਹਿਤ ਹੁਣ 3 ਨਵੇਂ ਅਫਸਰਾਂ ਦੇ ਹੱਥਾਂ 'ਚ ਗਲਾਡਾ ਦਾ ਕੰਟਰੋਲ ਹੋਵੇਗਾ, ਜਿਸ ਵਿਚ ਸਭ ਤੋਂ ਪਹਿਲਾਂ ਸੰਦੀਪ ਰਿਸ਼ੀ ਦੀ ਜਗ੍ਹਾ ਅੰਮ੍ਰਿਤਸਰ ਤੋਂ ਆਏ ਹਰਪ੍ਰੀਤ ਸਿੰਘ ਨੂੰ ਚੀਫ ਲਗਾਇਆ ਗਿਆ ਹੈ। ਇਸ ਤੋਂ ਬਾਅਦ ਜਾਰੀ ਆਰਡਰ ਵਿਚ ਏ. ਸੀ. ਏ. ਓਜਸਵੀ ਦੀ ਜਗ੍ਹਾ ਪੀ. ਸੀ. ਐੱਸ. ਅਫਸਰ ਵਿਨੀਤ ਕੁਮਾਰ ਨੂੰ ਲਗਾ ਦਿੱਤਾ ਗਿਆ ਹੈ ਅਤੇ ਅੰਕੁਰ ਮਹੇਂਦਰੂ ਦੀ ਜਗ੍ਹਾ ਪੀ. ਸੀ. ਐੱਸ. ਅਫਸਰ ਅਮਨ ਗੁਪਤਾ ਨਵੇਂ ਈ. ਓ. ਲਗਾਏ ਗਏ ਹਨ।

# ਪ੍ਰੇਮ ਜਾਲ 'ਚ ਫਸਾ ਸਰਕਾਰੀ ਮਹਿਲਾ ਮੁਲਾਜਮ ਦੀ ਰੋਲਦਾ ਰਿਹਾ ਪੱਤ, ਫਿਰ ਕੀਤਾ ਉਹ ਜੋ ਸੋਚਿਆ ਨਾ ਸੀ

ਗੜ੍ਹਦੀਵਾਲਾ 3 ਅਕਤੂਬਰ। ਐੱਸ. ਐੱਸ. ਪੀ. ਹੁਸ਼ਿਆਰਪੁਰ ਨੂੰ ਦਿੱਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਗੜ੍ਹਦੀਵਾਲਾ ਪੁਲਸ ਨੇ ਵਿਆਹ ਦਾ ਝਾਂਸਾ ਦੇ ਕੇ ਔਰਤ ਦਾ ਸਰੀਰਕ ਸੋਸਣ ਕਰਨ ਅਤੇ 28 ਲੱਖ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਹੇਠ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਰਾਜਦੀਪ ਕੌਰ ਪੁੱਤਰੀ ਤਰਲੋਕ ਸਿੰਘ ਨਿਵਾਸੀ ਗੜ੍ਹਦੀਵਾਲਾ ਵਲੋਂ ਐੱਸ. ਐੱਸ. ਪੀ. ਨੂੰ ਦਿੱਤੀ ਗਈ ਸ਼ਿਕਾਇਤ 'ਚ ਦੱਸਿਆ ਸੀ ਕਿ ਉਹ ਸਰਕਾਰੀ ਨੌਕਰੀ ਕਰਦੀ ਹੈ ਅਤੇ ਕਾਫੀ ਸਮੇਂ ਤੋਂ ਉਸ ਦਾ ਆਪਣੇ ਪਤੀ ਨਾਲ ਝਗੜਾ ਚੱਲ ਰਿਹਾ ਸੀ। ਇਸ ਦੌਰਾਨ 2021 'ਚ ਉਸ ਦੀ ਮੁਲਾਕਾਤ ਸੁਖਵਿੰਦਰ ਸਿੰਘ ਪੁੱਤਰ ਤਰਸੇਮ ਸਿੰਘ ਨਿਵਾਸੀ ਹਰਦੋਥਲਾ ਥਾਣਾ ਦਸੂਹਾ ਨਾਲ ਹੋਈ, ਜਿਸ ਨੇ ਮੈਨੂੰ ਵਿਆਹ ਦਾ ਝਾਂਸਾ ਦੇ ਕੇ ਸਰੀਰਕ ਸੋਸਣ ਕੀਤਾ ਅਤੇ ਮੈਨੂੰ ਭਰੋਸੇ 'ਚ ਲੈ ਕੇ 28 ਲੱਖ ਰੁਪਏ ਦੀ ਠੱਗੀ ਮਾਰੀ। ਐੱਸ. ਐੱਸ. ਪੀ. ਨੇ ਰਾਜਵੀਰ ਕੌਰ ਵੱਲੋਂ ਦਿੱਤੀ ਗਈ ਸ਼ਿਕਾਇਤ ਦੀ ਇਨਕੁਅਰੀ ਪੁਲਸ ਕਪਤਾਨ (ਆਪ੍ਰੇਸ਼ਨ) ਨੂੰ ਦਿੱਤੀ। ਜਿਨ੍ਹਾਂ ਨੇ ਆਪਣੀ ਇਨਕੁਆਰੀ ਰਿਪੋਰਟ 'ਚ ਸੁਖਵਿੰਦਰ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਹਰਦੋਥਲਾ ਨੇ ਸ਼ਿਕਾਇਤਕਰਤਾ ਰਾਜਦੀਪ ਕੌਰ ਦੇ ਆਪਣੇ ਪਤੀ ਗੁਰਵਿੰਦਰ ਸਿੰਘ ਦੇ ਨਾਲ ਚਲਦੇ ਝਗੜੇ ਦਾ ਫਾਇਦਾ ਉਠਾ ਕੇ ਉਸ ਨੂੰ ਵਿਆਹ ਦਾ ਝਾਂਸਾ ਦੇ ਕੇ ਉਸ ਨਾਲ ਸਰੀਰਕ ਸੰਬੰਧ ਬਣਾਏ ਅਤੇ ਉਸ ਨੂੰ ਭਰੋਸੇ ਵਿਚ ਲੈ ਕੇ ਵੱਖ-ਵੱਖ ਸਮੇਂ 'ਤੇ ਬੈਂਕਾਂ ਚੋਂ ਲੋਨ ਕਰਵਾ ਕੇ ਆਪਣੇ ਭਰਾ ਕੁਲਵਿੰਦਰ ਸਿੰਘ ਅਤੇ ਭਾਣਜੇ ਗੋਰਵ ਤੁਰਾ ਦੇ ਬੈਂਕ ਖਾਤਿਆਂ ਵਿਚ 23 ਲੱਖ 53 ਹਜਾਰ 908 ਰੁਪਏ ਟਰਾਂਸਫਰ ਕਰਵਾਏ ਅਤੇ ਉਸ ਦਾ ਇਕ ਸੋਨੇ ਦਾ ਸੈੱਟ ਕਰੀਬ ਸਾਢੇ 3 ਤੋਲੇ ਹੜਪ ਕਰਨ ਦੀ ਗੱਲ ਸਾਹਮਣੇ ਆਈ। ਜਿਸ ਦੇ ਆਧਾਰ 'ਤੇ ਸੁਖਵਿੰਦਰ ਸਿੰਘ ਅਤੇ ਕੁਲਵਿੰਦਰ ਸਿੰਘ ਪੁੱਤਰ ਤਰਸੇਮ ਸਿੰਘ ਅਤੇ ਗੋਰਵ ਤੁਰਾ ਵਾਸੀਆਨ ਹਰਦੋਥਲਾ ਥਾਣਾ ਦਸੂਹਾ ਦੇ ਖ਼ਿਲਾਫ ਮੁਕੱਦਮਾ ਦਰਜ ਕਰਨ ਲਈ ਆਪਣੀ ਇਨਕੁਇਰੀ ਦੀ ਰਿਪੋਰਟ ਤਿਆਰ ਕਰਕੇ ਮਾਨਯੋਗ ਐੱਸ. ਐੱਸ. ਪੀ. ਨੂੰ ਭੇਜੀ ਗਈ ਜਿਨ੍ਹਾਂ ਦੇ ਹੁਕਮਾਂ ਤਹਿਤ ਇਹ ਮੁਕੱਦਮਾ ਦਰਜ ਕੀਤਾ ਗਿਆ।



# ਜਲੰਧਰ 'ਚ ਟ੍ਰੈਫਿਕ ਪੁਲਸ ਮੁਲਾਜਮ ਨੇ 4 ਸਾਲ ਦੇ ਬੱਚੇ ਨੂੰ ਕਾਰ 'ਚ ਕਰ 'ਤਾ ਬੰਦ, ਹੈਰਾਨੀਜਨਕ ਹੈ ਮਾਮਲਾ

ਜਲੰਧਰ 3 ਅਕਤੂਬਰ। ਭਗਵਾਨ ਵਾਲਮੀਕਿ ਚੌਂਕ ਵਿਖੇ ਕਾਰ ਦਾ ਚਲਾਨ ਜਾਰੀ ਕਰਨ ਨੂੰ ਲੈ ਕੇ ਹੰਗਾਮਾ ਹੋ ਗਿਆ। ਕਾਰ ਚਾਲਕ ਦਾ ਦੋਸ ਹੈ ਕਿ ਟ੍ਰੈਫਿਕ ਪੁਲਸ ਨੇ ਛੋਟੇ ਬੱਚੇ ਨੂੰ ਕਾਰ ਦੇ ਅੰਦਰ ਬੰਦ ਕਰ ਦਿੱਤਾ ਅਤੇ ਚਾਬੀਆਂ ਖੋਹ ਲਈਆਂ। ਮਾਨਵ ਨੇ ਦੱਸਿਆ ਕਿ ਟ੍ਰੈਫਿਕ ਪੁਲਸ ਨੇ ਵੀ ਉਸ ਨਾਲ ਇਤਰਾਜਯੋਗ ਭਾਸਾ ਵਰਤੀ ਹੈ। ਮਾਨਵ ਨੇ ਦੱਸਿਆ ਕਿ ਜਦੋਂ ਉਹ ਚਾਰ ਵਿਅਕਤੀ ਅਤੇ ਇਕ ਛੋਟਾ ਬੱਚਾ ਚੌਂਕ ਤੋਂ ਬਾਹਰ ਨਿਕਲ ਰਹੇ ਸਨ ਤਾਂ ਟ੍ਰੈਫਿਕ ਪੁਲਸ ਮੁਲਾਜਮਾਂ ਨੇ ਉਸ ਨੂੰ ਰੁਕਣ ਦਾ ਇਸਾਰਾ ਕੀਤਾ। ਜਦੋਂ ਰੁਕਿਆ ਤਾਂ ਉਸ ਨੇ ਟ੍ਰੈਫਿਕ ਪੁਲਸ ਅਧਿਕਾਰੀ ਨੂੰ ਦਸਤਾਵੇਜ ਵਿਖਾਏ ਪਰ ਇਸ ਦੇ ਬਾਵਜੂਦ ਉਸ ਨੇ ਉਸ ਨੂੰ ਬਦਮਾਸ ਕਹਿ ਕੇ ਕਾਰ ਦੀਆਂ ਚਾਬੀਆਂ ਕੱਢ ਲਈਆਂ ਅਤੇ ਕਾਰ ਵੀ ਬੰਦ ਕਰ ਦਿੱਤੀ। ਬੱਚਾ ਗਰਮੀ ਵਿੱਚ ਕਾਰ ਦੇ ਅੰਦਰ ਹੀ ਰਿਹਾ। ਦੂਜੇ ਪਾਸੇ ਟ੍ਰੈਫਿਕ ਪੁਲਸ ਦਾ ਕਹਿਣਾ ਹੈ ਕਿ ਕਾਰ ਚਾਲਕ ਵੱਲੋਂ ਕੋਈ ਦਸਤਾਵੇਜ ਨਹੀਂ ਵਿਖਾਏ ਗਏ ਸਨ ਅਤੇ ਉਪਰੋਂ ਕਾਰ ਦੇ ਸੀਸੇ 'ਤੇ ਕਾਲੀ ਫ਼ਿਲਮ ਲੱਗੀ ਹੋਣ ਕਾਰਨ ਚੌਂਕ 'ਤੇ ਜਾਮ ਲੱਗ ਗਿਆ ਸੀ ਬਾਅਦ 'ਚ ਪੁਲਸ ਨੇ ਜਾਮ ਨੂੰ ਖਾਲੀ ਕਰਵਾਇਆ।

## ਜਲੂਸ 'ਤੇ ਕੀਤੇ ਗਏ ਪਥਰਾਅ ਦੀ ਘਟਨਾ ਕਾਰਨ ਜਹਾਜਪੁਰ 'ਚ ਬੰਦ ਦਾ ਐਲਾਨ

ਭੀਲਵਾੜਾ 3 ਅਕਤੂਬਰ। ਰਾਜਸਥਾਨ ਦੇ ਜਹਾਜਪੁਰ ਕਸਬੇ ਵਿੱਚ ਜਲਝੂਲਨੀ ਦੇ ਜਲੂਸ ਉੱਤੇ ਪਥਰਾਅ ਦੀ ਘਟਨਾ ਵਿੱਚ ਠੋਸ ਕਾਰਵਾਈ ਨਾ ਹੋਣ ਕਾਰਨ ਮੰਗਲਵਾਰ ਨੂੰ ਬਾਜਾਰ ਬੰਦ ਰਹੇ। ਜਹਾਜਪੁਰ 'ਚ ਜਲਝੂਲਨੀ ਇਕਾਦਸੀ ਦੀ ਰਾਮ ਰੇਵਾੜੀ ਦੌਰਾਨ ਧਾਰਮਿਕ ਸਥਾਨ 'ਤੇ ਪਥਰਾਅ ਦੇ ਮਾਮਲੇ 'ਚ 12 ਸੂਤਰੀ ਮੰਗਾਂ 'ਤੇ ਕੋਈ ਠੋਸ ਕਾਰਵਾਈ ਨਾ ਕੀਤੇ ਜਾਣ ਤੋਂ ਨਾਰਾਜ ਹਿੰਦੂ ਭਾਈਚਾਰੇ ਨੇ ਜਹਾਜਪੁਰ ਸਹਿਰ ਬੰਦ ਰੱਖਣ ਦਾ ਸੱਦਾ ਦਿੱਤਾ ਹੈ। ਦੱਸ ਦੇਈਏ ਕਿ ਇਸ ਦੌਰਾਨ ਸਹਿਰ ਵਿੱਚ ਚਾਹ-ਪਾਣੀ ਦੀਆਂ ਦੁਕਾਨਾਂ ਅਤੇ ਮੈਡੀਕਲ ਸਟੋਰ ਵੀ ਬੰਦ ਰਹੇ। ਬੰਦ ਦੇ ਮੱਦੇਨਜਰ ਕਸਬੇ ਵਿੱਚ ਵੱਡੀ ਗਿਣਤੀ ਵਿੱਚ ਪੁਲਸ ਤਾਇਨਾਤ ਕੀਤੀ ਗਈ ਸੀ, ਉਥੇ ਹੀ ਪ੍ਰਸਾਸਨਿਕ ਅਧਿਕਾਰੀਆਂ ਨੇ ਵੀ ਸਥਿਤੀ 'ਤੇ ਨਜਰ ਰੱਖੀ ਹੋਈ ਸੀ। ਕਸਬੇ ਵਿੱਚ ਸਾਂਤੀ ਬਣਾਈ ਰੱਖਣ ਲਈ ਪੁਲਸ ਨੇ ਬੀਤੀ ਰਾਤ ਫਲੈਗ ਮਾਰਚ ਵੀ ਕੀਤਾ।

# ਰਿਸ਼ਤੇ ਹੋਏ ਤਾਰ-ਤਾਰ, ਭਰਾ ਨੇ ਭਰਾ-ਭਰਜਾਈ 'ਤੇ ਅੰਨ੍ਹੇਵਾਹ ਕੀਤੀ ਫਾਇਰਿੰਗ

ਬਟਾਲਾ 3 ਅਕਤੂਬਰ। ਇਕ ਭਰਾ ਵੱਲੋਂ ਆਪਣੇ ਹੀ ਸਕੇ ਭਰਾ-ਭਰਜਾਈ 'ਤੇ ਅੰਨ੍ਹੇਵਾਹ ਫਾਇਰਿੰਗ ਕਰਨ ਦੇ ਕਥਿਤ ਦੋਸ਼ ਹੇਠ ਥਾਣਾ ਕਾਦੀਆਂ ਦੀ ਪੁਲਸ ਨੇ ਭਰਾ ਸਮੇਤ 2 ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਏ. ਐੱਸ. ਆਈ. ਜਸਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਰਜ ਕਰਵਾਏ ਬਿਆਨ ਵਿਚ ਨਿਸ਼ਾਨ ਸਿੰਘ ਪੁੱਤਰ ਰਵਿੰਦਰ ਸਿੰਘ ਵਾਸੀ ਲੀਲ ਕਲਾਂ ਨੇ ਲਿਖਵਾਇਆ ਕਿ ਬੀਤੀ 9 ਜੂਨ ਨੂੰ ਦੁਪਹਿਰ ਸਾਢੇ ਤਿੰਨ ਵਜੇ ਉਹ ਆਪਣੀ ਪਤਨੀ ਅਮਨਦੀਪ ਕੌਰ ਅਤੇ ਮੁੰਡੇ ਹਰਮਨਦੀਪ ਸਿੰਘ ਨਾਲ ਕਿਸੇ ਪ੍ਰੋਗਰਾਮ ਤੋਂ ਵਾਪਸ ਆਪਣੇ ਘਰ ਪਹੁੰਚਿਆ ਤਾਂ ਅੰਦਰ ਦਾਖਲ ਹੋਇਆ ਅਤੇ ਦੇਖਿਆ ਕਿ ਉਸਦਾ ਭਰਾ ਸੁਰਜੀਤ ਸਿੰਘ ਅਤੇ ਮਾਮਾ ਹਰਪ੍ਰੀਤ ਸਿੰਘ ਵਾਸੀ ਮੁਹੱਲਾ ਰਾਮ ਨਗਰ ਬਟਾਲਾ ਉਸਦੇ ਪਿਤਾ ਨੂੰ ਡੰਡੇ ਨਾਲ ਕੁੱਟਮਾਰ ਰਹੇ ਸਨ, ਉਕਤ ਭਰਾ ਨੇ ਜਦੋਂ ਆਪਣੇ ਭਰਾ ਅਤੇ ਭਰਜਾਈ ਵੇਖਿਆ ਤਾਂ ਆਪਣੀ ਡੱਬ 'ਚੋਂ ਲਾਇਸੈਂਸੀ ਰਿਵਾਲਵਰ ਕੱਢ ਕੇ ਉਸ ਨੂੰ ਮਾਰ ਦੇਣ ਦੀ ਨੀਅਤ ਨਾਲ ਅੰਨ੍ਹੇਵਾਹ ਫਾਇਰਿੰਗ ਕਰਨੀ ਸ਼ੁਰੂ ਕਰ ਦਿੱਤੀ। ਜਿਸ ਦੌਰਾਨ ਜਿਥੇ ਉਹ ਗੰਭੀਰ ਜ਼ਖਮੀ ਹੋ ਗਿਆ, ਉਥੇ ਉਸਦੀ ਪਤਨੀ ਅਮਨਦੀਪ ਕੌਰ ਦੇ ਪੇਟ 'ਤੇ ਵੀ ਗੋਲੀ ਲੱਗ ਗਈ ਤੇ ਉਹ ਗੰਭੀਰ ਜ਼ਖਮੀ ਹੋ ਗਈ। ਬਿਆਨਕਰਤਾ ਨਿਸ਼ਾਨ ਸਿੰਘ ਨੇ ਆਪਣੇ ਬਿਆਨ ਵਿਚ ਪੁਲਸ ਨੂੰ ਲਿਖਵਾਇਆ ਕਿ ਉਸਦੇ ਉਕਤ ਭਰਾ ਨੇ ਰਜ਼ਿਸ 'ਚ ਅਜਿਹਾ ਕੀਤਾ ਹੈ, ਕਿਉਂਕਿ ਉਹ ਜ਼ਬਰਦਸਤੀ ਸਾਡੇ ਕੋਲੋਂ ਜਾਇਦਾਦ ਦਾ ਹਿੱਸਾ ਮੰਗਦਾ ਹੈ ਅਤੇ ਇਸੇ ਤੈਸ਼ ਵਿਚ ਆ ਕੇ ਸੁਰਜੀਤ ਸਿੰਘ ਨੇ ਆਪਣੇ ਲਾਇਸੈਂਸੀ ਅਸਲੇ ਨਾਲ ਅੰਧਾ-ਧੁੰਦ ਫਾਇਰਿੰਗ ਕੀਤੀ ਅਤੇ ਰੌਲਾ ਪਾਉਂਦਿਆਂ ਉਸਦਾ ਉਕਤ ਭਰਾ ਤੇ ਉਕਤ ਮਾਮਾ ਮੌਕੇ ਤੋਂ ਫਰਾਰ ਹੋ ਗਏ। ਜਦਕਿ ਉਹ ਤੇ ਉਸਦੀ ਪਤਨੀ ਹਸਪਤਾਲ ਵਿਚ ਜ਼ੇਰੇ ਇਲਾਜ ਹਨ। ਏ. ਐੱਸ. ਆਈ. ਨੇ ਦੱਸਿਆ ਕਿ ਉਕਤ ਮਾਮਲੇ ਸਬੰਧੀ ਕਾਰਵਾਈ ਕਰਦਿਆਂ ਬਿਆਨਕਰਤਾ ਦੇ ਬਿਆਨ 'ਤੇ ਇਸਦੇ ਭਰਾ ਅਤੇ ਮਾਮੇ ਵਿਰੁੱਧ ਬਣਦੀਆਂ ਧਾਰਾਵਾਂ ਹੇਠ ਥਾਣਾ ਕਾਦੀਆਂ ਵਿਖੇ ਕੇਸ ਦਰਜ ਕਰ ਦਿੱਤਾ ਗਿਆ ਹੈ।



## ਜਾਅਲੀ ਰਜਿਸਟਰੀਆਂ ਕਰਵਾ ਕੇ ਬੈਂਕ ਤੋਂ ਲੋਨ ਲੈਣ ਵਾਲੇ ਗਿਰੋਹ ਦਾ ਭੱਜਿਆ ਭਾਂਡਾ

ਲੁਧਿਆਣਾ 3 ਅਕਤੂਬਰ। ਸਬ ਰਜਿਸਟਰਾਰ (ਸੈਂਟਰਲ) ਵਿਚ ਫਰਜੀ ਮਾਲਕ ਤੇ ਗਵਾਹ ਖੜ੍ਹੇ ਕਰ ਕੇ ਜਾਅਲੀ ਰਜਿਸਟਰੀਆਂ ਕਰਵਾਉਣ ਵਾਲੇ ਗਿਰੋਹ ਦਾ ਖੁਲਾਸਾ ਹੋਇਆ ਹੈ। ਤਹਿਸੀਲਦਾਰ ਨਵਦੀਪ ਸਿੰਘ ਸ਼ੇਰਗਿੱਲ ਦੀ ਸ਼ਿਕਾਇਤ ਤੋਂ ਬਾਅਦ ਪੁਲਸ ਨੇ ਇਸ ਦੀ ਜਾਂਚ ਕੀਤੀ ਅਤੇ ਵੱਡਾ ਨੈਕਸਸ ਤੋੜਿਆ ਹੈ। ਇਨ੍ਹਾਂ ਜਾਅਲੀ ਰਜਿਸਟ੍ਰੀਆਂ ਨੂੰ ਬੈਂਕ ਵਿਚ ਰੱਖ ਕੇ ਲੱਖਾਂ ਰੁਪਏ ਦਾ ਲੋਨ ਲੈ ਲੈਂਦੇ ਸਨ। ਇਸ ਸਬੰਧੀ ਥਾਣਾ ਸਦਰ ਦੀ ਪੁਲਸ ਨੇ ਮੁੱਖ ਮੁਲਜਮ ਗੁਰਜੀਤ ਰਾਏ ਦੇ ਨਾਲ-ਨਾਲ ਸਪਨਾ ਢੀਂਗਰਾ, ਗੁਰਸੇਵਕ ਸਿੰਘ, ਸੰਤੋਸ਼ ਕੌਰ, ਮਨਪ੍ਰੀਤ ਸਿੰਘ ਉਰਫ ਸੋਨੂੰ, ਮਹਿੰਦਰ ਸਿੰਘ ਭੰਗੂ, ਵਰਿੰਦਰ ਸਿੰਘ ਸੁਪਰੀਆ, ਪੰਜਾਬ ਐਂਡ ਸਿੰਧ ਬੈਂਕ ਸਿਵਲ ਲਾਈਨ ਦੇ ਮੈਨੇਜਰ ਪ੍ਰਭਜੀਤ ਸਿੰਘ ਚਾਵਲਾ, ਅਜੇ ਕੁਮਾਰ ਢੀਂਗਰਾ, ਮਨਸਾ ਰਾਮ ਤੇ ਅਣਪਛਾਤੇ 'ਤੇ ਧੋਖਾਧੜੀ, ਜਾਅਲੀ ਸਰਕਾਰੀ ਦਸਤਾਵੇਜ ਬਣਾਉਣ ਅਤੇ ਹੋਰ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ।

# ਨਵੀਂ ਕਾਰ ਦਾ ਇੰਜਣ ਬਦਲਣ ਤੋਂ ਬਾਅਦ ਵੀ ਨਹੀਂ ਹੋਇਆ ਹੱਲ, 30 ਹਜ਼ਾਰ ਹਰਜਾਨਾ

ਚੰਡੀਗੜ੍ਹ 3 ਅਕਤੂਬਰ। ਆਪਣੀ ਨਵੀਂ ਗੱਡੀ 'ਚ ਲਗਾਤਾਰ ਆ ਰਹੀਆਂ ਸਮੱਸਿਆਵਾਂ ਤੋਂ ਪਰੇਸ਼ਾਨ ਇਕ ਗਾਹਕ ਦੀ ਸ਼ਿਕਾਇਤ 'ਤੇ ਜ਼ਿਲ੍ਹਾ ਖਪਤਕਾਰ ਕਮਿਸ਼ਨ ਨੇ ਟਾਟਾ ਮੋਟਰਜ਼ ਨੂੰ ਲਾਪਰਵਾਹੀ ਵਰਤਣ ਦਾ ਦੋਸ਼ੀ ਠਹਿਰਾਉਂਦਿਆਂ 30 ਹਜਾਰ ਰੁਪਏ ਦਾ ਹਰਜਾਨਾ ਲਾਇਆ ਹੈ। ਸੈਕਟਰ-48 ਦੇ ਰਹਿਣ ਵਾਲੇ ਦੁਰਗੇਸ਼ ਕੁਮਾਰ ਝਾਅ ਨੇ ਕਰੀਬ 2 ਸਾਲ ਪਹਿਲਾਂ 8.96 ਲੱਖ ਰੁਪਏ ਦੀ ਟਾਟਾ ਮੋਟਰਜ਼ ਦੀ ਨੈਕਸਨ ਕਾਰ ਖਰੀਦੀ ਸੀ। ਕੁਝ ਸਮੇਂ ਬਾਅਦ ਇਗਨੀਸ਼ਨ ਬਾਕਸ ਤੋਂ ਇਲਾਵਾ ਹੋਰ ਸਮੱਸਿਆਵਾਂ ਦਿਖਾਈ ਦੇਣੀਆਂ ਸ਼ੁਰੂ ਹੋ ਗਈਆਂ। ਗਾਹਕ ਦੇ ਅਨੁਸਾਰ ਸਰਵਿਸ ਸੈਂਟਰ ਦੇ ਸਟਾਫ ਨੇ ਦੱਸਿਆ ਸੀ ਕਿ ਗੱਡੀ ਦੇ ਇੰਜਣ 'ਚ ਖ਼ਰਾਬੀ ਹੈ ਤੇ ਇਸ ਨੂੰ ਬਦਲਣਾ ਪਵੇਗਾ। ਸਰਵਿਸ ਸੈਂਟਰ ਨੇ ਭਰੋਸਾ ਦਿੱਤਾ ਕਿ ਇੰਜਣ ਬਦਲਣ ਤੋਂ ਬਾਅਦ ਕੋਈ ਸਮੱਸਿਆ ਨਹੀਂ ਆਵੇਗੀ। ਉਸ ਨੂੰ ਮਜਬੂਰੀ 'ਚ ਨਵੀਂ ਕਾਰ ਦਾ ਇੰਜਣ ਬਦਲਾਉਣਾ ਪਿਆ ਪਰ ਕਾਰ 'ਚ ਹੋਰ ਮੁਸ਼ਕਲ ਆਉਣ ਲੱਗੀ। ਇਸ ਤੋਂ ਪਰੇਸ਼ਾਨ ਹੋ ਕੇ ਉਸ ਨੇ ਜ਼ਿਲ੍ਹਾ ਖਪਤਕਾਰ ਝਗੜਾ ਨਿਵਾਰਨ ਕਮਿਸ਼ਨ 'ਚ ਸ਼ਿਕਾਇਤ ਦਰਜ ਕਰਵਾਈ ਸੀ। ਇਸ ਦੇ ਨਾਲ ਹੀ ਕਮਿਸ਼ਨ 'ਚ ਦਾਇਰ ਲਿਖਤੀ ਜਵਾਬ 'ਚ ਕੰਪਨੀ ਨੇ ਕਿਹਾ ਕਿ ਕਾਰ 'ਚ ਕੋਈ ਖਰਾਬੀ ਨਹੀਂ ਹੈ। ਸ਼ਿਕਾਇਤਕਰਤਾ ਨੇ ਸੈਂਟਰਲ ਲਾਕ ਤੇ ਮਿਊਜ਼ਿਕ ਸਿਸਟਮ ਵਰਗੀਆਂ ਮਾਮੂਲੀ ਸਮੱਸਿਆਵਾਂ ਦੱਸੀਆਂ ਸਨ, ਜਿਨ੍ਹਾਂ ਨੂੰ ਠੀਕ ਕਰ ਦਿੱਤਾ ਗਿਆ ਸੀ। ਇਸ ਲਈ ਕੰਪਨੀ ਖ਼ਿਲਾਫ਼ ਦਰਜ ਕੀਤੀ ਗਈ ਸ਼ਿਕਾਇਤ ਨੂੰ ਖਾਰਜ ਕੀਤਾ ਜਾਵੇ। ਦੋਵੇਂ ਧਿਰਾਂ ਨੂੰ ਸੁਣਨ ਤੋਂ ਬਾਅਦ ਕਮਿਸ਼ਨ ਨੇ ਕਿਹਾ ਕਿ ਕੰਪਨੀ ਦੀ ਲਾਪਰਵਾਹੀ ਕਾਰਨ ਗਾਹਕ ਨੂੰ ਕਾਰ ਦੀ ਮੁਰੰਮਤ ਕਰਵਾਉਣ ਲਈ ਵਰਕਸ਼ਾਪ ਦੇ ਕਈ ਗੇੜੇ ਲਾਉਣੇ ਪਏ। ਇਸ ਲਈ ਕਮਿਸ਼ਨ ਨੇ ਕੰਪਨੀ 'ਤੇ 30 ਹਜ਼ਾਰ ਰੁਪਏ ਦਾ ਹਰਜਾਨਾ ਲਾਇਆ।




## ਨੌਜਵਾਨ ਲਾਪਤਾ, ਨਹਿਰ ਦੀ ਪਟੜੀ ਤੋਂ ਮਿਲਿਆ ਮੋਟਰਸਾਈਕਲ

ਪਟਿਆਲਾ 3 ਅਕਤੂਬਰ। ਪਿੰਡ ਪਹਾੜਪੁਰ ਦਾ ਨੌਜਵਾਨ ਲਾਪਤਾ ਹੋ ਗਿਆ, ਜਿਸਦਾ ਮੋਟਰਸਾਈਕਲ ਅਤੇ ਉਸ ਦੀਆਂ ਚੱਪਲਾਂ ਭਾਖੜਾਂ ਨਹਿਰ ਦੀ ਪੱਟੜੀ ਤੋਂ ਮਿਲੀਆਂ ਹਨ। ਥਾਣਾ ਸਦਰ ਵਿਖੇ ਦਰਜ ਕਰਵਾਈ ਰਿਪੋਰਟ 'ਚ ਸਤਨਾਮ ਸਿੰਘ (24) ਪੁੱਤਰ ਰਾਮ ਚੰਦ ਵਾਸੀ ਪਿੰਡ ਪਹਾੜਪੁਰ ਨੇ ਦੱਸਿਆ ਕਿ ਉਸਦਾ ਭਤੀਜਾ ਸਤਵਿੰਦਰ ਸਿੰਘ ਪੁੱਤਰ



ਗਿਆਨ ਸਿੰਘ ਵਾਸੀ ਪਿੰਡ ਪਹਾੜਪੁਰ 8 ਜੂਨ ਨੂੰ ਸਵੇਰੇ 9 ਵਜੇ ਦੇ ਕਰੀਬ ਮੋਟਰਸਾਈਕਲ ਪੀਬੀ39ਡੀ-4165 'ਤੇ ਸਵਾਰ ਹੋ ਕੇ ਘਰੋਂ ਆਪਣੇ ਕੰਮ 'ਤੇ ਗਿਆ ਸੀ ਪ੍ਰੰਤੂ ਸ਼ਾਮ ਨੂੰ ਵਾਪਸ ਨਹੀਂ ਆਇਆ। ਇਸ ਦੌਰਾਨ ਜਦੋਂ ਪਰਿਵਾਰਕ ਮੈਂਬਰਾਂ ਵੱਲੋਂ ਭਾਲ ਕੀਤੀ ਗਈ ਤਾਂ ਉਸ ਦੀਆਂ ਚੱਪਲਾਂ ਅਤੇ ਮੋਟਰਸਾਈਕਲ ਬੰਦ ਪਏ ਟੋਲ ਪਲਾਜਾ ਦੇ ਸਾਹਮਣੇ ਭਾਖੜਾ ਨਹਿਰ ਦੀ ਪੱਟੜੀ ਤੋਂ ਮਿਲੀਆਂ। ਪਰਿਵਾਰ ਨੇ ਸ਼ੱਕ ਜਾਹਿਰ ਕੀਤਾ ਹੈ ਕਿ ਸ਼ਾਇਦ ਸਤਵਿੰਦਰ ਸਿੰਘ ਨੇ ਭਾਖੜਾ ਨਹਿਰ 'ਚ ਛਾਲ ਮਾਰ ਦਿੱਤੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਉਨ੍ਹਾਂ ਦੇ ਪੁੱਤ ਦਾ ਪਤਾ ਲੱਗਦਾ ਹੈ ਤਾਂ ਤੁਰੰਤ ਸਮਾਣਾ ਪੁਲਸ ਨੂੰ ਇਸ ਦੀ ਸੂਚਨਾ ਦਿੱਤੀ ਜਾਵੇ।

# ਸ਼ੱਕੀ ਹਾਲਤ 'ਚ ਮਿਲੀ ਲਾਪਤਾ ਵਿਅਕਤੀ ਵਿਅਕਤੀ ਲਾਸ਼, ਪਰਿਵਾਰ ਨੇ ਟ੍ਰੈਫਿਕ ਜਾਮ ਕਰ ਲਾਇਆ ਧਰਨਾ

ਝਬਾਲ 3 ਅਕਤੂਬਰ। ਕਸਬਾ ਝਬਾਲ ਤੋਂ ਥੋੜੀ ਦੂਰ ਪਿੰਡ ਪੰਜਵੜ ਦੇ ਇੱਕ ਵਿਅਕਤੀ ਜੋ ਪਿਛਲੇ ਤਿੰਨ ਦਿਨਾਂ ਤੋਂ ਲਾਪਤਾ ਸੀ, ਦੀ ਲਾਸ ਅੱਜ ਸੱਕੀ ਹਾਲਤ ਵਿੱਚ ਅੱਪਰ ਬਾਰੀ ਦੁਆਬਾ ਨਹਿਰ ਦੋਦੇ ਛਾਪਾ ਨੇੜਿਓਂ ਮਿਲਣ ਤੋਂ ਬਾਅਦ ਪਿੰਡ ਵਾਸੀਆਂ ਅਤੇ ਪਰਿਵਾਰਿਕ ਮੈਂਬਰਾਂ ਨੇ ਪੁਲਸ ਪ੍ਰਸਾਸਨ ਦੇ ਸਮੇਂ ਸਿਰ ਕਾਰਵਾਈ ਨਾ ਕਰਨ ਦੇ ਦੋਸ ਲਗਾਉਂਦਿਆਂ ਮ੍ਰਿਤਕ ਦੀ ਲਾਸ ਨੂੰ ਝਬਾਲ ਚੌਂਕ ਵਿੱਚ ਰੱਖ ਕੇ ਪੁਲਸ ਪ੍ਰਸਾਸਨ ਖ਼ਿਲਾਫ ਟ੍ਰੈਫਿਕ ਜਾਮ ਕਰਕੇ ਰੋਸ ਮੁਜਾਰਾ ਕੀਤਾ। ਇਸ ਸਮੇਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਮ੍ਰਿਤਕ ਦੇ ਮੁੰਡੇ ਅਰਸਦੀਪ ਸਿੰਘ ਨੇ ਦੱਸਿਆ ਕਿ ਉਸ ਦਾ ਪਿਤਾ ਲਖਵਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ ਵਾਸੀ ਪੰਜਵੜ ਜੋ ਕਿ ਪਿਛਲੇ ਤਿੰਨ ਦਿਨਾਂ ਤੋਂ ਘਰੋਂ ਮੋਟਰਸਾਈਕਲ 'ਤੇ ਗਿਆ ਸੀ ਪਰ ਵਾਪਸ ਨਹੀਂ ਆਇਆ ਅਤੇ ਅੱਜ ਸਵੇਰੇ ਉਹਨਾਂ ਨੂੰ ਕਿਸੇ ਨੇ ਫੋਨ ਕਰਕੇ ਦੱਸਿਆ ਕਿ ਛਾਪਾ ਨੇੜੇ ਅਪਰ ਬਾਰੀ ਦੁਆਬਾ ਨਹਿਰ ਵਿੱਚ ਇੱਕ ਮ੍ਰਿਤਕ ਵਿਅਕਤੀ ਦੀ ਲਾਸ ਅਤੇ ਨੇੜੇ ਹੀ ਮੋਟਰਸਾਈਕਲ ਵੀ ਪਿਆ ਹੈ। ਜਦੋਂ ਉਹਨਾਂ ਨੇ ਪਿੰਡ ਵਾਸੀਆਂ ਨਾਲ ਜਾ ਕੇ ਵੇਖਿਆ ਤਾਂ ਮ੍ਰਿਤਕ ਉਸ ਦਾ ਪਿਤਾ ਹੀ ਸੀ, ਇਸ 'ਤੇ ਗੁੱਸੇ 'ਚ ਆਏ ਪਿੰਡ ਵਾਸੀਆਂ ਤੇ ਪਰਿਵਾਰਕ ਮੈਂਬਰਾਂ ਨੇ ਮ੍ਰਿਤਕ ਦੀ ਲਾਸ ਨੂੰ ਝਬਾਲ ਚੌਂਕ ਵਿੱਚ ਰੱਖ ਕੇ ਟ੍ਰੈਫਿਕ ਜਾਮ ਕਰ ਦਿੱਤਾ ਅਤੇ ਪੁਲਸ ਪ੍ਰਸਾਸਨ ਖ਼ਿਲਾਫ ਰੋਸ ਮੁਜਾਹਰਾ ਸੁਰੂ ਕਰਕੇ ਨਾਅਰੇਬਾਜੀ ਸ਼ੁਰੂ ਕਰ ਦਿੱਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਵਾਸੀਆਂ ਬਲਜੀਤ ਸਿੰਘ ਨੰਬਰਦਾਰ ,ਗੁਰਜਿੰਦਰ ਸਿੰਘ ਸੰਧੂ ,ਕੁਲਵੰਤ ਸਿੰਘ ,ਸੁਖਵਿੰਦਰ ਸਿੰਘ ,ਦਵਿੰਦਰ ਸਿੰਘ ,ਹਰਦੀਪ ਸਿੰਘ ਅਤੇ ਮਨਜੀਤ ਸਿੰਘ ਮੰਨਾ ਨੇ ਥਾਣਾ ਮੁਖੀ ਝਬਾਲ ਖ਼ਿਲਾਫ ਦੋਸ ਲਾਉਂਦੇ ਕਿਹਾ ਕਿ ਅਸੀਂ ਵਾਰ-ਵਾਰ ਇਸ ਸੰਬੰਧੀ ਥਾਣਾ ਝਬਾਲ ਦੇ ਐੱਸ. ਐੱਚ. ਓ. ਨੂੰ ਮਿਲੇ ਪਰ ਉਸਨੇ ਸਾਡੀ ਕੋਈ ਸੁਣਵਾਈ ਨਹੀਂ ਕੀਤੀ। ਸਾਡੇ ਵੱਲੋਂ ਉਸ ਨੂੰ ਕਾਲ ਡਿਟੇਲ ਲਾਉਣ ਦਾ ਕਹਿਣ ਦੇ ਬਾਵਜੂਦ ਵੀ ਉਸਨੇ ਕੋਈ ਕਾਰਵਾਈ ਨਹੀਂ ਕੀਤੀ । ਉਹਨਾਂ ਕਿਹਾ ਕਿ ਜੇਕਰ ਪੁਲਸ ਸਮੇਂ ਸਿਰ ਕਾਰਵਾਈ ਕਰਦੀ ਹੈ ਤਾਂ ਉਸ ਦਾ ਪਿਤਾ ਬਚ ਸਕਦਾ ਸੀ। ਘਟਨਾ ਦਾ ਪਤਾ ਚੱਲਦਿਆਂ ਹੀ ਡੀ. ਐੱਸ. ਪੀ. ਤਰਸੇਮ ਮਸੀਹ ਮੌਕੇ 'ਤੇ ਪਹੁੰਚੇ ਅਤੇ ਕਿਹਾ ਕਿ ਪਰਿਵਾਰਿਕ ਮੈਂਬਰਾਂ ਦੇ ਬਿਆਨਾਂ ਅਤੇ ਮ੍ਰਿਤਕ ਦੀ ਕਾਲ ਡਿਟੇਲ ਦੇ ਅਧਾਰ ਸੱਕੀ ਵਿਅਕਤੀਆਂ ਖ਼ਿਲਾਫ ਕਾਰਵਾਈ ਕੀਤੀ ਜਾ ਰਹੀ ਹੈ ।ਕਿਸੇ ਵੀ ਦੋਸੀ ਨੂੰ ਬਖਸ਼ਿਆ ਨਹੀਂ ਜਾਵੇਗਾ। ਜਦੋਂ ਕਿ ਪਿੰਡ ਵਾਲੇ ਤੇ ਪਰਿਵਾਰਕ ਮੈਂਬਰ ਥਾਣਾ ਮੁਖੀ ਵੱਲੋਂ ਵਰਤੀ ਅਣਗਹਿਲੀ ਲਈ ਥਾਣਾ ਮੁਖੀ ਖ਼ਿਲਾਫ ਕਾਰਵਾਈ ਕਰਨ ਲਈ ਕਹਿ ਰਹੇ ਹਨ। ਜਦੋਂ ਕਿ ਥਾਣਾ ਮੁੱਖੀ ਇੰਸਪੈਕਟਰ ਕਸਮੀਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਪਰਿਵਾਰ ਵੱਲੋਂ ਗੁੰਮਸੁਦਗੀ ਦੀ ਰਿਪੋਰਟ ਦੇਣ 'ਤੇ ਅਸੀਂ ਬਕਾਇਦਾ ਮ੍ਰਿਤਕ ਦੀ ਡਿਟੇਲ ਕੱਢਵਾ ਕੇ ਕਾਰਵਾਈ ਸੁਰੂ ਕਰ ਦਿੱਤੀ ਸੀ ਅਤੇ ਸੱਕੀ ਵਿਅਕਤੀਆਂ ਖ਼ਿਲਾਫ ਛਾਪੇਮਾਰੀ ਵੀ ਕੀਤੀ ਜਾ ਰਹੀ ਹੈ। ਖਬਰ ਲਿਖੇ ਜਾਣ ਤੱਕ ਇਲਾਕਾ ਨਿਵਾਸੀ ਝਬਾਲ ਚੌਕ ਵਿੱਚ ਟ੍ਰੈਫਿਕ ਜਾਮ ਕਰਕੇ ਥਾਣਾ ਮੁਖੀ ਖ਼ਿਲਾਫ ਨਾਅਰੇਬਾਜੀ ਕਰ ਰਹੇ ਸਨ ਅਤੇ ਥਾਣਾ ਮੁਖੀ ਖ਼ਿਲਾਫ ਕਾਰਵਾਈ ਹੋਣ ਤੱਕ ਸਸਕਾਰ ਨਾ ਕਰਨ ਤੇ ਅੜੇ ਹਨ।




ਕੌਮੀ ਪਤ੍ਰਿਕਾ
ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।
Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad
Ph. : 011-41509689
011-23315814
Mob. : 9971359517
9312262300
E-mail address:
qpatrika@gmail.com
R.N.I. No. 39272/81
Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਗਰਭਵਤੀ ਧੀ ਨੂੰ ਮਿਲਣ ਜਾ ਰਹੀ ਮਾਂ ਨਾਲ ਵਾਪਰੀ ਅਣਹੋਣੀ, ਗਈਆਂ 2 ਜਾਨਾਂ

ਬਠਿੰਡਾ 3 ਅਕਤੂਬਰ। ਰਾਮਪੁਰਾ ਫੂਲ ਵਿਚ ਵਾਪਰੇ ਦਰਦਨਾਕ ਹਾਦਸੇ ਵਿਚ ਇਕ ਔਰਤ ਸਣੇ 2 ਲੋਕਾਂ ਦੀ ਮੌਤ ਹੋ ਗਈ ਹੈ। ਇਹ ਦੋਵੇਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਜਾ ਰਹੇ ਸਨ। ਰਾਹ ਵਿਚ ਇਕ ਤੇਜ ਰਫਤਾਰ ਕਾਰ ਨੇ ਉਨ੍ਹਾਂ ਨੂੰ ਆਪਣੇ ਲਪੇਟ ਵਿਚ ਲੈ ਲਿਆ ਤੇ ਕਈ ਮੀਟਰ ਦੂਰ ਤਕ ਘੜੀਸਦੀ ਲੈ



ਗਈ, ਜਿਸ ਵਿਚ ਮੋਟਰ ਸਾਈਕਲ ਸਵਾਰ ਔਰਤ ਤੇ ਵਿਅਕਤੀ ਦੀ ਮੌਤ ਹੋ ਗਈ। ਟੱਕਰ ਮਾਰ ਦ ਦੱਸਿਆ ਜਾ ਰਿਹਾ ਹੈ ਕਿ ਹਾਦਸੇ ਵਿਚ ਮਰਨ ਵਾਲੀ ਔਰਤ ਆਪਣੀ ਗਰਭਵਤੀ ਧੀ ਦਾ ਪਤਾ ਲੈਣ ਜਾ ਰਹੀ ਸੀ, ਪਰ ਰਾਹ ਵਿਚ ਹੀ ਉਸ ਨਾਲ ਇਹ ਹਾਦਸਾ ਵਾਪਰ ਗਿਆ। ਜਾਣਕਾਰੀ ਮੁਤਾਬਕ ਰਾਮਪੁਰਾ ਫੂਲ ਵਿਖੇ ਇਕ ਮੋਟਰਸਾਈਕਲ ਤੇ ਔਰਤ ਤੇ ਵਿਅਕਤੀ ਜਾ ਰਹੇ ਸਨ। ਭਾਈ ਰੂਪਾ ਰੋਡ 'ਤੇ ਸਾਹਮਣੇ ਤੋਂ ਆ ਰਹੀ ਇਕ ਤੇਜ ਰਫਤਾਰ ਕਾਰ ਨੇ ਉਨ੍ਹਾਂ ਨੂੰ ਆਪਣੀ ਲਪੇਟ ਵਿਚ ਲੈ ਲਿਆ। ਇਸ ਨਾਲ ਮੋਟਰਸਾਈਕਲ ਕਾਰ ਦੇ ਹੇਠਾਂ ਫੱਸ ਗਿਆ ਤੇ ਕਾਰ ਕਈ ਮੀਟਰ ਦੂਰ ਤਕ ਉਸ ਨੂੰ ਘੜੀਸਦੀ ਲੈ ਗਈ। ਇਸ ਹਾਦਸੇ ਵਿਚ ਮੋਟਰਸਾਈਕਲ ਸਵਾਰ ਵਿਅਕਤੀ ਤੇ ਔਰਤ ਦੀ ਦਰਦਨਾਕ ਮੌਤ ਹੋ ਗਈ। ਹਾਦਸੇ ਵਿਚ ਜਿੱਥੇ ਮੋਟਰਸਾਈਕਲ ਦੇ ਪਰਖੱਚੇ ਉੱਡ ਗਏ ਉੱਥੇ ਹੀ ਕਾਰ ਦਾ ਅਗਲਾ ਹਿੱਸਾ ਵੀ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ। ਕਾਰ ਚਾਲਕ ਵੀ ਗੰਭੀਰ ਰੂਪ ਨਾਲ ਜਖਮੀ ਹੋ ਗਿਆ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਸ ਪਾਰਟੀ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਬਚਾਅ ਕਾਰਜ ਅਰੰਭ ਦਿੱਤੇ ਹਨ। ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਧਾਰਮਿਕ ਸਥਾਨ ਤੋਂ ਮੱਥਾ ਟੇਕ ਕੇ ਪਰਤਦੇ ਸਮੇਂ ਵਾਪਰ ਗਿਆ ਭਿਆਨਕ ਹਾਦਸਾ, 2 ਲੋਕਾਂ ਦੀ ਹੋ ਗਈ ਦਰਦਨਾਕ ਮੌਤ

ਭਵਾਨੀਗੜ੍ਹ 3 ਅਕਤੂਬਰ। ਸਥਾਨਕ ਇਲਾਕੇ 'ਚ ਵਾਪਰੇ ਇਕ ਸੜਕ ਹਾਦਸੇ 'ਚ ਪਿੰਡ ਨਮਾਦਾ ਵਿਖੇ ਮੱਥਾ ਟੇਕ ਕੇ ਪਰਤ ਰਹੇ ਦੋ ਵਿਅਕਤੀਆਂ ਦੀ ਮੌਤ ਹੋ ਗਈ। ਇਸ ਸਬੰਧੀ ਪੁਲਸ ਨੇ ਦੋ ਵਾਹਨ ਚਾਲਕਾਂ ਵਿਰੁੱਧ ਮਾਮਲਾ ਦਰਜ ਕੀਤਾ ਹੈ। ਇਸ ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਪੁਲਸ ਦੇ ਸਹਾਇਕ ਸਬ ਇੰਸਪੈਕਟਰ ਚਮਕੌਰ ਸਿੰਘ ਨੇ ਦੱਸਿਆ ਕਿ ਬਲਵਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਲੁਹਾਰ ਮਾਜਰਾ ਨਾਭਾ ਨੇ ਸਥਾਨਕ ਪੁਲਸ ਨੂੰ ਕੀਤੀ ਸ਼ਿਕਾਇਤ 'ਚ ਦੱਸਿਆ ਕਿ ਉਸ ਦਾ ਭਰਾ ਗੁਰਪ੍ਰਤਾਪ ਸਿੰਘ ਲੰਘੇ 25 ਸਤੰਬਰ ਨੂੰ ਪਿੰਡ ਨਮਾਦਾ ਵਿਖੇ ਮੱਥਾ ਟੇਕ ਕੇ ਆਪਣੇ ਮੋਟਰਸਾਈਕਲ ਰਾਹੀਂ ਵਾਪਸ ਆਪਣੇ ਪਿੰਡ ਲੁਹਾਰ ਮਾਜਰਾ ਨੂੰ ਪਰਤ ਰਿਹਾ ਸੀ। ਇਸ ਦੌਰਾਨ ਰਸਤੇ 'ਚ ਪਿੰਡ ਮਾਝਾ ਵਿਖੇ ਪੁਲੀ ਤੋਂ ਥੋੜਾ ਅੱਗੇ ਇਕ ਤੇਜ਼ ਰਫਤਾਰ ਸਵਿਫਟ ਕਾਰ ਦੇ ਚਾਲਕ ਨੇ ਉਸ ਦੇ ਭਰਾ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ ਅਤੇ ਉਸ ਦਾ ਭਰਾ ਸੜਕ 'ਤੇ ਡਿੱਗ ਪਿਆ। ਇਸ ਦੌਰਾਨ ਪਿੱਛੋਂ ਆ ਰਹੀ ਇਕ ਫਾਰਚੂਨਰ ਕਾਰ ਉਸ ਦੇ ਭਰਾ ਦੇ ਉਪਰ ਚੜ੍ਹ ਗਈ ਤੇ ਸਵਿਫਟ ਕਾਰ ਚਾਲਕ ਮੌਕੇ ਤੋਂ ਫਰਾਰ ਹੋ ਗਿਆ, ਜਿਸ ਕਾਰਨ ਇਸ ਹਾਦਸੇ 'ਚ ਉਸ ਦਾ ਭਰਾ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ ਅਤੇ ਮੋਟਰਸਾਈਕਲ ਵੀ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਉਨ੍ਹਾਂ ਦੱਸਿਆ ਗੰਭੀਰ ਰੂਪ 'ਚ ਜ਼ਖਮੀ ਹੋਏ ਗੁਰਪ੍ਰਤਾਪ ਸਿੰਘ ਨੂੰ ਇਲਾਜ ਲਈ ਸਿਵਲ ਹਸਪਤਾਲ ਨਾਭਾ ਵਿਖੇ ਲਿਜਾਇਆ ਗਿਆ ਜਿਥੇ ਉਸਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਉਸ ਨੂੰ ਪਟਿਆਲਾ ਦੇ ਇਕ ਨਿੱਜੀ ਹਸਪਤਾਲ ਵਿਖੇ ਭਰਤੀ ਕਰਵਾਇਆ ਗਿਆ ਜਿਥੇ



ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਪੁਲਸ ਨੇ ਬਲਵਿੰਦਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਸਵਿਫਟ ਕਾਰ ਦੇ ਨਾਮਾਲੂਮ ਚਾਲਕ ਵਿਰੁੱਧ ਮਾਮਲਾ ਦਰਜ ਕਰ ਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਇਸੇ ਤਰ੍ਹਾਂ, ਇਕ ਹੋਰ ਮਾਮਲੇ 'ਚ ਜਗਸੀਰ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਭੱਟੀਵਾਲ ਕਲਾਂ ਨੇ ਸਥਾਨਕ ਪੁਲਸ ਨੂੰ ਕੀਤੀ ਸ਼ਿਕਾਇਤ 'ਚ ਦੱਸਿਆ ਕਿ ਉਸ ਦਾ ਪਿਤਾ ਕਰਨੈਲ ਸਿੰਘ ਅਤੇ ਉਸ ਦੀ ਭੈਣ ਗੁਰਮੀਤ ਕੌਰ ਜਦੋਂ ਪਿੰਡ ਨਮਾਦਾ ਵਿਖੇ ਮੱਥਾ ਟੇਕ ਕੇ ਆਪਣੇ ਮੋਟਰਸਾਈਕਲ ਰਾਹੀਂ ਪਿੰਡ ਕਾਲਾਝਾੜ ਨੂੰ ਜਾ ਰਹੇ ਸਨ। ਇਸ ਦੌਰਾਨ ਕਾਲਾਝਾੜ ਕੱਟ ਨਜ਼ਦੀਕ ਇਕ ਤੇਜ਼ ਰਫਤਾਰ ਬੁਲੇਟ ਮੋਟਰਸਾਈਕਲ ਨੇ ਆਪਣਾ ਮੋਟਰਸਾਈਕਲ ਪਿੱਛੋਂ ਲਿਆ ਕੇ ਉਸ ਦੇ ਪਿਤਾ ਦੇ ਮੋਟਰਸਾਈਕਲ 'ਚ ਮਾਰਿਆ। ਇਸ ਕਾਰਨ ਉਸ ਦੇ ਪਿਤਾ ਅਤੇ ਭੈਣ ਦੋਵੇਂ ਸੜਕ 'ਤੇ ਡਿੱਗ ਪਏ ਅਤੇ ਉਨ੍ਹਾਂ ਦੇ ਕਾਫ਼ੀ ਸੱਟਾਂ ਲੱਗੀਆਂ, ਜਿਨ੍ਹਾਂ ਨੂੰ ਇਲਾਜ ਲਈ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਭਰਤੀ ਕਰਵਾਇਆ ਗਿਆ ਜਿਥੇ ਇਲਾਜ ਦੌਰਾਨ ਉਸ ਦੇ ਪਿਤਾ ਕਰਨੈਲ ਸਿੰਘ ਦੀ ਮੌਤ ਹੋ ਗਈ। ਪੁਲਸ ਨੇ ਜਗਸੀਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਬੁਲੇਟ ਮੋਟਰਸਾਈਕਲ ਚਾਲਕ ਰੋਹਿਤ ਜਿੰਦਲ ਵਾਸੀ ਰੇਲਵੇ ਰੋਡ ਸੁਨਾਮ ਵਿਰੁੱਧ ਮਾਮਲਾ ਦਰਜ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਜਲੰਧਰ ਪੁਲਸ ਨੇ 24 ਘੰਟਿਆਂ 'ਚ ਸੁਲਝਾਇਆ ਸਿੱਖ ਨੌਜਵਾਨ ਦੇ ਕਤਲ ਦਾ ਮਾਮਲਾ, ਦੋ ਗ੍ਰਿਫਤਾਰ

ਜਲੰਧਰ 3 ਅਕਤੂਬਰ। ਪੁਲਸ ਕਮਿਸਨਰ ਸਵਪਨ ਸਰਮਾ ਦੀ ਅਗਵਾਈ ਹੇਠ ਜਲੰਧਰ ਕਮਿਸਨਰੇਟ ਪੁਲਸ ਨੇ 24 ਘੰਟਿਆਂ ਦੇ ਅੰਦਰ ਇਕ ਅੰਨ੍ਹੇ ਕਤਲ ਕਾਂਡ ਨੂੰ ਸੁਲਝਾ ਲਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਪੁਲਸ ਕਮਿਸਨਰ ਨੇ ਦੱਸਿਆ ਕਿ ਪੁਲਿਸ ਥਾਣਾ ਭਾਰਗੋ ਕੈਂਪ ਨੂੰ ਦੁਰਗਾ ਸਕਤੀ ਮੰਦਿਰ, ਦਿਓਲ ਨਗਰ, ਜਲੰਧਰ ਨੇੜੇ ਪਲੈਟੀਨਾ ਮੋਟਰਸਾਈਕਲ ਨੰਬਰ ਪੀ.ਬੀ.08-ਐਫ. ਐਫ-6344 ਸਮੇਤ ਇਕ ਸਿੱਖ ਨੌਜਵਾਨ ਦੀ ਲਾਸ ਮਿਲੀ ਸੀ। ਉਨ੍ਹਾਂ ਦੱਸਿਆ ਕਿ ਪੁਲਸ ਪਾਰਟੀ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਕੀਤੀ। ਹਾਲਾਂਕਿ ਸਵਪਨ ਸਰਮਾ ਨੇ ਕਿਹਾ ਕਿ ਮ੍ਰਿਤਕ ਵਿਅਕਤੀ ਬਾਰੇ ਕੋਈ ਜਾਣਕਾਰੀ ਨਹੀਂ ਮਿਲੀ ਹੈ। ਜਿਸ ਕਾਰਨ ਪੁਲਸ ਕਮਿਸਨਰ ਨੇ ਅਣਪਛਾਤੀ ਲਾਸ ਨੂੰ ਸਿਵਲ ਹਸਪਤਾਲ ਜਲੰਧਰ ਪਹੁੰਚਾਇਆ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਮੋਟਰਸਾਈਕਲ ਦੇ ਰਜਿਸਟ੍ਰੇਸ਼ਨ ਨੰਬਰ ਰਾਹੀਂ ਮ੍ਰਿਤਕ ਦੇ



ਪਰਿਵਾਰ ਨੂੰ ਟਰੇਸ ਕੀਤਾ ਗਿਆ। ਸਵਪਨ ਸਰਮਾ ਨੇ ਦੱਸਿਆ ਕਿ ਮ੍ਰਿਤਕ ਦੀ ਭੈਣ ਗਗਨਦੀਪ ਕੌਰ ਵਾਸੀ ਗੁਰਜੀਤ ਸਿੰਘ ਵਾਸੀ ਡਾ. ਕਾਲੋਨੀ ਛੇਵੀਂ ਪਾਤਸਾਹੀ ਗੁਰਦੁਆਰਾ ਸਾਹਿਬ ਬਸਤੀ ਸੇਖ, ਜਲੰਧਰ ਨੇ ਬਿਆਨ ਦਿੱਤਾ ਕਿ ਉਸ ਨੂੰ ਸੱਕ ਹੈ ਕਿ ਉਸ ਦੇ ਭਰਾ ਦਾ ਕਤਲ ਕਰਕੇ ਲਾਸ ਸੁੱਟ ਦਿੱਤੀ ਗਈ ਹੈ। ਸਵਪਨ ਸਰਮਾ ਨੇ ਦੱਸਿਆ ਕਿ ਤੁਰੰਤ ਕਾਰਵਾਈ ਕਰਦੇ ਹੋਏ ਥਾਣਾ ਭਾਰਗੋ ਕੈਂਪ, ਜਲੰਧਰ ਵਿਖੇ ਐੱਫ. ਆਈ. ਆਰ. ਨੰਬਰ 92 ਮਿਤੀ 27.09.2024 ਨੂੰ ਧਾਰਾ 103(1) ਬੀ. ਐੱਨ. ਐੱਸ. ਤਹਿਤ ਦਰਜ ਕੀਤਾ ਗਿਆ ਸੀ। ਪੁਲਸ ਕਮਿਸਨਰ ਨੇ ਦੱਸਿਆ ਕਿ ਪੁਲਸ ਨੇ ਵਿਗਿਆਨਕ ਅਤੇ ਤਕਨੀਕੀ ਜਾਂਚ ਦੇ ਆਧਾਰ 'ਤੇ ਮੁਲਜਮ ਦੀ ਪਛਾਣ ਸੂਰਜ ਕੁਮਾਰ ਪੁੱਤਰ ਬੂਟਾ ਰਾਮ ਵਾਸੀ 1682, ਭਾਰਗੋ ਕੈਂਪ, ਜਲੰਧਰ, ਅਤੇ ਗੌਰਵ ਕੁਮਾਰ ਉਰਫ ਗੋਰਾ, ਪੁੱਤਰ ਰਾਜ ਕੁਮਾਰ, ਵਾਸੀ ਨੰਬਰ. 95/5/6, ਟਾਹਲੀ ਵਾਲਾ ਚੌਕ, ਭਾਰਗੋ ਕੈਂਪ, ਜਲੰਧਰ ਦੇ ਤੌਰ 'ਤੇ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਦੋਵਾਂ ਨੂੰ ਪੁਲਿਸ ਨੇ ਜੁਰਮ ਦੇ 24 ਘੰਟਿਆਂ ਦੇ ਅੰਦਰ ਹੀ ਗ੍ਰਿਫਤਾਰ ਕਰ ਲਿਆ। ਸਵਪਨ ਸਰਮਾ ਨੇ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਵੇਰਵੇ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

## ਭੱਠੀ ਦਾ ਸਾਮਾਨ, 90 ਲੀਟਰ ਲਾਹਣ ਅਤੇ 50 ਬੋਤਲਾਂ ਦੇਸੀ ਸਰਾਬ ਬਰਾਮਦ

ਬਟਾਲਾ/ਨੌਸਹਿਰਾ ਮੱਝਾ ਸਿੰਘ/ਘੁਮਾਣ 3 ਅਕਤੂਬਰ। ਐਕਸਾਈਜ ਵਿਭਾਗ ਦੀ ਟੀਮ ਨੇ ਸਰਾਬ ਦੀ ਭੱਠੀ ਦੇ ਸਾਮਾਨ ਸਮੇਤ 90 ਲੀਟਰ ਲਾਹਣ ਅਤੇ 50 ਬੋਤਲਾਂ ਦੇਸੀ ਨਾਜਾਇਜ ਸਰਾਬ ਬਰਾਮਦ ਕੀਤੀ। ਐਕਸਾਈਜ ਇੰਸਪੈਕਟਰ ਪੰਕਜ ਸਰਮਾ ਨੇ ਦੱਸਿਆ ਕਿ ਐਕਸਾਈਜ ਈ. ਟੀ. ਓ. ਹੇਮੰਤ ਸਰਮਾ, ਐਕਸਾਈਜ ਇੰਸਪੈਕਟਰ ਬਿਕਰਮਜੀਤ ਸਿੰਘ ਭੁੱਲਰ, ਐਕਸਾਈਜ ਇੰਸਪੈਕਟਰ ਵਿਜੇ ਕੁਮਾਰ, ਐਕਸਾਈਜ ਪੁਲਸ ਸਟਾਫ ਇੰਚਾਰਜ ਏ. ਐੱਸ. ਆਈ. ਸਰੂਪ ਸਿੰਘ, ਏ. ਐੱਸ. ਆਈ. ਬਲਵਿੰਦਰ ਸਿੰਘ, ਸਰਕਲ ਇੰਚਾਰਜ ਸਾਬੀ, ਆਰ. ਕੇ. ਇੰਟਰਪ੍ਰਾਈਜ਼ਿਜ ਦੇ ਜੀ. ਐੱਮ. ਗੁਰਪ੍ਰੀਤ ਗੋਪੀ ਉੱਪਲ 'ਤੇ ਆਧਾਰਿਤ ਰੇਡ ਪਾਰਟੀ ਨੇ ਪਿੰਡ ਭੇਟ ਪਤਨ ਨੇੜੇ ਦਰਿਆ ਦੇ ਕੰਢੇ ਤੋਂ ਤਲਾਸੀ ਦੌਰਾਨ ਸਰਾਬ ਦੀ ਭੱਠੀ ਦੇ ਸਾਮਾਨ ਸਮੇਤ 1 ਪਲਾਸਟਿਕ ਦੇ ਬਾਲਟੀ 'ਚੋਂ 90 ਲੀਟਰ ਲਾਹਣ ਅਤੇ 1 ਸਿਲਵਰ ਕੰਟੇਨਰ 'ਚੋਂ 50 ਬੋਤਲਾਂ ਦੇਸੀ ਨਾਜਾਇਜ ਸਰਾਬ ਬਰਾਮਦ ਕੀਤੀ। ਇਸ ਮੌਕੇ ਦਲਜੀਤ, ਹਰਜੀਤ, ਸਿਪਾਹੀ ਮਨਦੀਪ, ਹੌਲਦਾਰ ਗਗਨ, ਹੌਲਦਾਰ ਨਰਿੰਦਰ, ਬਲਜੀਤ, ਮਾਸਟਰ, ਅਜੇ ਸਿੰਘ, ਅਮਰਜੀਤ ਖੰਡੋ, ਮੇਵਾ, ਅਮਰ, ਰਾਜਬੀਰ, ਗੋਲਡੀ ਆਦਿ ਹਾਜਰ ਸਨ।

# ਪਹਿਲਾਂ ਰੇਡ ਕਰ ਕੇ ਸਮੱਗਲਰਾਂ ਨੂੰ ਫੜਦੇ ਸੀ ਪਿਓ-ਪੁੱਤ, ਮੁਨਾਫਾ ਵੇਖ ਆਪ ਹੀ ਬਣ ਗਏ ਤਸਕਰ

ਲੁਧਿਆਣਾ 3 ਅਕਤੂਬਰ। ਸ਼ਰਾਬ ਦੇ ਠੇਕਿਆਂ ਦੀ ਰੇਡ ਪਾਰਟੀ ਨਾਲ ਸ਼ਰਾਬ ਦੇ ਸਮੱਗਲਰਾਂ ਨੂੰ ਫੜਨ ਵਾਲੇ ਪਿਓ-ਪੁੱਤ ਸਮੱਗਲਿੰਗ 'ਚ ਵੱਡਾ ਮੁਨਾਫਾ ਦੇਖ ਕੇ ਖੁਦ ਹੀ ਸ਼ਰਾਬ ਸਮੱਗਲਰ ਬਣ ਗਏ। ਕਈ ਵਾਰ ਜੇਲ ਜਾਣ ਤੋਂ ਬਾਅਦ ਮੁਲਜ਼ਮ ਜ਼ਮਾਨਤ 'ਤੇ ਬਾਹਰ ਆ ਕੇ ਵੀ ਸਮੱਗਲਿੰਗ ਦਾ ਧੰਦਾ ਕਰਨ ਲੱਗ ਜਾਂਦੇ ਸਨ। ਹੁਣ ਜਦੋਂ ਦੋਵੇਂ ਮੁਲਜ਼ਮ ਕਾਰ 'ਚ ਨਾਜਾਇਜ਼ ਸ਼ਰਾਬ ਦੀ ਸਪਲਾਈ ਕਰਨ ਜਾ ਰਹੇ ਸਨ ਤਾਂ ਐਂਟੀ ਨਾਰਕੋਟਿਕਸ ਸੈੱਲ ਦੀ ਪੁਲਸ ਨੇ ਛਾਪਾ ਮਾਰ ਕੇ ਪਿਤਾ ਨੂੰ ਕਾਬੂ ਕਰ ਲਿਆ, ਜਦਕਿ ਪੁੱਤਰ ਮੌਕੇ ਤੋਂ ਫਰਾਰ ਹੋ ਗਿਆ। ਫੜੇ ਗਏ ਮੁਲਜ਼ਮ ਦਾ ਨਾਂ ਸੁਨੀਲ ਕੁਮਾਰ ਉਰਫ ਡੋਡਾ ਹੈ, ਜਦੋਂਕਿ ਉਸ ਦਾ ਲੜਕਾ ਵਰੁਣ ਕੁਮਾਰ ਉਰਫ ਟਿੱਡਾ ਫਰਾਰ ਹੈ। ਉਸ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਜਾਣਕਾਰੀ ਦਿੰਦਿਆਂ ਐਂਟੀ ਨਾਰਕੋਟਿਕਸ ਸੈੱਲ ਦੇ ਇੰਚਾਰਜ ਨਰਪਿੰਦਰਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੇ ਇਲਾਕੇ 'ਚ ਨਾਕਾਬੰਦੀ ਕੀਤੀ ਹੋਈ ਸੀ। ਉਦੋਂ ਉਨ੍ਹਾਂ ਨੂੰ ਸੂਚਨਾ



ਮਿਲੀ ਕਿ ਦੋਸ਼ੀ ਪਿਓ-ਪੁੱਤ ਸ਼ਰਾਬ ਦੀ ਸਮੱਗਲਿੰਗ ਦਾ ਧੰਦਾ ਕਰਦੇ ਹਨ, ਜੋ ਕਾਰ 'ਤੇ ਸ਼ਰਾਬ ਸਪਲਾਈ ਕਰਨ ਜਾ ਰਹੇ ਹਨ। ਇਸ 'ਤੇ ਪੁਲਸ ਨੇ ਨਾਕਾਬੰਦੀ ਦੌਰਾਨ ਕਾਰ ਰੋਕ ਕੇ ਸੁਨੀਲ ਨੂੰ ਕਾਬੂ ਕਰ ਲਿਆ, ਜਦਕਿ ਹਨੇਰੇ ਦਾ ਫਾਇਦਾ ਉਠਾਉਂਦੇ ਹੋਏ ਉਸ ਦਾ ਲੜਕਾ ਵਰੁਣ ਫਰਾਰ ਹੋ ਗਿਆ। ਜਦੋਂ ਕਾਰ ਦੀ ਤਲਾਸ਼ੀ ਲਈ ਗਈ ਤਾਂ ਉਸ 'ਚੋਂ 10 ਪੇਟੀਆਂ ਨਾਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਸ ਦਾ ਕਹਿਣਾ ਹੈ ਕਿ ਸੁਨੀਲ ਅਤੇ ਵਰੁਣ ਪਹਿਲਾਂ ਸ਼ਰਾਬ ਦੇ ਠੇਕੇਦਾਰ ਕੋਲ ਰੇਡ ਪਾਰਟੀ 'ਚ ਕੰਮ ਕਰਦੇ ਸਨ। ਉਹ ਸ਼ਰਾਬ ਦੇ ਸਮੱਗਲਰਾਂ ਨੂੰ ਫੜਦੇ ਸਨ ਪਰ ਸਮੱਗਲਿੰਗ ਤੋਂ ਹੋਣ ਵਾਲੀ ਮੋਟੀ ਕਮਾਈ ਨੂੰ ਦੇਖ ਕੇ ਦੋਵਾਂ ਨੂੰ ਲਾਲਚ ਆ ਗਿਆ ਅਤੇ ਫਿਰ ਦੋਵੇਂ ਖੁਦ ਹੀ ਸਮੱਗਲਿੰਗ ਦੇ ਧੰਦੇ 'ਚ ਲੱਗ ਗਏ।

## ਹਸਪਤਾਲ 'ਚ ਮਹਿਲਾ ਡਾਕਟਰ ਦੀ ਲੱਤਾਂ-ਮੁੱਕਿਆਂ ਨਾਲ ਕੁੱਟਮਾਰ

ਲਖਨਾਊ 3 ਅਕਤੂਬਰ। ਉੱਤਰ ਪ੍ਰਦੇਸ ਦੀ ਰਾਜਧਾਨੀ ਲਖਨਊ ਵਿੱਚ ਇੱਕ ਮਹਿਲਾ ਡਾਕਟਰ ਦੀ ਕੁੱਟਮਾਰ ਦਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਲੋਕਬੰਧੂ ਹਸਪਤਾਲ 'ਚ ਡਿਊਟੀ 'ਤੇ ਮੌਜੂਦ ਮਹਿਲਾ ਡਾਕਟਰ ਨੂੰ ਮਰੀਜ ਦੇ ਨਾਲ ਆਏ ਸੇਵਾਦਾਰਾਂ ਨੇ ਬੁਰੀ ਤਰ੍ਹਾਂ ਕੁੱਟਿਆ। ਉਨ੍ਹਾਂ ਨੇ ਡਾਕਟਰ ਦੀ ਕੁੱਟਮਾਰ ਕਰਦੇ ਹੋਏ ਉਸ ਨੂੰ ਵਾਲਾਂ ਤੋਂ ਘਸੀਟਿਆ ਅਤੇ ਗਾਲ੍ਹਾਂ ਵੀ ਕੱਢੀਆਂ। ਇਸ ਘਟਨਾ ਦਾ ਵੀਡੀਓ ਸੋਸਲ ਮੀਡੀਆ 'ਤੇ ਤੇਜੀ ਨਾਲ ਵਾਇਰਲ ਹੋ ਰਿਹਾ ਹੈ। ਇਹ ਘਟਨਾ ਹਸਪਤਾਲ ਵਿੱਚ 30 ਮਿੰਟ ਤੱਕ ਚੱਲਦੀ ਰਹੀ ਅਤੇ ਲੋਕ ਖੜ੍ਹੇ ਹੋ ਕੇ ਇਸ ਨੂੰ ਦੇਖਦੇ ਹੀ ਰਹੇ। ਜਾਣਕਾਰੀ ਮੁਤਾਬਕ ਰਾਜਾਜੀਪੁਰਮ ਦੇ ਰਹਿਣ ਵਾਲੇ 65 ਸਾਲਾ ਰਾਜੇਸ ਟੰਡਨ ਢਿੱਡ 'ਚ ਤੇਜ ਦਰਦ ਹੋਣ ਕਾਰਨ ਵੀਰਵਾਰ ਸਾਮ ਕਰੀਬ 7 ਵਜੇ ਕਾਨਪੁਰ ਰੋਡ ਸਥਿਤ ਐਲਡੀਏ ਕਲੋਨੀ ਸੈਕਟਰ-ਬੀ ਸਥਿਤ ਲੋਕਬੰਧੂ ਹਸਪਤਾਲ 'ਚ ਇਲਾਜ ਲਈ ਪਹੁੰਚੇ ਸਨ। ਮਰੀਜ ਦੀ ਮਾੜੀ ਹਾਲਤ ਨੂੰ ਦੇਖਦੇ ਹੋਏ ਹਸਪਤਾਲ ਦੀ ਜੂਨੀਅਰ ਮਹਿਲਾ ਡਾਕਟਰ ਨੇ ਮਰੀਜ ਨੂੰ ਦਾਖਲ ਕਰਵਾਇਆ। ਇਸ ਦੌਰਾਨ ਮਰੀਜ ਦੇ ਨਾਲ ਆਈਆਂ ਤਿੰਨ-ਚਾਰ ਔਰਤਾਂ ਕਿਸੇ ਗੱਲ ਨੂੰ ਲੈ ਕੇ ਗੁੱਸੇ 'ਚ ਆ ਗਈਆਂ। ਮਰੀਜ ਦਾ ਇਲਾਜ ਕਰ ਰਹੀ ਜੂਨੀਅਰ ਮਹਿਲਾ ਡਾਕਟਰ ਨੇ ਜੋਤੀ ਕ੍ਰਿਸਨਾਮੂਰਤੀ ਨਾਲ ਦੁਰਵਿਵਹਾਰ ਕਰਨਾ ਸੁਰੂ ਕਰ ਦਿੱਤਾ। ਮਰੀਜ ਦੇ ਨਾਲ ਆਏ ਸੇਵਾਦਾਰਾਂ ਨੇ ਮਹਿਲਾ ਡਾਕਟਰ ਦੀ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਉਸ ਦੇ ਵਾਲ ਪੁੱਟੇ ਅਤੇ ਗਾਲ੍ਹਾਂ ਵੀ ਕੱਢੀਆਂ। ਇਸ ਦੌਰਾਨ ਮੌਕੇ 'ਤੇ ਮੌਜੂਦ ਹਸਪਤਾਲ ਦੇ ਸਟਾਫ ਨੇ ਦਖਲ ਦੇ ਕੇ ਮਹਿਲਾ ਡਾਕਟਰ ਨੂੰ ਬਚਾਇਆ। ਇਸ ਦੌਰਾਨ ਮਰੀਜ ਦੇ ਨਾਲ ਆਏ ਸੇਵਾਦਾਰ ਮਰੀਜ ਨੂੰ ਬਿਨਾਂ ਛੁੱਟੀ ਦਿੱਤੇ ਹੀ ਆਪਣੇ ਨਾਲ ਲੈ ਗਏ। ਮਹਿਲਾ ਡਾਕਟਰ ਨੇ ਮਾਮਲੇ ਦੀ ਜਾਣਕਾਰੀ ਹਸਪਤਾਲ ਦੇ ਡਾਇਰੈਕਟਰ ਸੁਰੇਸ ਚੰਦਰ ਨੂੰ ਦਿੱਤੀ ਅਤੇ ਸਥਾਨਕ ਕ੍ਰਿਸਨਾਨਗਰ ਥਾਣੇ ਵਿੱਚ ਲਿਖਤੀ ਸ਼ਿਕਾਇਤ ਦਰਜ ਕਰਵਾਈ।

# ਲਾਇਸੈਂਸੀ ਅਸਲਾ ਧਾਰਕਾਂ ਲਈ ਅਹਿਮ ਖਬਰ

ਅੰਮ੍ਰਿਤਸਰ 3 ਅਕਤੂਬਰ। ਡਿਪਟੀ ਕਮਿਸਨਰ-ਕਮ-ਜਿਲਾ ਮਜਿਸਟ੍ਰੇਟ ਅੰਮ੍ਰਿਤਸਰ ਸਾਕਸੀ ਸਾਹਨੀ ਨੇ ਆ ਰਹੀਆਂ ਪੰਚਾਇਤ ਚੋਣਾਂ ਦੇ ਮੱਦੇਨਜਰ ਜ਼ਿਲ੍ਹੇ ਦੇ ਸਾਰੇ ਲਾਇਸੈਂਸੀ ਅਸਲਾ ਧਾਰਕ ਨੂੰ ਹਦਾਇਤ ਕੀਤੀ ਹੈ ਕਿ ਉਹ ਪੰਚਾਇਤ ਚੋਣਾਂ ਦੇ ਮੱਦੇਨਜਰ ਆਪਣਾ ਅਸਲਾ ਪੁਲਸ ਥਾਣੇ ਜਾਂ ਅਸਲਾ ਡੀਲਰ ਕੋਲ 3 ਅਕਤੂਬਰ ਤੱਕ ਜਮ੍ਹਾ ਕਰਵਾਉਣ। ਉਨ੍ਹਾਂ ਜਾਰੀ ਕੀਤੇ ਹੁਕਮਾਂ ਵਿੱਚ ਕਿਹਾ ਕਿ ਰਾਜ ਚੋਣ ਕਮਿਸਨ, ਪੰਜਾਬ ਵੱਲੋਂ ਆਮ ਪੰਚਾਇਤੀ ਚੋਣਾਂ, 2024 ਦੇ ਮੱਦੇਨਜਰ ਪੰਜਾਬ ਵਿੱਚ ਆਦਰਸ ਚੋਣ ਜਾਬਤਾ ਲਾਗੂ ਕਰਦੇ ਹੋਏ ਚੋਣਾਂ ਦਾ ਸਡਿਊਲ ਜਾਰੀ ਕੀਤਾ ਗਿਆ ਹੈ, ਜਿਸ ਦੇ ਤਹਿਤ ਪੰਜਾਬ ਭਰ ਵਿੱਚ



ਪੰਚਾਇਤ ਚੋਣਾਂ 15 ਅਕਤੂਬਰ ਨੂੰ ਹੋਣੀਆਂ ਹਨ ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹੇ ਵਿੱਚ ਅਮਨ ਕਾਨੂੰਨ ਦੀ ਵਿਵਸਥਾ, ਲੋਕ ਹਿੱਤ, ਸਾਂਤੀ ਬਣਾਈ ਰੱਖਣ ਅਤੇ ਹੋਣ ਵਾਲੀਆਂ ਚੋਣਾਂ ਨੂੰ ਸੁਚੱਜੇ/ਸਾਤਮਈ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਵਿੱਚ ਅਸਲਾ ਧਾਰਕਾਂ ਪਾਸੋਂ ਉਨਾਂ ਦੇ ਅਸਲੇ ਨੂੰ ਜਮ੍ਹਾ ਕਰਵਾਉਣਾ ਅਤੀ ਜਰੂਰੀ ਹੈ ਤਾਂ ਜੇਕਰ ਕਿਸ ਤਰ੍ਹਾਂ ਦੀ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ। ਉਕਤ ਹਵਾਲੇ ਵਿੱਚ ਜ਼ਿਲ੍ਹਾ ਮੈਜਿਸਟ੍ਰੇਟ ਅੰਮ੍ਰਿਤਸਰ ਨੇ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਹੁਕਮ ਜਾਰੀ ਕੀਤਾ ਹੈ


**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH
EX.MALL, SECTOR-9,
ROHINI, NEW DELHI


## ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਸਰਕਾਰ
## ਸਾਮਾਨਯ ਪ੍ਰਸ਼ਾਸਨ ਵਿਭਾਗ
## (ਸਮਨਵਯ ਸ਼ਾਖਾ)
**ਦਿੱਲੀ ਸਚਿਵਾਲਯ, ਆਈ. ਪੀ. ਇਸਟੇਟ, ਨਵੀਂ ਦਿੱਲੀ-110002**

**ਜਨਤੱਕ ਸੂਚਨਾਂ**

ਜਨਸਾਧਾਰਨ ਦੀ ਜਾਣਕਾਰੀ ਦੇ ਲਈ ਇਹ ਸੂਚਿਤ ਕੀਤਾ ਜਾਂਦਾ ਹੈ ਕਿ ਜਨ ਪ੍ਰਤਿਨਿਧਿਤਵ ਅਧਿਨਿਯਮ, 1951 ਦੀ ਧਾਰਾ 135-ਬੀ ਦੇ ਉਪਬੰਧ ਦੇ ਅਨੁਸਾਰ ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ 'ਚ ਕਿਸੀ ਵਪਾਰ, ਕੰਮਕਾਜ, ਉਦਯੋਗਿਕ ਉਪਕ੍ਰਮ ਜਾਂ ਕਿਸੀ ਹੋਰ ਪ੍ਰਤਿਸ਼ਠਾਨ/ਸੰਸਥਾਪਨਾ 'ਚ ਕੰਮ ਕਰਦੇ ਅਤੇ ਹਰਿਆਣਾ ਰਾਜ ਦੇ ਨਿਰਵਾਚਨ ਖੇਤਰਾਂ 'ਚ ਪਾਤਰ ਹਰੇਕ ਵਿਅਕਤੀ ਨੂੰ, ਮਤਦਾਨ ਦੇ ਦਿਨ ਮਤਲਬ 5, ਅਕਤੂਬਰ 2024 (ਸ਼ਨੀਵਾਰ) ਨੂੰ ਸਵੈਤਨਿਕ ਛੁੱਟੀ ਦਿੱਤੀ ਜਾਵੇਗੀ ਤਾਂਕਿ ਉਹ ਵਿਧਾਨਸਭਾ ਚੋਣਾਂ 'ਚ ਆਪਣੇ ਮਤ ਦਾ ਪ੍ਰਯੋਗ ਕਰ ਸਕੇ।

ਉਕਤ ਛੁੱਟੀ ਦੇ ਕਾਰਨ ਕੋਈ ਵੀ ਵੇਤਨ ਕੱਟਿਆ ਜਾਂ ਰੋਕਿਆ ਨਹੀਂ ਜਾਵੇਗਾ ਅਤੇ ਅਗਰ ਕੋਈ ਵਿਅਕਤੀ ਇਸ ਆਧਾਰ 'ਤੇ ਨਿਯੁਕਤ ਹੈ ਕਿ ਉਸ ਦਿਨ ਦੇ ਲਈ ਸਾਧਾਰਨ: ਕੋਈ ਵੇਤਨ ਪ੍ਰਾਪਤ ਨਹੀਂ ਹੋਵੇਗਾ, ਤਾਂ ਵੀ ਉਹਨੂੰ ਉਨ੍ਹਾਂ ਹੀ ਵੇਤਨ ਪ੍ਰਾਪਤ ਹੋਵੇਗਾ ਜਿਵੇਂ ਉਸ ਦਿਨ ਉਸ ਨੂੰ ਕੋਈ ਛੁੱਟੀ ਨਹੀਂ ਦਿੱਤੀ ਗਈ ਸੀ। ਦੈਨਿਕ ਵੇਤਨ/ਆਕਸਮਿਕ ਕੰਮਗਾਰ ਵੀ ਜਨ ਪ੍ਰਤਿਨਿਧਿਤਵ ਅਧਿਨਿਯਮ, 1951 ਦੀ ਧਾਰਾ 135-ਬੀ ਦੇ ਅਨੁਸਾਰ ਮਤਦਾਨ ਦੇ ਦਿਨ ਸਵੈਤਨਿਕ ਛੁੱਟੀ ਦੇ ਪਾਤ੍ਰ ਹੋਣਗੇ। ਅਗਰ, ਜਨ ਪ੍ਰਤਿਨਿਧਿਤਵ ਅਧਿਨਿਯਮ, 1951 ਦੀ ਧਾਰਾ 135-ਬੀ ਦੇ ਅਨੁਸਾਰ ਇਹ ਧਾਰਾ ਉਨ੍ਹਾਂ ਵਿਅਕਤੀਆਂ 'ਤੇ ਲਾਗੂ ਨਹੀਂ ਹੋਵੇਗੀ ਜਿਨ੍ਹਾਂ ਦੀ ਅਨੁਉਪਸਥਿਤੀ ਦੇ ਕਾਰਨ ਉਸ ਰੋਜ਼ਗਾਰ ਨੂੰ ਸੰਕਟ ਜਾਂ ਭਾਰੀ ਨੁਕਸਾਨ ਹੋ ਸਕਦਾ ਹੈ, ਜਿਸ 'ਚ ਕੰਮ ਕਰਦਾ ਹੈ।

ਉਕਤ ਉਪਬੰਧਾਂ ਦਾ ਕਿਸੀ ਵੀ ਪ੍ਰਕਾਰ ਤੋਂ ਉਲੰਘਣ ਲੋਕ ਪ੍ਰਤਿਨਿਧਿਤਵ ਅਧਿਨਿਯਮ, 1951 ਦੀ ਧਾਰਾ 135-ਖ (3) ਦੇ ਉਪਬੰਧਾਂ ਦੇ ਅਨੁਸਾਰ ਦੰਡਨੀਯ ਹੈ।

(ਪ੍ਰਦੀਪ ਤਾਯਲ)
ਉਪ-ਸਚਿਵ (ਸਾ.ਪ੍ਰ.ਵਿ./ਸਮਨਵਯ)

DIP/Shabdarth/Classified/0215/24-25

# ਜਨਰਲ ਭਲਾਈ ਕਮਿਸ਼ਨ ਪੂਰਨ ਰੂਪ ਵਿੱਚ ਲਾਗੂ ਕਰਨ 'ਤੇ ਜ਼ੋਰ; ਜਨਰਲ ਕੈਟਾਗਰੀ ਫੈਡਰੇਸ਼ਨ ਵੱਲੋਂ ਕਨਵੈਨਸ਼ਨ

**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਨਰਲ ਕੈਟਾਗਰੀ ਵੈੱਲਫੇਅਰ ਫੈਡਰੇਸ਼ਨ ਪੀਐੱਸਈਬੀ ਪੰਜਾਬ ਵੱਲੋਂ ਸ਼ਹੀਦ ਭਗਤ ਸਿੰਘ ਦੇ 117ਵੇਂ ਜਨਮ ਦਿਨ ਨੂੰ ਸਮਰਪਿਤ ਵਿਸ਼ਾਲ ਕਨਵੈਨਸ਼ਨ ਕਰਵਾਈ ਗਈ। ਇਸ ਦੌਰਾਨ ਸਮੂਹ ਸ਼ਹੀਦਾਂ ਅਤੇ ਹੋਰ ਸੂਰਬੀਰਾਂ ਨੂੰ ਯਾਦ ਕਰਦਿਆਂ ਜਿੱਥੇ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਪਹਿਰਾ ਦੇਣ 'ਤੇ ਜ਼ੋਰ ਦਿੱਤਾ ਗਿਆ ਉਥੇ ਹੀ ਇਸ ਮੌਕੇ ਜਨਰਲ ਅਤੇ ਪੱਛੜੇ ਵਰਗ ਨੂੰ ਦਰਪੇਸ਼ ਮੁਸ਼ਕਲਾਂ ਅਤੇ ਮਸਲਿਆਂ ਬਾਰੇ ਵਿਚਾਰ-ਚਰਚਾ ਕੀਤੀ ਗਈ। ਇਸ ਮੌਕੇ ਸਰਕਾਰ ਤੋਂ 'ਜਨਰਲ ਭਲਾਈ ਕਮਿਸ਼ਨ' ਨੂੰ ਪੂਰਨ ਰੂਪ ਵਿੱਚ ਲਾਗੂ ਕਰਨ ਅਤੇ ਰਾਖਵਾਂ ਕਰਨ ਸਬੰਧੀ ਸੁਪਰੀਮ ਕੋਰਟ ਦੇ ਫੈਸਲੇ ਲਾਗੂ ਕਰਨ ਦੀ ਮੰਗ ਵੀ ਕੀਤੀ।

ਫੈਡਰੇਸ਼ਨ ਦੇ ਪ੍ਰਧਾਨ ਕੁਲਜੀਤ ਸਿੰਘ ਰਟੌਲ ਦੀ ਅਗਵਾਈ ਹੇਠਾਂ ਹੋਈ ਇਸ ਕਨਵੈਨਸ਼ਨ 'ਚ ਸਾਬਕਾ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿਨ੍ਹਾਂ ਨੂੰ ਜਥੇਬੰਦੀ ਨੇ ਆਪਣੀਆਂ ਮੰਗਾਂ ਸਬੰਧੀ ਪੰਜਾਬ ਸਰਕਾਰ ਦੇ ਨਾਮ ਮੰਗ ਪੱਤਰ ਵੀ ਦਿੱਤਾ। ਇਸ ਦੌਰਾਨ ਮੰਗ ਕੀਤੀ ਗਈ ਕਿ ਸਿੱਧੀ ਭਰਤੀ ਸਮੇਂ ਉਮੀਦਵਾਰ ਨੂੰ ਉਸੇ ਹੀ ਸ਼੍ਰੇਣੀ ਵਿਚ ਗਿਣਿਆ ਜਾਵੇ ਜਿਸ 'ਚ ਉਸ ਨੇ ਅਪਲਾਈ ਕੀਤਾ ਹੋਵੇ। ਭਰਤੀ ਲਈ ਲਿਖਤੀ ਟੈਸਟਾਂ ਵਿਚ ਚੋਣ ਸੂਚੀ ਲਈ ਪੰਜਾਬੀ ਵਿਸ਼ੇ ਦੇ ਨੰਬਰ ਵੀ ਸ਼ਾਮਲ ਕੀਤੇ ਜਾਣ ਤਾਂ ਜੋ ਜਨਰਲ ਵਰਗ ਨੂੰ ਬਣਦੀਆਂ ਸੀਟਾਂ ਮਿਲ ਸਕਣ ਅਤੇ ਬਾਹਰਲੇ ਸੂਬਿਆਂ ਦੇ ਉਮੀਦਵਾਰਾਂ ਦੀ ਜਨਰਲ ਸੀਟਾਂ 'ਤੇ ਭਰਤੀ 'ਤੇ ਕੰਟਰੋਲ ਕੀਤਾ ਜਾ ਸਕੇ। ਸਿੱਧੀ ਭਰਤੀ ਦੌਰਾਨ ਪੰਜਾਬ ਦੇ ਉਮੀਦਵਾਰਾਂ ਲਈ 75 ਫੀਸਦੀ ਅਸਾਮੀਆਂ ਸੁਰੱਖਿਅਤ ਕਰਨ ਲਈ ਸਟੇਟ ਕੋਟਾ ਫਿਕਸ ਕੀਤਾ ਜਾਵੇ।

ਇਸ ਮੌਕੇ ਸੁਖਪ੍ਰੀਤ ਸਿੰਘ, ਹਰਗੁਰਮੀਤ ਸਿੰਘ ਤੇ ਜਸਵੰਤ ਧਾਲੀਵਾਲ ਸਮੇਤ ਹੋਰ ਬੁਲਾਰਿਆਂ ਨੇ 'ਆਪ' ਸਰਕਾਰ ਤੋਂ ਮੰਗ ਕੀਤੀ ਕਿ ਪਿਛਲੀ ਸਰਕਾਰ ਵੱਲੋਂ 2021 ਦੌਰਾਨ ਸਥਾਪਤ ਕੀਤੇ ਗਏ ਜਨਰਲ ਭਲਾਈ ਲਈ ਕਮਿਸ਼ਨ ਦਾ ਚੇਅਰਮੈਨ ਅਤੇ ਹੋਰ ਅਮਲਾ ਤਾਇਨਾਤ ਕੀਤਾ ਜਾਵੇ ਤਾਂ ਜੋ ਅਣਗੌਲੇ ਜਾ ਰਹੇ ਜਨਰਲ ਵਰਗ ਦੀ ਵੀ ਸੁਣਵਾਈ ਹੋ ਸਕੇ। ਆਗੂਆਂ ਨੇ ਸੁਪਰੀਮ ਕੋਰਟ ਵੱਲੋਂ ਰਾਖਵਾਂਕਰਨ ਬਾਰੇ ਦਿੱਤੇ ਫੈਸਲਿਆਂ ਨੂੰ ਵੀ ਇਨ-ਬਿਨ ਲਾਗੂ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀ ਵਰਗ ਵਿੱਚ ਵੀ ਪੱਛੜੀਆਂ ਸ਼੍ਰੇਣੀਆਂ ਵਾਂਗ ਕਰੀਮੀ ਲੇਅਰ ਬਾਰੇ ਆਮਦਨ ਦੀ ਸੀਮਾਂ ਅਤੇ ਸ਼ਰਤਾਂ ਤੈਅ ਕੀਤੀਆਂ ਜਾਣ ਤਾਂ ਜੋ ਰਾਖਵਾਂਕਰਨ ਦਾ ਲਾਭ ਇਸ ਦੇ ਅਸਲ ਹੱਕਦਾਰਾਂ ਮਿਲ ਸਕੇ। ਬੁਲਾਰਿਆਂ ਨੇ ਇਹ ਮੰਗ ਵੀ ਕੀਤੀ ਕਿ ਸਕੂਲਾਂ ਕਾਲਜਾਂ ਵਿਚ ਜਨਰਲ ਵਰਗ ਦੇ ਗਰੀਬ ਪਰਿਵਾਰਾਂ ਦੇ ਬੱਚਿਆਂ ਨੂੰ ਵੀ ਬਣਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ। ਇਸ ਮੌਕੇ ਸ਼ਿਆਮ ਲਾਲ ਸ਼ਰਮਾ, ਗੁਰਦੀਪ ਟਿਵਾਣਾ, ਕੰਚਨ ਕੁਮਾਰ, ਪ੍ਰਵੀਨ ਕੁਮਾਰ, ਮਨਮੋਹਿੰਦਰ ਕੌਰ ਢਿੱਲੋਂ, ਰਜਿੰਦਰ ਸ਼ਰਮਾ, ਅਮਿਤ ਕੁਮਾਰ, ਮੁਕੇਸ਼ ਸਿੰਗਲਾ, ਜਤਿੰਦਰ ਕੁਮਾਰ, ਕ੍ਰਿਸ਼ਨ ਕੁਮਾਰ, ਇੰਜ: ਜਸਵਿੰਦਰ ਰਾਮ, ਬਲਬੀਰ ਫੁਗਲਾਣਾ, ਹਰਿੰਦਰ ਗੁਪਤਾ, ਪਵਨ ਗੋਇਲ, ਸੋਹਿੰਦਰ ਕਾਂਸਲ, ਮਨੋਜ ਘਈ, ਪ੍ਰਵੀਨ ਸ਼ਰਮਾ, ਸੁਖਵੀਰਪਾਲ ਸਿੰਘ, ਹਰੀਸ਼ਵਰ ਸ਼ਰਮਾ ਆਦਿ ਨੇ ਵੀ ਵਿਚਾਰ ਪੇਸ਼ ਕੀਤੇ।


ਕਨਵੈਨਸ਼ਨ 'ਚ ਚੇਤਨ ਸਿੰਘ ਜੌੜਾਮਾਜਰਾ ਨੂੰ ਮੰਗ ਪੱਤਰ ਸੌਂਪਦੇ ਹੋਏ ਆਗੂ।

# ਪ੍ਰਸ਼ਾਸਨ ਦੇ ਭਰੋਸੇ ਮਗਰੋਂ ਕਿਸਾਨਾਂ ਵੱਲੋਂ ਪੱਕਾ ਮੋਰਚਾ ਮੁਲਤਵੀ


ਸਰਦਾਰਗੜ੍ਹ ਵਿੱਚ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਕਿਸਾਨ ਆਗੂ

**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਤਿੰਨ ਦਹਾਕੇ ਪਹਿਲਾਂ ਰਾਜਪੁਰਾ ਨੇੜਲੇ ਕੁਝ ਪਿੰਡਾਂ ਦੀ ਸਰਕਾਰ ਵੱਲੋਂ ਐਕੁਆਇਰ ਕੀਤੀ ਗਈ 1100 ਏਕੜ ਜ਼ਮੀਨ 'ਚੋਂ ਹੁਣ ਤੱਕ ਅਣਵਰਤੀ ਪਈ ਜ਼ਮੀਨ ਕਿਸਾਨਾਂ ਨੂੰ ਵਾਪਸ ਕਰਵਾਉਣ ਲਈ ਸੰਯੁਕਤ ਕਿਸਾਨ ਮੋਰਚਾ ਅਤੇ ਉਜਾੜਾ ਰੋਕੂ ਸੰਘਰਸ਼ ਕਮੇਟੀ ਰਾਜਪੁਰਾ ਦੀ ਅਗਵਾਈ ਹੇਠ ਅੱਜ ਪਿੰਡ ਸਰਦਾਰਗੜ੍ਹ ਵਿੱਚ ਲਾਇਆ ਆਇਆ ਜਾਣ ਵਾਲਾ ਪੱਕਾ ਮੋਰਚਾ ਕਿਸਾਨਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਿੱਤੇ ਗਏ ਭਰੋਸੇ ਮਗਰੋਂ ਪੰਚਾਇਤੀ ਚੋਣਾਂ ਤੱਕ ਮੁਲਤਵੀ ਕਰ ਦਿੱਤਾ ਹੈ। ਇਸ ਸੰਘਰਸ਼ ਦੀ ਅਗਵਾਈ ਕਰ ਰਹੇ ਆਲ ਇੰਡੀਆ ਕਿਸਾਨ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਐਡਵੋਕੇਟ ਪ੍ਰੇਮ ਸਿੰਘ ਭੰਗੂ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਇਹ ਪੱਕਾ ਮੋਰਚਾ ਸਬੰਧਤ ਜ਼ਮੀਨ 'ਚ ਹੀ ਲਾਉਣ ਦਾ ਪ੍ਰੋਗਰਾਮ ਸੀ ਪਰ ਕਿਸਾਨ ਆਗੂ ਇੱਥੇ ਪਹਿਲਾਂ ਤੋਂ ਹੀ ਜਾਰੀ ਧਰਨੇ 'ਚ ਸ਼ਾਮਲ ਹੋਏ ਅਤੇ ਉਥੇ ਮੌਜੂਦ ਕਿਸਾਨਾਂ ਨੂੰ ਪ੍ਰਸ਼ਾਸਨ ਵੱਲੋਂ ਦਿੱਤੇ ਗਏ ਭਰੋਸੇ ਸਬੰਧੀ ਜਾਣਕਾਰੀ ਦਿੱਤੀ। ਜਿਨ੍ਹਾਂ ਨਾਲ ਸਹਿਮਤੀ ਬਣਨ ਮਗਰੋਂ ਹੀ ਅੱਜ ਦਾ ਇਹ ਐਕਸ਼ਨ ਮੁਲਤਵੀ ਕੀਤਾ ਗਿਆ। ਹੁਣ 19 ਅਕਤੂਬਰ ਨੂੰ ਮੀਟਿੰਗ ਸੱਦੀ ਗਈ ਹੈ ਜਿਸ ਤੋਂ ਬਾਅਦ ਅਗਲੇ ਸੰਘਰਸ਼ ਦੀ ਰੂਪਰੇਖਾ ਉਲੀਕੀ ਜਾਵੇਗੀ। ਅੱਜ ਦੀ ਇਸ ਇਕੱਤਰਤਾ 'ਚ ਪ੍ਰੇਮ ਸਿੰਘ ਭੰਗੂ ਸਮੇਤ ਗੁਰਮੀਤ ਦਿੱਤੂਪੁਰ, ਅਮਰਜੀਤ ਸਿੰਘ ਘਨੌਰ, ਲਸ਼ਕਰ ਸਿੰਘ ਸਰਦਾਰਗੜ੍ਹ, ਇਕਬਾਲ ਮੰਡੌਲੀ, ਗੁਰਮੀਤ ਸਿੰਘ ਬਹਾਵਲਪੁਰ, ਪਵਨ ਸੋਗਲਪੁਰ ਸੁਖਵਿੰਦਰ ਤੁੱਲੇਵਾਲ, ਗੁਰਵਿੰਦਰ ਧੂੰਮਾ, ਜਗਪਾਲ ਮੰਡੌਲੀ, ਚਰਨਜੀਤ ਲਾਛੜੂਕਲਾਂ, ਨਰਿੰਦਰ ਸਿੰਘ, ਹਰਿੰਦਰ ਲਾਖਾ, ਕਿਰਪਾਲ ਬਹਾਵਲਪੁਰ, ਵਰਿੰਦਰ ਬਹਾਦਰਗੜ੍ਹ, ਬਲਦੇਵ ਪੱਬਰੀ ਤੇ ਬਹਾਦਰ ਸਿੰਘ ਨੀਲਪੁਰ ਆਦਿ ਕਿਸਾਨਾਂ ਨੇ ਹਿੱਸਾ ਲਿਆ। ਕਿਸਾਨ ਆਗੂਆਂ ਨੇ ਮੀਡੀਆ ਨੂੰ ਦੱਸਿਆ ਕਿ ਪਿੰਡ ਦਮਨਹੇੜੀ, ਭੱਦਕ ਤੇ ਸਰਦਾਰਗੜ੍ਹ ਸਣੇ ਹੋਰ ਪਿੰਡਾਂ ਦੀ ਐਕੁਆਇਰ ਕੀਤੀ ਜ਼ਮੀਨ 'ਚੋਂ ਸੈਂਕੜੇ ਏਕੜ ਜ਼ਮੀਨ ਅਜੇ ਵੀ ਅਣਵਰਤੀ ਪਈ ਹੈ ਜਿਸ ਨੂੰ ਹੁਣ ਕੰਪਨੀ ਦੇ ਪ੍ਰਬੰਧਕ ਕਥਿਤ ਰੂਪ 'ਚ ਪਲਾਟਾਂ ਦੇ ਰੂਪ 'ਚ ਵੇਚਣ ਦੇ ਰੌਂਅ 'ਚ ਹਨ। ਇਸੇ ਲਈ 29 ਸਤੰਬਰ ਨੂੰ ਕਿਸਾਨਾਂ ਨੇ ਪਲਾਟਾਂ ਸਬੰਧੀ ਕੀਤੀ ਜਾ ਰਹੀ ਕਾਰਵਾਈ ਵਾਲੀ ਥਾਂ 'ਤੇ ਹੀ ਪੱਕਾ ਮੋਰਚਾ ਲਾਉਣਾ ਸੀ ਪਰ ਪ੍ਰਸ਼ਾਸਨ ਨੇ ਪਲਾਟਾਂ ਸਬੰਧੀ ਕਾਰਵਾਈ ਰੋਕ ਦਿੱਤੀ ਹੈ ਤੇ ਉਂਜ ਵੀ ਪ੍ਰਸ਼ਾਸਨ ਨੇ ਪੰਚਾਇਤੀ ਚੋਣਾਂ ਕਰਕੇ 15 ਅਕਤੂਬਰ ਤੱਕ ਦਾ ਸਮਾਂ ਮੰਗਿਆ ਸੀ ਜਿਸ ਕਰਕੇ ਹੀ ਉਨ੍ਹਾਂ ਇਹ ਐਕਸ਼ਨ ਮੁਲਤਵੀ ਕਰ ਦਿੱਤਾ ਹੈ।

# ਰੈਬੀਜ਼ ਘਾਤਕ ਬਿਮਾਰੀ ਹੈ, ਪਰ ਇਸ ਤੋਂ ਬਚਿਆ ਜਾ ਸਕਦਾ-ਸਿਵਲ ਸਰਜਨ ਡਾ. ਤਰਸੇਮ ਸਿੰਘ

**ਰੂਪਨਗਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਡਾ. ਤਰਸੇਮ ਸਿੰਘ ਵੱਲੋਂ ਵਿਸ਼ਵ ਰੈਬੀਜ਼ ਦਿਹਾੜੇ ਤੇ ਜ਼ਿਲ੍ਹਾ ਵਾਸੀਆਂ ਨੂੰ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕੀ ਸਾਡੇ ਦੇਸ਼ ਵਿੱਚ ਹਲਕਾਅ (ਰੈਬੀਜ਼) ਹਲਕੇ ਕੁੱਤੇ, ਖ਼ਰਗੋਸ਼, ਬਿੱਲੀ, ਨਿਓਲਾ, ਗਿੱਦੜ ਤੇ ਹੋਰ ਜਾਨਵਾਰਾਂ ਦੇ ਕੱਟਣ ਨਾਲ ਮਨੁੱਖ ਨੂੰ ਹੋ ਸਕਦੀ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਇਨ੍ਹਾਂ ਜਾਨਵਰਾਂ ਦੇ ਵੱਢੇ/ਕੱਟੇ/ਝਰੀਟਾਂ/ਜਖਮਾਂ ਨੂੰ ਨਜ਼ਰਅੰਦਾਜ਼ ਨਾ ਕਰੋ, ਜਖਮਾਂ ਤੇ ਮਿਰਚਾਂ, ਸਰੋਂ ਦਾ ਤੇਲ ਜਾਂ ਇਸ ਤਰ੍ਹਾਂ ਦੇ ਹੋਰ ਪਦਾਰਥ ਨਾ ਲਗਾਓ, ਜ਼ਖਮ ਨੂੰ ਟਾਂਕੇ ਨਾ ਲਗਾਓ ਅਤੇ ਨਾ ਹੀ ਪੱਟੀ ਬੰਨੋ ਸਗੋਂ ਇਸ ਦਾ ਮਾਹਿਰ ਡਾਕਟਰ ਤੋਂ ਇਲਾਜ ਕਰਵਾਉ।

ਉਨ੍ਹਾਂ ਕਿਹਾ ਕੀ ਆਪਣੇ ਬੱਚਿਆਂ ਨੂੰ ਆਵਾਰਾ ਕੁੱਤਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰੋ ਅਤੇ ਅੰਧ ਵਿਸ਼ਵਾਸ਼ਾਂ ਤੋਂ ਬਚੋ। ਕੁੱਤੇ ਤੁਹਾਡੇ ਦੋਸਤ ਹੋ ਸਕਦੇ ਹਨ ਪਰ ਜਦੋਂ ਇਨ੍ਹਾਂ ਨੂੰ ਗੁੱਸਾ ਆਉਂਦਾ ਹੈ ਤਾਂ ਉਹ ਤੁਹਾਨੂੰ ਕੱਟ ਵੀ ਸਕਦੇ ਹਨ।

ਇਸ ਲਈ ਇਨ੍ਹਾਂ ਤੋਂ ਬਚਣਾ ਚਾਹੀਦਾ ਹੈ। ਜੇਕਰ ਕੁੱਤਾ ਕੱਟ ਜਾਂਦਾ ਹੈ ਤਾਂ ਜ਼ਖ਼ਮ ਨੂੰ ਤੁਰੰਤ ਚਲਦੇ ਪਾਣੀ ਅਤੇ ਸਾਬਣ ਨਾਲ ਪੰਦਰਾਂ ਮਿੰਟ ਧੋਵੋ, ਮੌਕੇ ਤੇ ਉਪਲਬਧ ਡਿਸਇਨਫੈਕਟੈਂਟ ਲਗਾਓ ਅਤੇ ਜਲਦ ਤੋਂ ਜਲਦ ਮੁੱਢਲੀ ਸਹਾਇਤਾ ਲਈ ਮਾਹਿਰ ਡਾਕਟਰ ਕੋਲ ਸਿਹਤ ਕੇਂਦਰ ਜਾਓ ਅਤੇ ਹਲਕਾਅ ਤੋਂ ਬਚਾਅ ਲਈ ਐਂਟੀ ਰੈਬੀਜ਼ ਦੇ ਟੀਕੇ ਜ਼ਰੂਰ ਲਗਵਾਓ।

ਇਸ ਮੌਕੇ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਹਸਪਤਾਲ, ਸਬ-ਡਵੀਜਨ ਪੱਧਰ ਅਤੇ ਕਮਿਊਨਟੀ ਸਿਹਤ ਕੇਂਦਰਾਂ ਵਿੱਚ ਜਾਨਵਰ ਦੇ ਵੱਢੇ ਦੀ ਵੈਕਸ਼ੀਨੇਸਨ ਮੁਫਤ ਉਪਲਬਧ ਹੈ, ਹਲਕਾਅ ਦੀ ਬਿਮਾਰੀ ਤੋਂ ਬਚਾਅ ਲਈ ਸਮੇ ਸਿਰ ਮੁਕੰਮਲ ਵੈਕਸ਼ੀਨੇਸਨ ਹੀ ਸਹੀ ਇਲਾਜ ਹੈ ਨਹੀ ਤਾਂ ਇਹ ਬਿਮਾਰੀ ਮਨੁੱਖ ਲਈ ਜਾਨਲੇਵਾ ਹੈ।

ਉਨ੍ਹਾਂ ਕਿਹਾ ਕਿ ਪਾਲਤੂ ਜਾਨਵਰਾਂ ਨੂੰ ਪਿਆਰ ਨਾਲ ਰੱਖੋ, ਕਦੇ ਵੀ ਤੰਗ ਪ੍ਰੇਸ਼ਾਨ ਅਤੇ ਬਹੁਤਾ ਟੱਚ ਨਾ ਕਰੋ। ਜਾਨਵਰਾਂ ਦੇ ਛੋਟੇ ਬੱਚਿਆਂ ਤੋ ਦੂਰੀ ਬਣਾ ਕੇ ਰੱਖੋ। ਆਪਣੇ ਕੁੱਤਿਆਂ ਅਤੇ ਬਿੱਲੀਆਂ ਨੂੰ 3 ਮਹੀਨਿਆਂ ਦੀ ਉਮਰ ਤੇ ਹਲਕਾਅ ਦਾ ਟੀਕਾ ਸ਼ੁਰੂ ਕਰਕੇ ਹਰ ਸਾਲ ਹਲਕਾਅ ਵਿਰੁੱਧ ਟੀਕਾਕਰਣ ਜ਼ਰੂਰ ਕਰਵਾਓ। ਜਾਨਵਰ ਦੇ ਵੱਢਣ ਤੇ ਦੇਸੀ ਟੋਟਕੇ ਵਰਤਣੇ ਜਾਂ ਹਥੌਲਾ, ਮੰਤਰ ਆਦਿ ਦੀ ਵਰਤੋਂ ਸਿਹਤ ਲਈ ਖਤਰਨਾਕ ਹੈ, ਨੇੜੇ ਦੇ ਸਿਹਤ ਕੇਂਦਰ ਜਾ ਕੇ ਡਾਕਟਰ ਦੀ ਸਲਾਹ ਨਾਲ ਇਲਾਜ ਕਰਵਾਓ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਟੋਲ ਫਰੀ ਨੰ 104 ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਇਸ ਸਮੇ ਹਾਜ਼ਰੀਨ ਨੂੰ ਜਾਗਰੂਕਤਾ ਪਰਚੇ ਵੀ ਵੰਡੇ ਗਏ।

# ਡਿਪਟੀ ਕਮਿਸ਼ਨਰ ਵੱਲੋਂ ਦਿਵਯਾਂਗ ਕ੍ਰਿਕਟ ਲੀਗ ਦੇ ਜੇਤੂਆਂ ਦਾ ਸਨਮਾਨ



**ਲੁਧਿਆਣਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਸਥਾਨਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਦਿਵਯਾਂਗ ਕ੍ਰਿਕਟ ਲੀਗ ਦੇ ਸਮਾਪਨ ਸਮਾਰੋਹ ਦੌਰਾਨ ਜੇਤੂਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਟੂਰਨਾਮੈਂਟ ਦੇ ਅਖੀਰਲੇ ਦਿਨ ਮੌਕੇ ਡਿਪਟੀ ਕਮਿਸ਼ਨਰ ਨੇ ਜ਼ੋਰ ਦੇ ਕੇ ਕਿਹਾ ਕਿ ਦਿਵਿਆਂਗ ਸਾਡੇ ਭਾਈਚਾਰੇ ਦਾ ਅਨਿੱਖੜਵਾਂ ਅੰਗ ਹਨ।

ਡਿਪਟੀ ਕਮਿਸ਼ਨਰ ਜੋਰਵਾਲ ਵੱਲੋਂ ਵੀ ਲਗਭਗ ਇਕ ਘੰਟਾ ਦਿਵਯਾਂਗ ਖਿਡਾਰੀਆਂ ਨਾਲ ਖੇਡਾਂ ਵਿੱਚ ਸ਼ਮੂਲੀਅਤ ਕੀਤੀ ਗਈ ਅਤੇ ਇਨਾਮ ਵੰਡੇ। ਉਨ੍ਹਾਂ ਦਿਵਿਆਂਗ ਖਿਡਾਰੀਆਂ ਦੀ ਸ਼ਮੂਲੀਅਤ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਪ੍ਰਸ਼ਾਸਨ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਅਣਥੱਕ ਮਿਹਨਤ ਕਰ ਰਿਹਾ ਹੈ। ਉਨ੍ਹਾਂ ਸਮਾਜ ਵਿੱਚ ਉਹਨਾਂ ਦੀ ਮਹੱਤਤਾ ਅਤੇ ਹਰ ਕਿਸੇ ਦੇ ਬਰਾਬਰ ਉਹਨਾਂ ਦੇ ਹੱਕਾਂ ਬਾਰੇ ਵੀ ਚਾਨਣਾ ਪਾਇਆ।

ਡਿਪਟੀ ਕਮਿਸ਼ਨਰ ਜੋਰਵਾਲ ਨੇ ਲੋਕਾਂ ਨੂੰ ਹਮਦਰਦੀ ਵਾਲਾ ਰਵੱਈਆ ਅਪਣਾਉਣ ਅਤੇ ਇਨ੍ਹਾਂ ਵਿਅਕਤੀਆਂ ਨਾਲ ਹਮੇਸ਼ਾ ਸਤਿਕਾਰ ਨਾਲ ਪੇਸ਼ ਆਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਲੀਗ ਦੇ ਪ੍ਰਬੰਧਕਾਂ ਦੀ ਤਾਰੀਫ਼ ਕਰਦਿਆਂ ਜ਼ਿਲ੍ਹਾ ਸਰਕਾਰ ਵੱਲੋਂ ਪੂਰਨ ਸਹਿਯੋਗ ਦੇਣ ਦਾ ਵਾਅਦਾ ਵੀ ਕੀਤਾ।

# ਐਨ.ਓ.ਸੀ/ਐਨ.ਡੀ.ਸੀ. ਨਾ ਮਿਲਣ 'ਤੇ ਹਲਫਨਾਮੇ ਦੇ ਨਾਲ ਦਾਖ਼ਲ ਕੀਤੇ ਜਾ ਸਕਦੇ ਨੇ ਨਾਮਜ਼ਦਗੀ ਪੱਤਰ

**ਮਲੇਰਕੋਟਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗ੍ਰਾਮ ਪੰਚਾਇਤ ਚੋਣਾਂ ਸਬੰਧੀ ਰਾਜ ਚੋਣ ਕਮਿਸ਼ਨ,ਪੰਜਾਬ ਵੱਲੋਂ ਨਾਮਜ਼ਦਗੀਆਂ ਭਰਨ ਨੂੰ ਅਸਾਨ ਬਣਾਉਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ । ਇਸ ਸਬੰਧੀ ਜਾਣਕਾਰੀ ਦਿੰਦਿਆ ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਦੱਸਿਆ ਕਿ ਕਮਿਸ਼ਨ ਦੁਆਰਾ ਨੋਟੀਫਾਈ ਕੀਤੇ ਗਏ ਚੋਣ ਪ੍ਰੋਗਰਾਮ ਦੇ ਅਨੁਸਾਰ, ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਮਿਆਦ ਦੌਰਾਨ ਕਈ ਜਨਤਕ/ਗਜ਼ਟਿਡ ਛੁੱਟੀਆਂ ਜਿਵੇ ਕਿ 02.10.2024 (ਗਾਂਧੀ ਜੈਅੰਤੀ) ਅਤੇ 03.10.2024 (ਮਹਾਰਾਜ ਅਗਰਸੈਨ ਜੈਅੰਤੀ) ਹੈ।ਵੱਡੀ ਗਿਣਤੀ ਉਮੀਦਵਾਰ ਸਰਪੰਚ ਅਤੇ ਪੰਚਾਂ ਦੇ ਅਹੁਦਿਆਂ ਲਈ ਅਪਲਾਈ ਕਰਨ ਦੇ ਇੱਛੁਕ ਹੋਣਗੇ, ਇਸ ਲਈ ਇੱਛੁਕ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰਾਂ ਸਮੇਤ ਹਲਫੀਆ ਬਿਆਨ ਦਾਖਲ ਕਰਨ ਦੀ ਵਿਧੀ ਨੂੰ ਸਰਲ ਬਣਾਉਣ ਦਾ ਉਪਰਾਲਾ ਕੀਤਾ ਗਿਆ ਹੈ।



ਪੱਤਰ ਵਿੱਚ ਦਰਜ ਹਦਾਇਤਾਂ ਅਨੁਸਾਰ ਜੇਕਰ ਕਿਸੇ ਉਮੀਦਵਾਰ ਨੂੰ ਆਪਣੇ ਵੱਲੋਂ ਕੀਤੀਆਂ ਕੋਸ਼ਿਸ਼ਾਂ ਦੇ ਬਾਵਜੂਦ ਨਾਮਜ਼ਦਗੀ ਪੱਤਰ ਦੇ ਨਾਲ ਲਾਉਣ ਲਈ ਕਿਸੇ ਵੀ ਕਿਸਮ ਦੇ ਟੈਕਸ ਦੇ ਏਰੀਅਰ ਦੇ ਬਕਾਏ ਜਾਂ ਕਿਸੇ ਵੀ ਕਿਸਮ ਦੇ ਹੋਰ ਬਕਾਏ ਬਾਬਤ ਨੋ-ਡੀਊ ਸਰਟੀਫਿਕੇਟ (ਐਨ.ਡੀ.ਸੀ.) ਸਬੰਧਤ ਅਥਾਰਟੀ ਵੱਲੋਂ ਜਾਰੀ ਨਹੀਂ ਹੋਇਆ ਜਾਂ ਕਿਸੇ ਵੀ ਅਥਾਰਟੀ ਦੀ ਕਿਸੇ ਵੀ ਕਿਸਮ ਦੀ ਜਾਇਦਾਦ ਉੱਤੇ ਕਬਜ਼ੇ ਸਬੰਧੀ ਨੋ-ਅਬਜੈਕਸ਼ਨ ਸਰਟੀਫਿਕੇਟ (ਐਨ.ਓ.ਸੀ) ਜਾਰੀ ਨਹੀਂ ਹੋਇਆ ਤਾਂ ਸਬੰਧਤ ਉਮੀਦਵਾਰ ਆਪਣੇ ਵੱਲੋਂ ਇੱਕ ਹਲਫਨਾਮਾ ਨਾਮਜ਼ਦਗੀ ਪੱਤਰ ਦੇ ਨਾਲ ਲਾ ਕੇ ਕਾਗਜ਼ ਦਾਖਲ ਕਰ ਸਕਦਾ ਹੈ। ਇਹ ਹਲਫਨਾਮਾਂ ਪੱਤਰ ਕਾਰਜਕਾਰੀ ਮੈਜਿਸਟਰੇਟ/ਓਥ ਕਮਿਸ਼ਨਰ/ ਨੋਟਰੀ ਪਬਲਿਕ ਤੋਂ ਤਸਦੀਕ ਹੋਣਾ ਚਾਹੀਦਾ ਹੈ।

ਉਮੀਦਵਾਰ ਇਹ ਹਲਫਨਾਮਾ ਦੇਵੇਗਾ ਕਿ ਪੰਜਾਬ ਰਾਜ ਚੋਣ ਕਮਿਸ਼ਨ ਐਕਟ ਬਾਬਤ
ਉਸ ਦੇ ਵੱਲ ਕਿਸੇ ਵੀ ਕਿਸਮ ਦੇ ਟੈਕਸਾਂ ਦੇ ਏਰੀਅਰ ਦਾ ਬਕਾਇਆ ਜਾਂ ਕੋਈ ਹੋਰ ਬਕਾਇਆ ਨਹੀਂ ਖੜ੍ਹਾ ਹੈ। ਨਾ ਹੀ ਕਿਸੇ ਅਥਾਰਟੀ ਦੀ ਜਾਇਦਾਦ ਉੱਤੇ ਉਸ ਵੱਲੋਂ ਕੋਈ ਨਾਜਾਇਜ਼ ਕਬਜ਼ਾ ਕੀਤਾ ਗਿਆ ਹੈ। ਜੇਕਰ ਸੂਚੀ ਅਨੁਸਾਰ ਕਿਸੇ ਇੱਛੁਕ ਉਮੀਦਵਾਰ ਵਿਰੁੱਧ ਕੋਈ ਬਕਾਇਆ ਦਿਖਾਇਆ ਜਾਂਦਾ ਹੈ, ਤਾਂ ਉਮੀਦਵਾਰ ਬਕਾਇਆ ਅਦਾ ਕੀਤੇ ਜਾਣ ਦਾ ਸਬੂਤ ਦੇ ਸਕਦਾ ਹੈ। ਜੇਕਰ ਉਮੀਦਵਾਰ ਨੇ ਅਜਿਹੇ ਬਕਾਏ ਦਾ ਭੁਗਤਾਨ ਨਹੀਂ ਕੀਤਾ ਹੈ, ਤਾਂ ਉਸਨੂੰ ਸਬੰਧਤ ਅਥਾਰਟੀ ਦੇ ਸਾਹਮਣੇ ਅਜਿਹੇ ਬਕਾਏ ਜਮ੍ਹਾ ਕਰਵਾਉਣ ਦਾ ਉਚਿਤ ਮੌਕਾ ਦਿੱਤਾ ਜਾਵੇਗਾ ਅਤੇ ਜਮ੍ਹਾਂ ਕਰਵਾਉਣ ਲਈ ਪੜਤਾਲ ਦੀ ਮਿਆਦ ਦੇ ਸ਼ੁਰੂ ਹੋਣ ਤੱਕ ਭਾਵ 5 ਅਕਤੂਬਰ, 2024 ਨੂੰ ਸਵੇਰੇ 11 ਵਜੇ ਤੱਕ ਦਾ ਸਮਾਂ ਦਿੱਤਾ ਜਾਵੇਗਾ।

ਡਾ ਪੱਲਵੀ ਨੇ ਦੱਸਿਆ ਕਿ ਰਿਟਰਨਿੰਗ ਅਫ਼ਸਰ (ਆਰ.ਓ.) ਵੱਲੋਂ ਅਜਿਹੇ ਨਾਮਜ਼ਦਗੀ ਪੱਤਰ ਸਬੰਧਤ ਅਥਾਰਟੀਆਂ ਨੂੰ ਨਿਧਾਰਿਤ ਰਿਪੋਰਟ ਦੇਣ ਲਈ ਭੇਜੇ ਜਾਣਗੇ । ਉਨ੍ਹਾਂ ਦੱਸਿਆ ਕਿ ਸਮੂਹ ਅਧਿਕਾਰੀਆਂ ਨੂੰ ਇਹਨਾਂ ਹਦਾਇਤਾਂ ਦੀ ਇਨ-ਬਿਨ ਪਾਲਣਾ ਯਕੀਨੀ ਬਣਾਉਣ ਲਈ ਕਹਿ ਦਿੱਤਾ ਗਿਆ ਹੈ।

# ਲਾਰਿਆਂ ਤੋ ਅੱਕੇ ਐਨ ਪੀ ਐਸ ਮੁਲਾਜ਼ਮਾਂ ਨੇ ਗੰਭੀਰਪੁਰ ਧਰਨੇ ਤੋਂ ਬਾਅਦ ਸਿੱਖਿਆ ਮੰਤਰੀ ਦੀ ਕੋਠੀ ਵੱਲ ਕੀਤਾ ਮਾਰਚ



**ਸ੍ਰੀ ਅਨੰਦਪੁਰ ਸਾਹਿਬ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਜਿਲਾ ਰੂਪਨਗਰ ਦੇ ਕਨਵੀਨਰ ਗੁਰਿੰਦਰ ਪਾਲ ਸਿੰਘ ਖੇੜੀ ਅਤੇ ਸੂਬਾ ਪ੍ਰੈਸ ਸਕੱਤਰ ਪ੍ਰੇਮ ਸਿੰਘ ਠਾਕੁਰ ਦੀ ਅਗਵਾਈ ਵਿੱਚ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਰਿਹਾਇਸ਼ ਦਾ ਘਰਾਓ ਕਰਨ ਲਈ ਗੰਭੀਰਪੁਰ ਧਰਨੇ ਤੋਂ ਬਾਅਦ ਰੋਸ ਮਾਰਚ ਕਰਦੇ ਐਨਪੀਐਸ ਮੁਲਾਜ਼ਮਾ ਨੂੰ ਪੁਲਿਸ ਨੇ ਬੈਰੀਗੇਟ ਲਗਾ ਕੇ ਰੋਕਿਆ ਅਤੇ ਨਾਇਬ ਤਹਸੀਲਦਾਰ ਨੇ ਇਸ ਮੌਕੇ ਮੰਗ ਪੱਤਰ ਲਿਆ, ਇਸ ਮੌਕੇ ਡੀਐਸਪੀ ਅਜੇ ਸਿੰਘ ਅਤੇ ਡੀਐਸਪੀ ਨੰਗਲ ਦੀ ਅਗਵਾਈ ਵਿੱਚ ਭਾਰੀ ਸੁਰੱਖਿਆ ਬਲ ਤੈਨਾਤ ਸੀ !

ਇਸ ਮੌਕੇ ਗੁਰਿੰਦਰ ਪਾਲ ਸਿੰਘ ਖੇੜੀ, ਪ੍ਰੇਮ ਸਿੰਘ ਠਾਕੁਰ ਗੌਰਮੈਂਟ ਟੀਚਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਗੁਰਵਿੰਦਰ ਸਿੰਘ ਸਸਕੌਰ ਅਤੇ ਬਲਵਿੰਦਰ ਸਿੰਘ ਲੋਦੀਪੁਰ ਨੇ ਬੋਲਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਚੋਣਾਂ ਸਮੇਂ ਪੁਰਾਣੀ ਪੈਨਸ਼ਨ ਬਹਾਲੀ ਦੇ ਕੀਤੇ ਵਾਅਦੇ ਤੋਂ ਭੱਜ ਗਈ ਹੈ ਅਤੇ ਪੁਰਾਣੀ ਪੈਨਸ਼ਨ ਬਹਾਲੀ ਦੇ ਐਲਾਨ ਤੋਂ ਕਰੀਬ ਦੋ ਸਾਲ ਬਾਅਦ ਵੀ ਸੂਬਾ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਸਬੰਧੀ ਐਸਓਪੀ ਜਾਰੀ ਨਹੀਂ ਕੀਤੀ ਜਿਸ ਦੇ ਕਾਰਨ ਪੰਜਾਬ ਦੇ 2 ਲੱਖ ਤੋਂ ਵੱਧ ਮੁਲਾਜ਼ਮਾਂ ਦੇ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ ਹੁਣ ਇਸ ਡੰਗ ਟਪਾਊ ਨੀਤੀ ਤੋਂ ਅੱਕੇ ਮੁਲਾਜ਼ਮਾਂ ਨੇ ਸਰਕਾਰ ਖ਼ਿਲਾਫ਼ ਮੋਰਚਾ ਖੋਲ ਦਿੱਤਾ ਹੈ ,ਇਸ ਮੌਕੇ ਉਹਨਾਂ ਨੇ ਬੋਲਦਿਆ ਕਿਹਾ ਕਿ ਜੇਕਰ ਐਨ ਪੀ ਐਸ ਜਾ ਯੂ ਪੀ ਐਸ ਸਕੀਮ ਇੰਨੀ ਵਧੀਆਂ ਹੈ ਤਾਂ 2004 ਤੋਂ ਬਾਅਦ ਚੁਣੇ ਜਾਂਦੇ ਵਿਧਾਇਕ,ਐਮ ਪੀ,ਮੁੱਖ ਮੰਤਰੀ ਜਾਂ ਪ੍ਰਧਾਨ ਮੰਤਰੀ ਇਸ ਸਕੀਮ ਨੂੰ ਕਿਉਂ ਨਹੀਂ ਅਪਣਾ ਲੈਂਦੇ।

ਇਸ ਮੌਕੇ ਗੋਪਾਲ ਸ਼ਰਮਾ ਸਰਕਲ ਪ੍ਰਧਾਨ ਪੈਨਸ਼ਨ ਐਸੋਸੀਏਸ਼ਨ , ਬਲਵਿੰਦਰ ਸਿੰਘ ਰੈਲੋ ਅਤੇ ਗੁਰਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਵੱਡੇ ਵੱਡੇ ਕੰਮਾਂ ਨੂੰ ਥੋੜੇ ਸਮੇਂ ਵਿੱਚ ਕਰਕੇ ਦਿਖਾਉਣ ਦਾ ਦਾਅਵਾ ਕਰਦੀ ਹੈ ਪਰ ਖੁਦ ਦੇ ਪੁਰਾਣੀ ਪੈਨਸ਼ਨ ਬਹਾਲੀ ਸਬੰਧੀ ਲਿਖਤੀ ਕੀਤੇ ਵਾਅਦੇ ਨੂੰ ਦੋ ਸਾਲ ਹੋ ਚਲੇ ਹੈ ਤੇ ਮੁੱਖਮੰਤਰੀ ਦੇ ਐਲਾਨ ਨੂੰ ਵੀ ਦੋ ਸਾਲ ਹੋ ਗਏ ਹਨ ਪਰ ਸਰਕਾਰ ਅਮਲੀ ਜਾਮਾ ਪਾਉਣ ਲਈ ਨਾਕਾਮ ਰਹੀ ਹੈ। ਜਦੋਂ ਕਿ ਗਵਾਂਢੀ ਸੂਬੇ ਦੀ ਸਰਕਾਰ ਨੇ ਬਾਅਦ ਵਿੱਚ ਸਰਕਾਰ ਬਣਾ ਕੇ ਵਾਅਦਾ ਪੂਰਾ ਕਰ ਵਿਖਾਇਆ ਹੈ।
ਉਹਨਾਂ ਨੇ ਕਿਹਾ ਕਿ ਸੂਬਾ ਸਰਕਾਰ ਜਲਦੀ ਤੋਂ ਜਲਦੀ ਪੁਰਾਣੀ ਪੈਨਸ਼ਨ ਬਹਾਲੀ ਦੇ ਸੰਬੰਧ ਵਿੱਚ ਐਸਓਪੀ ਜਾਰੀ ਕਰਕੇ ਮੁਲਾਜ਼ਮਾਂ ਦੇ ਐਨਪੀਐਸ ਖਾਤੇ ਬੰਦ ਕਰਕੇ ਜੀਪੀਐਫ ਖਾਤੇ ਖੋਲੇ ਜਾਵੇ ,

ਜਦੋਂ ਪੁਲਿਸ ਨੇ ਐਨਪੀਐਸ ਮੁਲਾਜ਼ਮਾਂ ਨੂੰ ਰੋਸ ਦੌਰਾਨ ਵੈਰੀਗੇਟ ਲਗਾ ਕੇ ਰੋਕਿਆ ਤਾਂ ਇਸ ਮੌਕੇ ਅੰਗਦਪ੍ਰੀਤ ਸਿੰਘ ਨਾਇਬ ਤਹਿਸੀਲਦਾਰ ਨੇ ਆ ਕੇ ਮੰਗ ਪੱਤਰ ਲਿਆ ਅਤੇ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ,

ਇਸ ਮੌਕੇ ਗੋਪਾਲ ਸ਼ਰਮਾ ਪੈਨਸ਼ਨਰ ਸਰਕਲ ਪ੍ਰਧਾਨ ਪਾਵਰਕੌਮ , ਗੁਰਵਿੰਦਰ ਸਿੰਘ ਸਸਕੌਰ ਸੂਬਾ ਜਨਰਲ ਆਦਿ ਹਾਜ਼ਰ ਸਨ ।

# ਸਿਵਲ ਤੇ ਪੁਲਿਸ ਵਿਭਾਗ ਦੀਆਂ ਸਾਂਝੀਆਂ ਟੀਮਾਂ ਵਲੋਂ ਹੋਟ ਸਪਾਟ ਪਿੰਡਾਂ ਦਾ ਦੌਰਾ



**ਗੁਰਦਾਸਪੁਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਅਗਵਾਈ ਹੇਠ ਜਿਲ੍ਹੇ ਭਰ ਵਿੱਚ ਪਰਾਲੀ/ਨਾੜ ਨਾ ਸਾੜਨ ਸਬੰਧੀ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਜਿਸ ਤਹਿਤ ਸਿਵਲ ਤੇ ਪੁਲਿਸ ਵਿਭਾਗ ਦੀਆਂ ਸਾਂਝੀਆਂ ਟੀਮਾਂ ਵਲੋਂ ਅੱਜ ਪਿੰਡ ਕਾਲੂਵਾਲ, ਨਾਸਰਕੇ ਅਤੇ ਹੋਟ ਸਪੋਟ ਪਿੰਡ ਸਾਰਚੂਰ ਦਾ ਦੌਰਾ ਕੀਤਾ ਗਿਆ। ਇਨਾਂ ਪਿੰਡਾਂ ਦੇ ਨੰਬਰਦਾਰ ਅਤੇ ਕਿਸਾਨਾਂ ਨੂੰ ਮਿਲ ਕੇ ਪਰਾਲੀ ਨੂੰ ਨਾ ਸਾੜਨ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਕਲੱਸਟਰ ਇੰਚਾਰਜ ਗੋਬਿੰਦ ਜੇ.ਈ ਅਤੇ ਨੋਡਲ ਅਫਸਰ ਅਸ਼ਮਿੰਦਰ ਕੋਰ, ਏ.ਐਸ.ਆਈ ਮੌਜੂਦ ਸਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਰਿੰਦਰਪਾਲ ਸਿੰਘ,ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਸਿਵਲ ਤੇ ਪੁਲਿਸ ਵਿਭਾਗ ਦੀਆਂ ਸਾਂਝੀਆਂ ਟੀਮਾਂ ਵਲੋਂ ਪਿੰਡਾਂ ਖਾਸਕਰਕੇ ਹੋਟ ਸਪਾਟ ਪਿੰਡਾਂ, ਜਿਥੇ ਪਿਛਲੇ ਸਾਲ ਨਾੜ ਸਾੜਨ ਦੀਆਂ ਘਟਨਾਵਾਂ ਵਾਪਰੀਆਂ ਸਨ, ਉਨ੍ਹਾਂ ਪਿੰਡਾਂ ਵਿੱਚ ਦੇ ਪਿੰਡ ਦੇ ਨੰਬਰਦਾਰਾਂ,ਮੋਹਤਬਰਾਂ ਅਤੇ ਕਿਸਾਨਾਂ ਨਾਲ ਮਿਲ ਕੇ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਜਾ ਰਹੀ ਹੈ ਅਤੇ ਪਰਾਲੀ ਦੀ ਸੰਭਾਲ ਲਈ ਵਿਭਾਗ ਪਾਸ ਮੌਜੂਦ ਖੇਤੀਬਾੜੀ ਸੰਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੇ ਫਾਇਦਿਆਂ, ਪਰਾਲੀ ਸਾੜਨ ਦੇ ਨੁਕਸਾਨਾਂ ਅਤੇ ਪਰਾਲੀ ਦੀ ਸਾਂਭ-ਸੰਭਾਲ ਲਈ ਜਿਲ੍ਹੇ ਵਿੱਚ ਉਪਲੱਬਧ ਖੇਤੀ ਮਸ਼ੀਨਰੀ ਬੇਲਰ, ਸੁਪਰਸੀਡਰ ਆਦਿ ਉਪਲੱਬਧ ਹੈ, ਬਾਰੇ ਜਾਗਰੂਕ ਕੀਤਾ ਦਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਮਾਹਿਰਾਂ ਵਲੋਂ ਕਿਸਾਨਾਂ ਨੂੰ ਵਿਸਥਾਰ ਵਿੱਚ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਅਤੇ ਜਿਲ੍ਹੇ ਵਿੱਚ ਲੋੜੀਂਦੀ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ ਲਈ ਜਾਣਕਾਰੀ ਦਿੱਤੀ ਗਈ।

# ਖੁਸ਼ੀ ਫਾਉਂਡੇਸ਼ਨ ਵੱਲੋਂ ਸਿਵਲ ਹਸਪਤਾਲ ਦੇ ਸਹਿਯੋਗ ਨਾਲ ਲਗਾਇਆ ਮੈਡੀਕਲ ਕੈਂਪ

**ਫਾਜ਼ਿਲਕਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕਾਂ ਨੂੰ ਮਿਆਰੀ ਸਿਹਤ ਸਹੂਲਤਣਾਂ ਪ੍ਰਦਾਨ ਕਰਨ ਦੇ ਮੰਤਵ ਤਹਿਤ ਖੁਸ਼ੀ ਫਾਉਂਡੇਸ਼ਨ ਵੱਲੋਂ ਸਿਵਲ ਹਸਪਤਾਲ ਫਾਜ਼ਿਲਕਾ ਅਤੇ ਅਬੋਹਰ ਦੇ ਸਹਿਯੋਗ ਨਾਲ ਕਮਿਊਨਿਟੀ ਹੈਲਥ ਸੈਂਟਰ ਖੂਈ ਖੇੜਾ ਵਿਖੇ ਮੈਡੀਕਲ ਕੈਂਪ ਲਗਾਇਆ ਗਿਆ ਜਿਥੇ ਲੋਕਾਂ ਦਾ ਚੈਕਅਪ ਕੀਤਾ ਗਿਆ ਤੇ ਮੁਫਤ ਟੈਸਟ ਦੇ ਨਾਲ—ਨਾਲ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ। ਇਸ ਕੈਂਪ ਦੌਰਾਨ ਵਿਧਾਇਕ ਫਾਜ਼ਿਲਕਾ ਨਰਿੰਦਰ ਪਾਲ ਸਿੰਘ ਸਵਨਾ ਅਤੇ ਖੁਸ਼ੀ ਫਾਉਂਡੇਸ਼ਨ ਦੇ ਪ੍ਰਧਾਨ ਖੁਸ਼ਬੂ ਸਾਵਨਸੁਖਾ ਸਵਨਾ ਵਿਸ਼ੇਸ਼ ਤੌਰ *ਤੇ ਪਹੁੰਚੇ।ਵਿਧਾਇਕ ਫਾਜ਼ਿਲਕਾ ਨਰਿੰਦਰ ਪਾਲ ਸਿੰਘ ਸਵਨਾ ਅਤੇ ਖੁਸ਼ਬੂ ਸਾਵਨਸੁਖਾ ਸਵਨਾ ਨੇ ਕਿਹਾ ਕਿ ਖੁਸ਼ੀ ਫਾਉਂਡੇਸ਼ਨ ਲੋਕਾਂ ਦੀ ਸਿਹਤ ਨੂੰ ਧਿਆਨ ਵਿਚ ਰੱਖਦਿਆਂ ਲਗਾਤਾਰ ਮੈਡੀਕਲ ਕੈਂਪ ਲਗਾ ਰਹੀ ਹੈ।ਉਨ੍ਹਾਂ ਕਿਹਾ ਕਿ ਸਿਹਤ ਤੇ ਸਿਖਿਆ ਹਰੇਕ ਵਿਅਕਤੀ ਦੀ ਮੁੱਢਲੀ ਜ਼ਰੂਰਤ ਹੈ ਜ਼ੋ ਕਿ ਹਰ ਕਿਸੇ ਨੂੰ ਮੁਹੱਈਆ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਿਹਤ ਤੇ ਸਿਖਿਆ ਪੱਖੋਂ ਕੋਈ ਵੀ ਬਚਾ ਜਾਂ ਵਿਅਕਤੀ ਵਾਂਝਾ ਨਾ ਰਹੇ ਇਸ ਕਰਕੇ ਉਨ੍ਹਾਂ ਦੀ ਫਾਉਂਡੇਸ਼ਨ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੈਡੀਕਲ ਕੈਂਪ ਦੌਰਾਨ ਵੱਖ—ਵੱਖ ਬਿਮਾਰੀਆਂ ਦੇ ਚੈਕਅਪ ਕੀਤੇ ਗਏ।ਕੈਂਪ ਮੌਕੇ ਡਾ. ਵਿਕਾਸ ਗਾਂਧੀ,ਡਾ.ਰਿੰਕੂ ਚਾਵਲਾ,ਡਾ.ਜਤਿੰਦਰ ਰਾਜ ਸੈਣੀ ਅਤੇ ਡਾ. ਨੂਪੁਰ ਵੱਲੋਂ ਲੋਕਾਂ ਦਾ ਚੈਕਅਪ ਕਰਕੇ ਲੋੜੀਂਦੇ ਟੈਸਟ ਕੀਤੇ ਗਏ ਤੇ ਦਵਾਈਆਂ ਦਿੱਤੀਆਂ ਗਈਆਂ।

# ਪਸ਼ੂ ਪਾਲਣ ਵਿਭਾਗ ਦੇ ਡਾਕਟਰਾਂ ਵੱਲੋਂ ਪਿੰਡ ਸਲੇਮਸ਼ਾਹ ਵਿਖੇ ਗਊਮਾਤਾ ਦਾ ਕੀਤਾ ਸਫਲ ਆਪ੍ਰੇਸ਼ਨ

**ਫਾਜ਼ਿਲਕਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਸ਼ੂ ਪਾਲਣ ਦੇ ਵੈਟਨਰੀ ਅਫਸਰ ਡਾਕਟਰ ਅੰਕਿਤਾ ਧੂੜੀਆ ਵੈਟਨਰੀ ਅਫਸਰ ਸੀ.ਵੀ.ਐਚ ਰਾਣਾ, ਡਾ. ਅਮਰਜੀਤ ਸੀ.ਵੀ.ਐਚ ਜੰਡਵਾਲਾ ਮੀਰਾ ਸਾਂਗਲਾ, ਡਾ. ਲੇਖਿਕਾ ਸੀ.ਵੀ.ਐਚ. ਕਰਨੀ ਖੇੜਾ, ਡਾ. ਰਿਸ਼ਭ ਜਜੋਰਿਆ ਸੀ.ਵੀ.ਐਚ. ਲਾਧੂਕਾ ਵੱਲੋਂ ਕੈਟਲ ਪੌਂਡ ਪਿੰਡ ਸਲੇਮਸ਼ਾਹ ਵਿਚ ਬੀਮਾਰ ਗਊਮਾਤਾ ਦੇ ਪੇਟ ਦਾ ਸਫਲ ਆਪ੍ਰੇਸ਼ਨ ਕੀਤਾ ਗਿਆ। ਆਪ੍ਰੇਸ਼ਨ ਦੌਰਾਨ ਗਊਮਾਤਾ ਦੇ ਪੇਟ ਵਿਚ ਭਾਰੀ ਮਾਤਰਾ ਵਿਚ ਪੋਲੀਥੀਨ ਅਤੇ ਪੋਲੀਥੀਨ ਦੇ ਲਿਫਾਫੇ ਕੱਢਿਆ ਗਿਆ।ਆਪ੍ਰੇਸ਼ਨ ਤੋਂ ਬਾਅਦ ਗਊਮਾਤਾ ਬਿਲਕੁਲ ਸਿਹਤਮੰਦ ਹੈ।



ਕੈਟਲ ਪੌਂਡ ਦੇ ਕਮੇਟੀ ਮੈਂਬਰ ਦਿਨੇਸ਼ ਮੋਦੀ ਅਤੇ ਸ੍ਰੀ ਨਰੇਸ਼ ਕੁਮਾਰ ਚਾਵਲਾ ਵੱਲੋਂ ਡਾਕਟਰਾਂ ਦੀ ਟੀਮ ਦਾ ਧੰਨਵਾਦ ਕੀਤਾ ਗਿਆ। ਆਪ੍ਰੇਸ਼ਨ ਕਰਨ ਵਾਲੇ ਡਾਕਟਰਾਂ ਨੇ ਕਿਹਾ ਕਿ ਡਿਪਟੀ ਡਾਇਰੈਟਰ ਪਸ਼ੂ ਪਾਲਣ ਡਾ. ਰਾਜੀਵ ਕੁਮਾਰ ਛਾਬੜਾ ਦੀ ਅਗਵਾਈ ਵਿਚ ਇਸੇ ਤਰ੍ਹਾਂ ਗਊਮਾਤਾ ਅਤੇ ਪਸ਼ੂਧਨ ਦੀ ਤਨਦੇਹੀ ਨਾਲ ਸੇਵਾ ਕਰਦੇ ਰਹਿਣਗੇ।ਡਾ ਮਨਦੀਪ ਸਿੰਘ ਅਤੇ ਡਾ. ਗੁਰਚਰਨ ਸਿੰਘ ਸਹਾਇਕ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਫਾਜ਼ਿਲਕਾ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਪਲਾਸਟਿਕ ਅਤੇ ਪੋਲੀਥੀਨ ਲਿਫਾਫਿਆਂ ਨੂੰ ਵਰਤੋਂ ਵਿਚ ਨਾ ਲਿਆਂਦਾ ਜ਼ਾਵੇ, ਜਿਥੇ ਇਹ ਇਕ ਪਾਸੇ ਸਾਡੇ ਪਸ਼ੂਧਨ ਨੂੰ ਨੁਕਸਾਨ ਪਹੁੰਚਾ ਰਹੇ ਹਨ ਉਥੇ ਦੂਜੇ ਪਾਸੇ ਇਹ ਵਾਤਾਵਰਣ ਵੀ ਗੰਧਲਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਨੂੰ ਬਰਕਰਾਰ ਰੱਖਣ ਅਤੇ ਸਮਾਜ ਹਿਤ ਦੀ ਭਲਾਈ ਲਈ ਸਖਤ ਕਦਮ ਚੁੱਕਣ ਦੀ ਜਰੂਰਤ ਹੈ ਤੇ ਪਲਾਸਟਿਕ ਦੀ ਵਰਤੋਂ ਕਰਨ ਤੋਂ ਗੁਰੇਜ਼ ਕਰਨਾ ਸਮੇਂ ਦੀ ਮੁੱਖ ਲੋੜ ਹੈ।

# ਸੀ.ਐਮ ਦੀ ਯੋਗਸ਼ਾਲਾ ਨਾਲ ਲੋਕਾਂ ਨੂੰ ਮਿਲ ਰਿਹੈ ਸਰੀਰਕ ਤੇ ਮਾਨਸਿਕ ਲਾਭ : ਡਿਪਟੀ ਕਮਿਸ਼ਨਰ



**ਹੁਸ਼ਿਆਰਪੁਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਤਹਿਤ ਹੁਸ਼ਿਆਰਪੁਰ ਜ਼ਿਲ੍ਹੇ ਦੇ ਮਾਹਿਲਪੁਰ ਬਲਾਕ ਵਿਚ 3 ਯੋਗ ਟਰੇਨਰ ਮਿਲ ਕੇ ਸਵੇਰੇ 5:30 ਵਜੇ ਤੋਂ ਸ਼ਾਮ 7:00 ਵਜੇ ਤੱਕ ਯੋਗ ਦੀਆਂ ਕੁੱਲ 15 ਕਲਾਸਾਂ ਲਗਾ ਰਹੇ ਹਨ, ਜਿਸ ਨਾਲ ਲੋਕਾਂ ਨੂੰ ਸਰਵਾਈਕਲ, ਬੈਕਪੇਨ, ਗੋਡਿਆਂ ਦਾ ਦਰਦ, ਸ਼ੂਗਰ, ਮਾਨਸਿਕ ਤਨਾਅ, ਸਾਈਟਿਕਾ, ਮੋਟਾਪਾ, ਮਾਈਗਰੇਨ, ਥਾਈਰਾਈਡ ਆਦਿ ਰੋਗਾਂ ਤੋਂ ਲੋਕਾਂ ਨੂੰ ਲਾਭ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਮਾਹਿਲਪੁਰ ਬਲਾਕ ਦੇ ਵੱਖ-ਵੱਖ ਥਾਵਾਂ ਜਿਸ ਵਿਚ ਸਰਕਾਰੀ ਗਰਲਜ਼ ਸਕੂਲ ਗਰਾਊਂਡ, ਆਂਗਣਵਾੜੀ ਕੇਂਦਰ, ਮਾਨਵ ਕੇਂਦਰ, ਸਿਵਲ ਹਸਪਤਾਲ, ਵਿਸ਼ਵਕਰਮਾ ਮੰਦਰ, ਬਗੀਚੀ ਮੁਹੱਲਾ ਅਤੇ ਮਾਹਿਲਪੁਰ ਦੇ ਆਸ-ਪਾਸ ਜਿਵੇਂ ਕਿ ਖਾਨਪੁਰ ਅਤੇ ਹੋਰ ਥਾਵਾਂ 'ਤੇ ਵੀ ਕਲਾਸਾਂ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਚੱਲ ਰਹੀ ਯੋਗ ਕਲਾਸਾਂ ਨਾਲ ਜਨਤਾ ਨੂੰ ਸਰੀਰਕ ਅਤੇ ਮਾਨਸਿਕ ਸਿਹਤ ਸਬੰਧੀ ਲਾਭ ਮਿਲ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਬਿਹਤਰੀਨ ਪ੍ਰੋਗਰਾਮ ਸੀ.ਐਮ. ਦੀ ਯੋਗਸ਼ਾਲਾ ਦਾ ਲੋਕ ਵੱਧ ਤੋਂ ਵੱਧ ਲਾਭ ਉਠਾ ਕੇ ਸਿਹਤਮੰਦ ਜੀਵਨਸ਼ੈਲੀ ਨੂੰ ਅਪਨਾਉਣ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਸੂਬੇ ਦੇ ਨਾਗਰਿਕਾਂ ਨੂੰ ਮੁਫ਼ਤ ਯੋਗ ਸਿੱਖਿਆ ਦੇਣ ਦੀ ਇਕ ਪਹਿਲ ਹੈ। ਇਸ ਯੋਜਨਾ ਤਹਿਤ ਪੰਜਾਬ ਵਿਚ ਪ੍ਰਮਾਣਿਤ ਯੋਗ ਟੀਚਰਾਂ ਦੀ ਇਕ ਟੀਮ ਸਥਾਪਿਤ ਕੀਤੀ ਗਈ ਹੈ, ਤਾਂ ਜੋ ਯੋਗ ਨੂੰ ਘਰ-ਘਰ ਤੱਕ ਪੰਚਾਇਆ ਜਾ ਸਕੇ ਅਤੇ ਜਨਤਾ ਨੂੰ ਯੋਗ ਟੀਚਰਾਂ ਦੀ ਸੁਵਿਧਾ ਦੇ ਕੇ ਇਸ ਨੂੰ ਇਕ ਜਨ ਅੰਦੋਲਨ ਵਿਚ ਬਦਲਿਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਯੋਗ ਕਲਾਸਾਂ ਦੇਣ ਲਈ 25 ਨਾਗਰਿਕਾਂ ਦਾ ਸਮੂਹ ਹੋਣਾ ਚਾਹੀਦਾ ਅਤੇ ਇਸ ਪ੍ਰੋਗਰਾਮ ਨਾਲ ਜੁੜਨ ਲਈ ਟੈਲੀਫੋਨ ਨੰਬਰ 76694-00500 'ਤੇ ਮਿਸਡ ਕਾਲ ਕਰਕੇ ਇਸ ਦਾ ਲਾਭ ਲਿਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਰਾਹੀਂ ਲੋਕਾਂ ਨੂੰ ਉਨ੍ਹਾਂ ਵਲੋਂ ਚੁਣੇ ਗਏ ਥਾਵਾਂ 'ਤੇ ਜਿਵੇਂ ਕਿ ਪਾਰਕ, ਜਨਤਕ ਥਾਵਾਂ 'ਤੇ ਮੁਫ਼ਤ ਯੋਗ ਸਿਖਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਇਸ ਲਈ ਯੋਗ ਟਰੇਨਰ ਨਿਯੁਕਤ ਕੀਤੇ ਗਏ ਹਨ, ਜੋ ਕਿ ਹੁਸ਼ਿਆਰਪੁਰ ਦੇ ਵੱਖ-ਵੱਖ ਹਲਕਿਆਂ ਵਿਚ ਜਾ ਕੇ ਲੋਕਾਂ ਨੂੰ ਯੋਗ ਦੀ ਵਿਦਿਆ ਬਾਰੇ ਜਾਗਰੂਕ ਕਰ ਰਹੇ ਹਨ।

# ਮੌਸਮ ਅਨੁਕੂਲ ਹੋਣ ਉਪਰੰਤ ਪਲਾਂਟ ਚੱਲਣ ਸਮੇਂ ਸੜਕਾਂ ਦੀ ਹੋਵੇਗੀ ਮੁਰੰਮਤ

**ਸ੍ਰੀ ਅਨੰਦਪੁਰ ਸਾਹਿਬ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਨਿਰਮਾਣ ਵਿਭਾਗ ਵੱਲੋਂ ਮੌਸਮ ਅਨੁਕੂਲ ਹੋਣ ਉਪਰੰਤ ਪਲਾਂਟ ਚਾਲੂ ਹੋ ਜਾਣ ਤੇ ਸੜਕਾਂ ਦੀ ਮੁਰੰਮਤ ਦਾ ਕੰਮ ਸ਼ੁਰੂ ਕੀਤਾ ਜਾਵੇਗਾ ਤੇ ਸੁਚਾਰੂ ਆਵਾਜਾਈ ਦੀ ਸਹੂਲਤ ਉਪਲੱਬਧ ਕਰਵਾਈ ਜਾਵੇਗੀ।

ਸੁਖਬੀਰ ਸਿੰਘ ਜੇ.ਈ ਲੋਕ ਨਿਰਮਾਣ ਵਿਭਾਗ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਰੇਲਵੇ ਕਰਾਸਿੰਗ ਅਗੰਮਪੁਰ ਨੇੜੇ ਸੜਕ ਦੇ ਖਸਤਾ ਹਾਲ ਹੋ ਜਾਣ ਬਾਰੇ ਸੂਚਨਾ ਪ੍ਰਾਪਤ ਹੋਈਆਂ ਹਨ, ਇਸ ਸੜਕ ਨੂੰ ਆਰਜੀ ਤੌਰ ਤੇ ਆਵਾਜਾਈ ਯੋਗ ਬਣਾਂਇਆ ਗਿਆ ਹੈ, ਜਦੋਂ ਮਿਕਸ਼ਰ ਪਲਾਂਟ ਸੁਰੂ ਹੋ ਜਾਣਗੇ, ਇਸ ਦਾ ਪੈਚ ਵਰਕ ਕਰਵਾ ਕੇ ਪ੍ਰੀਮਿਕਸ ਪਾਇਆ ਜਾਵੇਗਾ ਤੇ ਸੜਕ ਦੀ ਮੁਕੰਮਲ ਮੁਰੰਮਤ ਕਰਵਾ ਦਿੱਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਇਸ ਸੜਕ ਨੂੰ ਭਾਰੀ ਵਾਹਨਾਂ ਦੇ ਗੁਜ਼ਰਨ ਕਾਰਨ ਪਹਿਲਾ ਵੀ ਮੁਰੰਮਤ ਕਰਵਾ ਕੇ ਆਵਾਜਾਈ ਦੇ ਯੋਗ ਬਣਾਇਆ ਗਿਆ ਹੈ ਅਤੇ ਸਮੇਂ ਸਮੇਂ ਤੇ ਸਾਰੀਆਂ ਸੜਕਾਂ ਦੀ ਮੁਰੰਮਤ ਕਰਵਾਈ ਜਾਂਦੀ ਹੈ। ਉਨ੍ਹਾਂ ਨੇ ਕਿਹਾ ਕਿ ਸੜਕ ਹਾਦਸ਼ਿਆਂ ਨੂੰ ਰੋਕਣ ਲਈ ਸੜਕਾਂ ਤੇ ਪਏ ਆਰਜ਼ੀ ਟੋਏ ਸਮੇਂ ਸਮੇਂ ਤੇ ਭਰ ਦਿੱਤੇ ਜਾਂਦੇ ਹਨ ਤਾਂ ਕਿ ਵਾਹਨ ਚਾਲਕਾਂ ਨੂੰ ਕੋਈ ਔਕੜ ਪੇਸ਼ ਨਾ ਆਵੇ।

ਉਨ੍ਹਾਂ ਨੇ ਅਗੰਮਪੁਰ ਚੌਕ ਵਿਚ ਮੁਰੰਮਤ ਦਾ ਕੰਮ ਜਲਦੀ ਕਰਵਾਉਣ ਦਾ ਭਰੋਸਾ ਦਿੰਦੇ ਹੋਏ ਕਿਹਾ ਕਿ ਬਰਸਾਤਾ ਦੌਰਾਨ ਅਜਿਹੀ ਮੁਰੰਮਤ ਕਰਵਾਉਣ ਦਾ ਫਾਇਦਾ ਨਹੀ ਹੁੰਦਾ ਅਤੇ ਹੁਣ ਮੌਸਮ ਮੁਰੰਮਤ ਲਈ ਅਨੁਕੂਲ ਬਣ ਰਿਹਾ ਹੈ, ਜਲਦੀ ਮੁਰੰਮਤ ਕਰਵਾਈ ਜਾਵੇਗੀ।

# ਫਲਿੱਪਕਾਰਟ ਨੇ ਦਾ ਬਿੱਗ ਬਿਲੀਅਨ ਡੇਅਜ਼ 2024 ਦੇ 11ਵੇਂ ਐਡੀਸ਼ਨ ਦੀ ਸ਼ੁਰੂਆਤ ਕੀਤੀ

**ਅੰਮ੍ਰਿਤਸਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਲਿੱਪਕਾਰਟ ਨੇ ਆਪਣੇ ਬਹੁ-ਉਡੀਕੇ ਜਾਣ ਵਾਲੇ ਦਾ ਬਿੱਗ ਬਿਲੀਅਨ ਡੇਅਜ਼ (ਟੀਬੀਬੀਡੀ) 2024 ਦੇ 11ਵੇਂ ਐਡੀਸ਼ਨ ਦੀ ਸ਼ੁਰੂਆਤ ਕਰ ਦਿੱਤੀ ਹੈ। ਅਰਲੀ ਐਕਸੈਸ ਡੇਅ ਅਤੇ ਪਹਿਲੇ ਦਿਨ ਕੁੱਲ ਮਿਲਾ ਕੇ 33 ਕਰੋੜ ਤੋਂ ਵੱਧ ਉਪਭੋਗਤਾ ਵਿਜ਼ਿਟਸ ਦੇਖਣ ਨੂੰ ਮਿਲੇ ਜੋ ਦੇਸ਼ ਭਰ ਦੇ ਖ਼ਰੀਦਦਾਰਾਂ ਦੇ ਤਿਉਹਾਰੀ ਉਤਸ਼ਾਹ ਨੂੰ ਦਰਸਾਉਂਦਾ ਹੈ। ਮੋਬਾਈਲ, ਫੂਡ ਐਂਡ ਨਿਊਟ੍ਰੀਸ਼ਨ ਅਤੇ ਸ਼ਿੰਗਾਰ ਸ਼੍ਰੇਣੀ ਵਿੱਚ ਵਧਦੀ ਮੰਗ ਦੇ ਨਾਲ, ਸ਼ੁਰੂਆਤੀ ਰੁਝਾਨ ਆਉਣ ਵਾਲੇ ਤਿਉਹਾਰਾਂ ਦੇ ਸੀਜ਼ਨ ਦਾ ਸੰਕੇਤ ਦਿੰਦੇ ਹਨ। ਟੀਬੀਬੀਡੀ 2024 ਦੇ ਸ਼ੁਰੂਆਤੀ ਰੁਝਾਨ ਇਸ ਤਿਉਹਾਰੀ ਸੀਜ਼ਨ ਵਿੱਚ ਗਾਹਕਾਂ ਦਾ ਬਹੁਤ ਉਤਸ਼ਾਹ ਦਿਖਾ ਰਹੇ ਹਨ। ਫਲਿੱਪਕਾਰਟ ਦੇ ਹਾਈਪਰ ਵੈਲਿਊ ਪਲੇਟਫ਼ਾਰਮ ਸ਼ੌਪਸੀ 'ਤੇ ਗਾਹਕਾਂ ਦੀ ਵਿਜ਼ਿਟ 70 ਫ਼ੀਸਦੀ ਵਧੀ ਹੈ ਅਤੇ ਤਿਉਹਾਰੀ ਸੀਜ਼ਨ ਤੋਂ ਪਹਿਲਾਂ ਦੇ ਮੁਕਾਬਲੇ ਇਸ ਉੱਤੇ ਲੈਣ-ਦੇਣ ਵਿੱਚ 2.8 ਗੁਣਾ ਵਾਧਾ ਦਰਜ ਕੀਤਾ ਗਿਆ ਹੈ। ਦਾ ਬਿੱਗ ਬਿਲੀਅਨ ਡੇਅਜ਼ ਦੇ 11ਵੇਂ ਐਡੀਸ਼ਨ ਦੇ ਮੌਕੇ ਫਲਿੱਪਕਾਰਟ ਦੇ ਵਾਈਸ ਪ੍ਰੈਜ਼ੀਡੈਂਟ- ਗ੍ਰੋਥ, ਹਰਸ਼ ਚੌਧਰੀ ਨੇ ਕਿਹਾ ਕਿ ਹਰ ਸਾਲ ਭਾਰਤ ਵਿੱਚ ਤਿਉਹਾਰਾਂ ਦੇ ਸੀਜ਼ਨ ਦੀ ਸ਼ੁਰੂਆਤ ਦਾ ਬਿੱਗ ਬਿਲੀਅਨ ਡੇਅਜ਼ ਨਾਲ ਹੁੰਦੀ ਹੈ, ਜੋ ਪੂਰੇ ਈਕੋਸਿਸਟਮ ਨੂੰ ਇਕੱਠੇ ਲਿਆਉਂਦਾ ਹੈ।

ਇਹ ਸਿਰਫ਼ ਇੱਕ ਸ਼ਾਪਿੰਗ ਫੈਸਟੀਵਲ ਨਹੀਂ ਹੈ, ਸਗੋਂ ਰਾਸ਼ਟਰੀ ਪੱਧਰ 'ਤੇ ਵਿਕਾਸ, ਨਵੀਨਤਾ ਅਤੇ ਸਹਿਯੋਗ ਨੂੰ ਉਤਸ਼ਾਹਿਤ ਕਰਨ ਦਾ ਇੱਕ ਮੌਕਾ ਹੈ। ਇਸ ਦੇ ਨਾਲ ਹੀ ਸਮਾਜ ਦੇ ਵੱਖ-ਵੱਖ ਵਰਗਾਂ ਦੇ ਜੀਵਨ 'ਤੇ ਸਕਾਰਾਤਮਕ ਪ੍ਰਭਾਵ ਪਾਉਂਦਾ ਹੈ।

ਕੌਮੀ ਪੱਤ੍ਰਿਕਾ

## ਸੰਪਾਦਕੀ

# ਚੀਨ ਦਾ ਗੁਸਤਾਖ਼ ਰਵੱਈਆ

ਚੀਨੀ ਵਾਰਤਾਕਾਰਾਂ ਨੇ ਭਾਰਤ ਨੂੰ ਕਿਹਾ ਹੈ ਕਿ ਉਨ੍ਹਾਂ ਦੇ ਸੈਨਿਕਾਂ ਨੂੰ ਅਰੁਣਾਚਲ ਪ੍ਰਦੇਸ਼ ਦੇ ਨਾਲ ਲੱਗਦੇ ਦੋ ਸੰਵੇਦਨਸ਼ੀਲ ਇਲਾਕਿਆਂ ਵਿੱਚ ਗਸ਼ਤ ਕਰਨ ਦੀ ਇਜਾਜ਼ਤ ਦਿੱਤੀ ਜਾਵੇ ਜਦੋਂਕਿ ਖ਼ੁਦ ਚੀਨ ਦੇ ਸੈਨਿਕ ਭਾਰਤੀ ਸੈਨਿਕਾਂ ਨੂੰ ਪਿਛਲੇ ਚਾਰ ਸਾਲਾਂ ਤੋਂ ਪੂਰਬੀ ਲੱਦਾਖ ਵਿੱਚ ਗਸ਼ਤ ਵਾਲੀਆਂ ਚਾਰ ਥਾਵਾਂ ’ਤੇ ਘੁੰਮਣ ਤੋਂ ਰੋਕ ਰਹੇ ਹਨ। ਇਹ ਦੋਵੇਂ ਸਥਿਤੀਆਂ ਇੱਕ-ਦੂਜੇ ’ਤੇ ਵਿਅੰਗ ਕਸਦੀਆਂ ਹਨ। ਅਰੁਣਾਚਲ ਦੀਆਂ ਇਹ ਥਾਵਾਂ ਜਿਨ੍ਹਾਂ ਵਿੱਚ ਤਵਾਂਗ ਦੇ ਉੱਤਰ-ਪੂਰਬ ਵਿੱਚ ਪੈਂਦਾ ਯਾਂਗਸੇ ਇਲਾਕਾ ਵੀ ਸ਼ਾਮਿਲ ਹੈ, ਦਹਾਕਿਆਂ ਤੋਂ ਭਾਰਤ ਦੇ ਕਬਜ਼ੇ ਵਿੱਚ ਹੈ। ਇੱਥੇ ਹੀ ਦਸੰਬਰ 2022 ਵਿੱਚ ਦੋਵਾਂ ਧਿਰਾਂ ਵਿਚਾਲੇ ਟਕਰਾਅ ਹੋਇਆ ਸੀ। ਦਿੱਲੀ ਚੰਗੀ ਤਰ੍ਹਾਂ ਜਾਣਦਾ ਹੈ ਕਿ ਜੇ ਪੇਈਚਿੰਗ ਨੂੰ ਇੱਕ ਇੰਚ ਵੀ ਦਿੱਤਾ ਗਿਆ ਤਾਂ ਇਹ ਅਖ਼ੀਰ ਵਿੱਚ ਪੂਰਾ ਮੀਲ ਖਿੱਚ ਲਏਗਾ। ਇਹ ਗ਼ੈਰ-ਵਾਜਬ ਮੰਗ ਚੀਨ ਦੇ ਸ਼ੱਕੀ ਇਰਾਦਿਆਂ ਬਾਰੇ ਬਹੁਤ ਕੁਝ ਕਹਿੰਦੀ ਹੈ। ਇਸ ਲਈ ਇਸ ਮਾਮਲੇ ਵਿੱਚ ਭਾਰਤ ਨੂੰ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਜਾਂ ਸੌਦੇਬਾਜ਼ੀ ਵਿੱਚ ਬਿਲਕੁਲ ਹੀ ਨਹੀਂ ਪੈਣਾ ਚਾਹੀਦਾ।

ਗਲਵਾਨ ਟਕਰਾਅ ਵਾਪਰਨ ਤੋਂ ਬਾਅਦ ਅਜੇ ਤੱਕ ਵੀ ਭਾਰਤ-ਚੀਨ ਦੇ ਰਿਸ਼ਤਿਆਂ ਵਿੱਚ ਭਰੋਸੇ ਦੀ ਕਮੀ ਹੈ, ਭਾਵੇਂ ਦੋਵੇਂ ਮੁਲਕ ਜੂਨ 2020 ਤੋਂ ਲੈ ਕੇ ਹੁਣ ਤੱਕ ਪੂਰਬੀ ਲੱਦਾਖ ਦੇ ਐੱਲਏਸੀ ਵਿਵਾਦ ਬਾਰੇ ਕੋਰ ਕਮਾਂਡਰ ਪੱਧਰ ਦੀ 21 ਗੇੜਾਂ ਦੀ ਵਾਰਤਾ ਕਰ ਚੁੱਕੇ ਹਨ। ਇਸ ਤੋਂ ਇਲਾਵਾ ਭਾਰਤ-ਚੀਨ ਸਰਹੱਦੀ ਮਾਮਲਿਆਂ ’ਤੇ ਸਲਾਹ ਤੇ ਸਹਿਯੋਗ ਬਾਰੇ ਕਾਰਜਕਾਰੀ ਢਾਂਚੇ ਸਬੰਧੀ ਵੀ 31 ਬੈਠਕਾਂ ਹੋ ਚੁੱਕੀਆਂ ਹਨ। ਸੰਵਾਦ ਅਤੇ ਸੰਚਾਰ ਉੱਤੇ ਚੁਫੇਰਿਓਂ ਜ਼ੋਰ ਦੇਣ ਦੇ ਬਾਵਜੂਦ ਡੇਮਚੌਕ ਤੇ ਦੇਪਸਾਂਗ ਦੀਆਂ ਟਕਰਾਅ ਵਾਲੀਆਂ ਥਾਵਾਂ ਤੋਂ ਸੈਨਾ ਵਾਪਸ ਨਹੀਂ ਬੁਲਾਈ ਜਾ ਸਕੀ ਹੈ।

ਇਹ ਪੱਖ ਕਿ ਚੀਨੀਆਂ ਨੇ ਇਸ ਵਾਰ ਬੇਸ਼ਰਮੀ ਨਾਲ ਘੁਸਪੈਠ ਕਰਨ ਦੀ ਬਜਾਇ ਮੰਗ ਸਾਹਮਣੇ ਰੱਖੀ ਹੈ, ਨੂੰ ਵਿਚਾਰ ਕੇ ਦਿੱਲੀ ਨੂੰ ਸ਼ਾਂਤੀ ਨਾਲ ਨਹੀਂ ਬੈਠ ਜਾਣਾ ਚਾਹੀਦਾ ਕਿ ਚੀਨ ਹੁਣ ਸ਼ਾਂਤ ਹੋ ਗਿਆ ਹੈ। ਉੱਤਰ-ਪੂਰਬੀ ਸੂਬੇ ਅਰੁਣਾਚਲ ਪ੍ਰਦੇਸ਼ ਵਿੱਚ ਚੀਨ ਦੀ ਫ਼ੌਜ ਪੀਪਲਜ਼ ਲਿਬਰੇਸ਼ਨ ਆਰਮੀ (ਪੀਐੱਲਏ) ਵੱਲੋਂ ਸਥਿਤੀ ਬਦਲਣ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਲਈ ਭਾਰਤੀ ਸੈਨਾ ਨੂੰ ਪੂਰੀ ਤਿਆਰੀ ਰੱਖਣੀ ਚਾਹੀਦੀ ਹੈ। ਭਾਰਤ ਦੀ ਪਰਬਤਾਰੋਹੀ ਟੀਮ ਵੱਲੋਂ ਅਰੁਣਾਚਲ ਪ੍ਰਦੇਸ਼ ਦੀ ਇੱਕ ਪਰਬਤੀ ਚੋਟੀ ਦਾ ਨਾਂ ਛੇਵੇਂ ਦਲਾਈਲਾਮਾ ਦੇ ਨਾਂ ਉੱਤੇ ਰੱਖੇ ਜਾਣ ’ਤੇ ਤਿੱਖੀ ਪ੍ਰਤੀਕਿਰਿਆ ਦੇ ਕੇ ਪੇਈਚਿੰਗ ਨੇ ਇੱਕ ਵਾਰ ਫਿਰ ਪ੍ਰਤੱਖ ਤੌਰ ’ਤੇ ਹੱਦ ਪਾਰ ਕੀਤੀ ਹੈ। ਚੀਨ ਦਾ ਗੁਸਤਾਖ਼ ਰਵੱਈਆ ਅੰਸ਼ਕ ਤੌਰ ’ਤੇ ਵਪਾਰਕ ਮੋਰਚੇ ਉੱਤੇ ਇਸ ਦੇ ਦਬਦਬੇ ’ਚੋਂ ਉਪਜਦਾ ਹੈ। ਦਰਾਮਦ ਦੇ ਮਾਮਲੇ ਵਿੱਚ ਭਾਰਤ ਆਪਣੇ ਇਸ ਉੱਤਰੀ ਗੁਆਂਢੀ ’ਤੇ ਵੱਡੀ ਨਿਰਭਰਤਾ ਘਟਾਉਣ ਦੇ ਪੱਖ ਤੋਂ ਲਾਚਾਰ ਜਾਪਦਾ ਹੈ। ਇਸ ਵਕਤ ਭਾਰਤ ਸੈਨਿਕ ਅਤੇ ਆਰਥਿਕ ਪੱਖ ਤੋਂ ਚੀਨ ਅੱਗੇ ਡਟਣ ਦੀ ਦੋਹਰੀ ਚੁਣੌਤੀ ਦਾ ਸਾਹਮਣਾ ਕਰ ਰਿਹਾ ਹੈ। ਇਹ ਉਹ ਦੌਰ ਹੈ ਜਿਸ ਵਿਚ ਚੀਨ ਨੇ ਕਈ ਮਾਮਲਿਆਂ ਵਿੱਚ ਅਮਰੀਕਾ ਵਰਗੀ ਮਹਾਂ ਸ਼ਕਤੀ ਨੂੰ ਵੀ ਵਕਤ ਪਾਇਆ ਹੋਇਆ ਹੈ। ਸ਼ਾਇਦ ਇਸੇ ਕਰ ਕੇ ਅਮਰੀਕਾ ਪਿਛਲੇ ਕੁਝ ਸਮੇਂ ਤੋਂ ਚੀਨ ਦੇ ਟਾਕਰੇ ਲਈ ਕੁਝ ਖੇਤਰਾਂ ਵਿਚ ਭਾਰਤ ਨਾਲ ਤਾਲਮੇਲ ਵਧਾ ਰਿਹਾ ਹੈ।

# ਹਿਮਾਚਲ ਦੀ ਕਾਂਗਰਸ ਸਰਕਾਰ ਦਾ ਬੇਤੁਕਾ ਹੁਕਮ

ਹਿਮਾਚਲ ਪ੍ਰਦੇਸ਼ ਦੀ ਕਾਂਗਰਸ ਸਰਕਾਰ ਵੱਲੋਂ ਖ਼ੁਰਾਕੀ ਵਸਤਾਂ ਦੀ ਵਿਕਰੀ ਵਾਲੀਆਂ ਦੁਕਾਨਾਂ ਦੇ ਬਾਹਰ ਮਾਲਕ ਦਾ ਨਾਂ ਅਤੇ ਪਤਾ ਲਿਖਣ ਸਬੰਧੀ ਜਾਰੀ ਕੀਤੇ ਗਏ ਹੁਕਮਾਂ ਦਾ ਪਾਰਟੀ ਦੇ ਅੰਦਰੋਂ ਹੀ ਵਿਰੋਧ ਹੋ ਰਿਹਾ ਹੈ। ਸੀਨੀਅਰ ਕਾਂਗਰਸ ਆਗੂ ਟੀਐੱਸ ਸਿੰਘ ਦਿਓ ਨੇ ਇਸ ਫ਼ੈਸਲੇ ਨੂੰ ਪੱਖਪਾਤੀ ਤੇ ਨਿੰਦਣਯੋਗ ਦੱਸਿਆ ਹੈ। ਮੰਤਰੀ ਵਿਕਰਮਾਦਿੱਤਿਆ ਸਿੰਘ ਜਿਨ੍ਹਾਂ ਬੜੀ ਸ਼ਾਨ ਨਾਲ ਇਸ ਬਾਰੇ ਐਲਾਨ ਕੀਤਾ ਸੀ, ਨੂੰ ਸਿਖਰਲੀ ਲੀਡਰਸ਼ਿਪ ਨੇ ਪਾਰਟੀ ਨੂੰ ਕਸੂਤੀ ਸਥਿਤੀ ਵਿੱਚ ਫਸਾਉਣ ਲਈ ਝਿੜਕਿਆ ਹੈ। ਕਾਂਵੜ ਯਾਤਰਾ ਦੌਰਾਨ ਉੱਤਰ ਪ੍ਰਦੇਸ਼ ਸਰਕਾਰ ਦੇ ਚੁੱਕੇ ਗਏ ਇਹੋ ਜਿਹੇ ਕਦਮ ਦਾ ਕਾਂਗਰਸ ਨੇ ਜ਼ੋਰਦਾਰ ਵਿਰੋਧ ਕੀਤਾ ਸੀ। ਉੱਤਰ ਪ੍ਰਦੇਸ਼ ਸਰਕਾਰ ਨੇ ਵੀ ਦੁਕਾਨਾਂ ਦੇ ਬਾਹਰ ਇਸੇ ਤਰ੍ਹਾਂ ਨਾਂ ਲਿਖਣ ਦਾ ਫ਼ਰਮਾਨ ਜਾਰੀ ਕੀਤਾ ਸੀ। ਸੁਪਰੀਮ ਕੋਰਟ ਨੇ ਭਾਵੇਂ ਇਸ ਫ਼ੈਸਲੇ ’ਤੇ ਧਰੁਵੀਕਰਨ ਦੇ ਪੱਖ ਤੋਂ ਰੋਕ ਲਾਈ ਸੀ ਪਰ ਯੋਗੀ ਆਦਿੱਤਿਆਨਾਥ ਦੀ ਸਰਕਾਰ ਇਸ ਨੂੰ ਇੱਕ ਹੋਰ ਤਰਕਹੀਣ ਬਹਾਨਾ ਬਣਾ ਕੇ ਵਾਪਸ ਲੈ ਆਈ। ਇਸ ਨੇ ਦਾਅਵਾ ਕੀਤਾ ਹੈ ਕਿ ਮਿਲਾਵਟੀ ਖ਼ੁਰਾਕੀ ਵਸਤਾਂ ਖਿ ?ਲਾਫ਼ ਕਾਰਵਾਈ ਲਈ ਪੁਸ਼ਟੀ ਦੀ ਲੋੜ ਪੈਂਦੀ ਹੈ, ਇਸ ਲਈ ਖ਼ਪਤਕਾਰ ਨੂੰ ਮਾਲਕ ਤੇ ਪ੍ਰਬੰਧਕ ਦਾ ਨਾਂ ਅਤੇ ਟਿਕਾਣਾ, ਪਤਾ ਹੋਣਾ ਚਾਹੀਦਾ ਹੈ ਪਰ ਖਾਣ-ਪੀਣ ਵਾਲੀ ਕਿਸੇ ਥਾਂ ਦੀ ਸਾਫ-ਸਫ਼ਾਈ ਦਾ ਭਲਾ ਕਿਸੇ ਅਪਰੇਟਰ ਦੇ ਧਰਮ ਜਾਂ ਜਾਤੀ ਨਾਲ ਕੀ ਲੈਣਾ-ਦੇਣਾ ਹੈ ?

ਫਿਰਕੂ ਖੇਡ ਖੇਡਣ ਦੇ ਮਾਮਲੇ ਵਿੱਚ ਭਾਜਪਾ ਤਾਂ ਸ਼ੁਰੂ ਤੋਂ ਗ਼ੈਰ-ਜਿ ?ਮੇਵਾਰ ਰਹੀ ਹੈ ਪਰ ਕਾਂਗਰਸ ਇਸ ਬਾਰੇ ਕੀ ਸਫਾਈ ਦੇਵੇਗੀ ? ਇੱਕ ਕਾਰੋਬਾਰ ਤਾਂ ਇਸ ਗੱਲ ਤੋਂ ਜਾਣਿਆ ਜਾਣਾ ਚਾਹੀਦਾ ਹੈ ਕਿ ਉਹ ਕੀ ਪੇਸ਼ ਕਰ ਰਿਹਾ ਹੈ, ਨਾ ਕਿ ਉਸ ਦਾ ਮਾਲਕ ਕੌਣ ਹੈ। ਜਿਵੇਂ ਸ੍ਰੀ ਦਿਓ ਨੇ ਨੁਕਤਾ ਉਭਾਰਿਆ ਹੈ ਕਿ ਤੁਸੀਂ ਕਿਸੇ ਵਿਅਕਤੀ ਨੂੰ ਨਹੀਂ ਵੇਚ ਰਹੇ, ਤੁਸੀਂ ਬਰਾਂਡ ਵੇਚ ਰਹੇ ਹੋ। ਵਿਕਰਮਾਦਿੱਤਿਆ ਨੇ ਰਾਜ ਵਿੱਚ ਹਾਲ ਹੀ ’ਚ ਫੈਲੀ ਫਿ ?ਰਕੂ ਅਸ਼ਾਂਤੀ ਲਈ ਮਜ਼ਬੂਤ ‘ਸਟਰੀਟ ਵੈਂਡਿੰਗ’ ਨੀਤੀ ਦੀ ਗ਼ੈਰ-ਮੌਜੂਦਗੀ ਨੂੰ ਜਿ ?ਮੇਵਾਰ ਠਹਿਰਾਇਆ ਸੀ। ਪਛਾਣ ਪੱਤਰ ਟੰਗਣ ਦਾ ਹੁਕਮ ਇਸ ਦਾ ਜਵਾਬ ਨਹੀਂ ਹੋ ਸਕਦਾ। ਇਹ ਵੰਡਪਾਊ ਹੈ ਤੇ ਇਸ ਦਾ ਇੱਕੋ-ਇੱਕ ਨਤੀਜਾ ਫਿ ?ਰਕੂ ਤਣਾਅ ਵਧਣ ਦੇ ਰੂਪ ਵਿੱਚ ਨਿਕਲੇਗਾ। ਸਰਕਾਰ ਨੂੰ ਇਹ ਹੁਕਮ ਬਿਲਕੁਲ ਵਾਪਸ ਲੈਣਾ ਚਾਹੀਦਾ ਹੈ। ਲਾਇਸੈਂਸ ਨੂੰ ਜ਼ਰੂਰੀ ਕਰਨਾ ਸਮਝਦਾਰੀ ਵਾਲਾ ਕਦਮ ਹੈ ਪਰ ਵਿਕਰੀ ਸਬੰਧੀ ਨੀਤੀ ਲਈ ਹੋਰ ਬਹੁਤ ਕੁਝ ਚਾਹੀਦਾ ਹੈ- ਸਖ਼ਤ ਨਿਯਮ, ਢੁੱਕਵਾਂ ਨਿਗਰਾਨ ਅਮਲਾ ਤੇ ਭ੍ਰਿਸ਼ਟਾਚਾਰ ਉੱਤੇ ਮੁਕੰਮਲ ਲਗਾਮ। ਜੇਕਰ ਗ਼ੈਰ-ਕਾਨੂੰਨੀ ਉਸਾਰੀਆਂ ਹਰ ਜਗ੍ਹਾ ਹਨ ਤਾਂ ਖ਼ੁਰਾਕੀ ਪਦਾਰਥਾਂ ਵਿੱਚ ਮਿਲਾਵਟ ਵੀ ਹਰ ਥਾਂ ਹੈ। ਪੂਰੀ ਕਾਨੂੰਨੀ ਤਾਕਤ ਨਾਲ ਕਾਰਵਾਈ ਜ਼ਰੂਰ ਹੋਣੀ ਚਾਹੀਦੀ ਹੈ ਪਰ ਐਨਾ ਵੀ ਨੀਵਾਂ ਨਾ ਡਿੱਗਿਆ ਜਾਵੇ ਜਿਸ ਵਿੱਚੋਂ ਦੂਜਿਆਂ ਪ੍ਰਤੀ ਨਫ਼ਰਤ ਦੀ ਝਲਕ ਪੈਣ ਲੱਗੇ। ਸਰਕਾਰ ਵੱਲੋਂ ਇਸ ਹੁਕਮ ਦੀ ਸਮੀਖਿਆ ਕਰ ਕੇ ਜਲਦੀ ਇਸ ਨੂੰ ਵਾਪਸ ਲੈਣਾ ਹੀ ਸਮਝਦਾਰੀ ਹੋਵੇਗੀ।

# ਮਹਾਤਮਾ ਗਾਂਧੀ ਦੀ 155ਵੀਂ ਜਯੰਤੀ



ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦਾ ਜਨਮ 3 ਅਕਤੂਬਰ 1869 ਨੂੰ ਗੁਜਰਾਤ ਦੇ ਪੋਰਬੰਦਰ ਵਿੱਚ ਹੋਇਆ ਸੀ। ਆਪ ਦਾ ਪੂਰਾ ਨਾਂ ਮੋਹਨਦਾਸ ਕਰਮਚੰਦ ਗਾਂਧੀ ਹੈ। ਮੋਹਨਦਾਸ ਦਾ ਵਿਆਹ ਸਿਰਫ਼ 13 ਸਾਲ ਦੀ ਉਮਰ ਵਿੱਚ ਕਸਤੂਰਬਾ ਨਾਲ ਹੋਇਆ। ਵਕਾਲਤ ਦੀ ਪੜ੍ਹਾਈ ਕਰਨ ਲਈ ਗਾਂਧੀ ਜੀ ਇੰਗਲੈਂਡ ਗਏ। ਚਾਰ ਸਾਲ ਬਾਅਦ ਉਹ ਪੜ੍ਹਾਈ ਪੂਰੀ ਕਰਕੇ ਭਾਰਤ ਆਏ ਤੇ ਕੁਝ ਦਿਨਾਂ ਤੱਕ ਇੱਥੇ ਵਕਾਲਤ ਕੀਤੀ ਪਰ ਉਨ੍ਹਾਂ ਨੂੰ ਕਾਮਯਾਬੀ ਨਾ ਮਿਲੀ। ਇਸੇ ਦੌਰਾਨ ਉਨ੍ਹਾਂ ਨੂੰ ਦੱਖਣੀ ਅਫ਼ਰੀਕਾ ਜਾਣ ਦਾ ਮੌਕਾ ਮਿਲਿਆ। ਦੱਖਣੀ ਅਫ਼ਰੀਕਾ ਵਿੱਚ ਉਨ੍ਹਾਂ ਨੂੰ ਨਸਲੀ ਭੇਦਭਾਵ ਦਾ ਸਾਹਮਣਾ ਵੀ ਕਰਨਾ ਪਿਆ। ਦੱਖਣੀ ਅਫ਼ਰੀਕਾ ਵਿੱਚ ਜਦੋਂ ਉਹ ਰੇਲ ਦੇ ਪਹਿਲੇ ਦਰਜੇ ਦੇ ਡੱਬੇ ਵਿਚ ਯਾਤਰਾ ਕਰ ਰਹੇ ਸਨ, ਤਾਂ ਮੋਹਨਦਾਸ ਗਾਂਧੀ ਨੂੰ ਇਕ ਅੰਗਰੇਜ਼ ਨੇ ਸਾਮਾਨ ਸਣੇ ਡੱਬੇ ’ਚੋਂ ਬਾਹਰ ਸੁੱਟ ਦਿੱਤਾ। ਇਸ ਤਰ੍ਹਾਂ ਦੱਖਣੀ ਅਫ਼ਰੀਕਾ ਵਿੱਚ ਰਹਿ ਰਹੇ ਭਾਰਤੀਆਂ ਨਾਲ ਹੋ ਰਹੇ ਅਣ-ਮਨੁੱਖੀ ਵਰਤਾਰੇ ਅਤੇ ਵਿਤਕਰੇ ਦੇ ਖਿਲਾਫ਼ ਉਨ੍ਹਾਂ ਉਥੇ ਇੰਡੀਅਨ ਕਾਂਗਰਸ ਦੀ ਸਥਾਪਨਾ ਕੀਤੀ। ਦੱਖਣੀ ਅਫ਼ਰੀਕਾ ਵਿੱਚ ਭਾਰਤੀ ਲੋਕਾਂ ਦੇ ਹੱਕਾਂ ਲਈ ਛੇੜੇ ਇਸ ਸੰਘਰਸ਼ ਦੌਰਾਨ ਹੀ ਗਾਂਧੀ ਜੀ ਨੇ ਸਵੈ-ਸ਼ੁੱਧਤਾ ਅਤੇ ਸੱਤਿਆਗ੍ਰਹਿ ਵਰਗੇ ਸਿਧਾਂਤਾਂ ਦੇ ਪ੍ਰਯੋਗ ਕਰਨੇ ਵੀ ਸ਼ੁਰੂ ਕੀਤੇ, ਜੋ ਉਨ੍ਹਾਂ ਦੇ ਅਹਿੰਸਾ ਦੇ ਵਿਆਪਕ ਵਿਚਾਰ ਦਾ ਹਿੱਸਾ ਸਨ। ਉਨ੍ਹਾਂ ਦੱਖਣੀ ਅਫ਼ਰੀਕਾ ਵਿੱਚ ਵਸਦੇ ਭਾਰਤੀ ਕਾਮਿਆਂ, ਖਣਨ ਮਜ਼ਦੂਰਾਂ ਅਤੇ ਖੇਤੀਬਾੜੀ ਮਜ਼ਦੂਰਾਂ ਨੂੰ ਇਕਜੁਟ ਕੀਤਾ ਅਤੇ ਅੰਗਰੇਜ਼ੀ ਹਕੂਮਤ ਦੇ ਅਨਿਆਂ ਖਿਲਾਫ਼ ਆਵਾਜ਼ ਬੁਲੰਦ ਕੀਤੀ। 21 ਸਾਲ ਦੱਖਣੀ ਅਫ਼ਰੀਕਾ ਵਿੱਚ ਰਹਿਣ ਮਗਰੋਂ, ਗਾਂਧੀ ਜੀ 1915 ਵਿੱਚ ਭਾਰਤ ਵਾਪਸ ਪਰਤੇ।

ਭਾਰਤ ਦੀ ਆਜ਼ਾਦੀ ਦੀ ਲੜਾਈ ਵਿੱਚ ਗਾਂਧੀ ਜੀ ਦੀ ਅਹਿਮ ਭੂਮਿਕਾ ਸੀ। ਭਾਰਤ ਪਰਤਣ ਮਗਰੋਂ ਬਾਅਦ ਗਾਂਧੀ ਜੀ ਨੇ ਦੇਸ਼ ਦੀ ਆਜ਼ਾਦੀ ਲਈ ਅਨੇਕਾਂ ਅੰਦੋਲਨਾਂ ਦੀ ਅਗਵਾਈ ਕੀਤੀ। ਉਹ ਇੱਕ ਕੁਸ਼ਲ ਸਿਆਸਤਦਾਨ ਸਨ, ਜਿਨ੍ਹਾਂ ਨੇ ਅੰਗਰੇਜ਼ੀ ਰਾਜ ਤੋਂ ਭਾਰਤ ਨੂੰ ਆਜ਼ਾਦ ਕਰਾਉਣ ਦੀ ਲੜਾਈ ਲੜੀ ਅਤੇ ਗਰੀਬ ਭਾਰਤੀਆਂ ਦੇ ਹੱਕਾਂ ਲਈ ਆਪਣੀ ਆਵਾਜ਼ ਬੁਲੰਦ ਕੀਤੀ। ਉਨ੍ਹਾਂ ਪੂਰੇ ਦੇਸ਼ ਵਿੱਚ ਘੁੰਮ-ਘੁੰਮ ਕੇ ਲੋਕਾਂ ਨੂੰ ਜਾਗਰੂਕ ਕੀਤਾ ਤੇ ਉਨ੍ਹਾਂ ਵਿੱਚ ਦੇਸ਼-ਭਗਤੀ ਦੀ ਭਾਵਨਾ ਪੈਦਾ ਕੀਤੀ। ਪੂਰੀ ਦੁਨੀਆ ਆਪ ਨੂੰ ਅਹਿੰਸਾ ਦੇ ਪੁਜਾਰੀ ਦੇ ਤੌਰ ਤੇ ਯਾਦ ਕਰਦੀ ਹੈ। ਮਹਾਤਮਾ ਗਾਂਧੀ ਆਪਣੇ ਸਾਦਾ ਜੀਵਨ ਅਤੇ ਉੱਚ ਵਿਚਾਰਾਂ ਦੇ ਕਾਰਨ ਭਾਰਤੀਆਂ ਦੇ ਹਰਮਨ ਪਿਆਰੇ ਬਾਪੂ ਬਣ ਗਏ। ਗਾਂਧੀ ਜੀ ਦੁਆਰਾ ਆਜ਼ਾਦੀ ਦੀ ਲੜਾਈ ਦੌਰਾਨ ਛੇੜੇ ਵੱਖ-ਵੱਖ ਅੰਦੋਲਨਾਂ ਜਿਵੇਂ ਕਿ ਸਿਵਲ ਨਾ-ਫੁਰਮਾਨੀ, ਅੰਗਰੇਜ਼ੋ ਭਾਰਤ ਛੱਡੋ ਅਤੇ ਦਾਂਡੀ ਯਾਤਰਾ ਆਦਿ ਦੇ ਸਦਕਾ ਹੀ ਅੰਗਰੇਜ਼ਾਂ ਨੂੰ ਭਾਰਤ ਛੱਡਣ ਲਈ ਮਜਬੂਰ ਹੋਣਾ ਪਿਆ ਤੇ ਆਖਰ 15 ਅਗਸਤ 1947 ਨੂੰ ਭਾਰਤ ਆਜ਼ਾਦ ਹੋਇਆ।

ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦਾ ਜਨਮ ਦਿਨ 3 ਅਕਤੂਬਰ ਨੂੰ ਪੂਰੇ ਦੇਸ਼ ਵਿੱਚ ਬੜੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਪਰ ਇਸ ਵਾਰ ਗਾਂਧੀ ਜਯੰਤੀ ਮਨਾਉਣ ਦੀਆਂ ਤਿਆਰੀਆਂ ਵੱਡੇ ਪੱਧਰ ‘ਤੇ ਕੀਤੀਆਂ ਜਾ ਰਹੀਆਂ ਹਨ, ਇਸ ਦਾ ਕਾਰਨ ਇਹ ਹੈ ਕਿ ਇਸ ਸਾਲ ਮਹਾਤਮਾ ਗਾਂਧੀ ਦਾ 150ਵਾਂ ਜਨਮ ਦਿਹਾੜਾ ਮਨਾਇਆ ਜਾ ਰਿਹਾ ਹੈ। ਇਹੀ ਕਾਰਨ ਹੈ ਕਿ ਮਹਾਤਮਾ ਗਾਂਧੀ ਦੀ 150ਵੀਂ ਜਯੰਤੀ ਨੂੰ ਮਨਾਉਣ ਲਈ ਕੇਂਦਰ ਸਰਕਾਰ ਸਮੇਤ ਸੂਬਾ ਸਰਕਾਰਾਂ ਨੇ ਵੀ ਕਈ ਪ੍ਰੋਗਰਾਮ ਉਲੀਕੇ ਹਨ। ਮਹਾਤਮਾ ਗਾਂਧੀ ਦੇ ਵਿਚਾਰਾਂ ਨੂੰ ਸਿਰਫ਼ ਭਾਰਤ ਵਿੱਚ ਹੀ ਨਹੀਂ, ਸਗੋਂ ਪੂਰੇ ਵਿਸ਼ਵ ਵਿੱਚ ਬੜਾ ਹੀ ਆਦਰ-ਭਾਵ ਅਤੇ ਸਤਿਕਾਰ ਦਿੱਤਾ ਜਾਂਦਾ ਹੈ। ਇਸ ਲਈ ਗਾਂਧੀ ਜੀ ਦੀ 150ਵੀਂ ਜਯੰਤੀ ਨੂੰ ਮੁੱਖ ਰੱਖਦਿਆਂ ਪੂਰੇ ਵਿਸ਼ਵ ਵਿੱਚ ਉਤਸ਼ਾਹ ਦਾ ਮਾਹੌਲ ਹੈ।

ਗਾਂਧੀ ਜੀ ਨੇ ਪੂਰੀ ਦੁਨੀਆ ਨੂੰ ਅਹਿੰਸਾ ਦੇ ਮਾਰਗ ‘ਤੇ ਚੱਲਣ ਅਤੇ ਸ਼ਾਂਤੀ ਦਾ ਸੁਨੇਹਾ ਦਿੱਤਾ। ਵਿਸ਼ਵ ਦੀਆਂ ਕਈ ਮਹਾਨ ਸਖਸ਼ੀਅਤਾਂ ‘ਤੇ ਗਾਂਧੀ ਜੀ ਦੇ ਵਿਚਾਰਾਂ ਦਾ ਬੜਾ ਪ੍ਰਭਾਵ ਸੀ। ਖਾਸ ਕਰਕੇ ਦੱਖਣੀ ਅਫਰੀਕਾ ਦੇ ਪ੍ਰਸਿੱਧ ਨੇਤਾ ਨੈਲਸਨ ਮੰਡੇਲਾ ਅਤੇ ਅਮਰੀਕਾ ਦੇ ਚਿੰਤਕ ਮਾਰਟਿਨ ਲੂਥਰ ਨੇ ਗਾਂਧੀ ਜੀ ਦੇ ਵਿਚਾਰਾਂ ਨੂੰ ਕਾਫੀ ਤਵੱਜੋ ਦਿੱਤੀ। ਨੈਲਸਨ ਮੰਡੇਲਾ ਮਹਾਤਮਾ ਗਾਂਧੀ ਨੂੰ ਆਪਣਾ ਪ੍ਰੇਰਨਾ ਸਰੋਤ ਮੰਨਦੇ ਸਨ। ਮਾਰਟਿਨ ਲੂਥਰ ਵੀ ਗਾਂਧੀ ਜੀ ਨੂੰ ਆਪਣਾ ਮਾਰਗ-ਦਰਸ਼ਕ ਮੰਨਦੇ ਸਨ। ਆਪਣੀ ਆਤਮ-ਕਥਾ ਵਿੱਚ ਮਾਰਟਿਨ ਲੂਥਰ ਨੇ ਆਪਣੇ ਵਿਚਾਰਾਂ ਅਤੇ ਕਾਰਜਾਂ ਤੇ ਮਹਾਤਮਾ ਗਾਂਧੀ ਦੇ ਪਏ ਪ੍ਰਭਾਵਾਂ ਨੂੰ ਕਾਫੀ ਵਿਸਥਾਰ ਨਾਲ ਲਿਖਿਆ ਹੈ। ਗਾਂਧੀ ਜੀ ਦੇ ਵਿਚਾਰਾਂ ਦਾ ਮਾਰਟਿਨ ਲੂਥਰ ‘ਤੇ ਇੰਨਾ ਜ਼ਿਆਦਾ ਪ੍ਰਭਾਵ ਸੀ ਕਿ ਉਨ੍ਹਾਂ ਨੂੰ ਅਮਰੀਕਾ ਦਾ ਗਾਂਧੀ ਕਿਹਾ ਜਾਣ ਲੱਗਾ। 150ਵੀਂ ਗਾਂਧੀ ਜਯੰਤੀ ਮੌਕੇ ਵਿਸ਼ਵ ਦੇ 124 ਦੇਸ਼ਾਂ ਦੇ ਗਾਇਕਾਂ ਅਤੇ ਕਲਾਕਾਰਾਂ ਨੇ ਮਹਾਤਮਾ ਗਾਂਧੀ ਜੀ ਨੂੰ ਉਨ੍ਹਾਂ ਦੇ ਪਸੰਦੀਦਾ ਭਜਨ ‘ਵੈਸ਼ਣਵ ਜਨ ਤੋ ਤੇਨੇ ਕਹੀਏ, ਜੇ ਪੀਰ ਪਰਾਈ ਜਾਣੇ ਰੇ ‘ ਦੇ ਜ਼ਰੀਏ ਸੰਗੀਤਮਈ ਸ਼ਰਧਾਂਜਲੀ ਦਿੱਤੀ ਹੈ।

ਗਾਂਧੀ ਜੀ ਦੇ ਅਹਿੰਸਾ ਦੇ ਸਿਧਾਂਤ ਤੋਂ ਪ੍ਰਭਾਵਿਤ ਹੋ ਕੇ ਹੀ ਸੰਯੁਕਤ ਰਾਸ਼ਟਰ ਮਹਾਸਭਾ ਨੇ 15 ਜੂਨ 2007 ਨੂੰ ਇੱਕ ਮਤਾ ਪਾਸ ਕਰਦਿਆਂ ਐਲਾਨ ਕੀਤਾ ਸੀ ਕਿ 3 ਅਕਤੂਬਰ ਨੂੰ ਅਹਿੰਸਾ ਦੇ ਕੌਮਾਂਤਰੀ ਦਿਹਾੜੇ ਵਜੋਂ ਮਨਾਇਆ ਜਾਵੇਗਾ। ਇਸੇ ਸੰਦਰਭ ਵਿੱਚ ਹੀ ਮਹਾਤਮਾ ਗਾਂਧੀ ਦੀ 150ਵੀਂ ਜਯੰਤੀ ਮੌਕੇ ਨੀਦਰਲੈਂਡ ਵਿੱਚ ਵੀ ਬੜਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਓਥੇ ਇਸ ਸਾਲ ਇੱਕ ਹਫ਼ਤੇ ਤੱਕ ਗਾਂਧੀ ਜਯੰਤੀ ਦੇ ਵੱਖ-ਵੱਖ ਪ੍ਰੋਗਰਾਮ ਉਲੀਕੇ ਗਏ ਹਨ। ਗਾਂਧੀ ਜੀ ਦੇ ਅਹਿੰਸਾ ਦੇ ਸਿਧਾਂਤ ਨੂੰ ਪ੍ਰਚਾਰਿਤ ਕਰਨ ਲਈ ਹੇਗ ਸ਼ਹਿਰ ਵਿੱਚ ਗਾਂਧੀ ਮਾਰਚ ਸਮੇਤ ਗਾਂਧੀ ਜੀ ਦੇ ਜੀਵਨ ਨਾਲ ਸੰਬੰਧਤ ਪ੍ਰਦਰਸ਼ਨੀ ਅਤੇ ਅਨੇਕਾਂ ਜਨ-ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਦੱਖਣੀ ਅਫ਼ਰੀਕਾ ਦੇ ਸ਼ਹਿਰ ਜੋਹਾਨਸਬਰਗ ਵਿੱਚ ਵੀ ਗਾਂਧੀ ਜੀ ਦੀ 150ਵੀਂ ਜਯੰਤੀ ਦੇ ਸਿਲਸਿਲੇ ਵਿੱਚ ਕਈ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ। ਖਾਸ ਤੌਰ ਤੇ ਗਾਂਧੀ ਜੀ ਦੇ ਅਹਿੰਸਾ ਅਤੇ ਸੱਤਿਆਗ੍ਰਹਿ ਵਰਗੇ ਵਿਚਾਰਾਂ ਦੇ ਪ੍ਰਸਾਰ ਤਹਿਤ ਓਥੇ ਇੱਕ ਸਾਈਕਲ ਰੈਲੀ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਭਾਰੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ।

ਦੇਸ਼ ਦੇ ਵੱਖ-ਵੱਖ ਸਿਆਸੀ ਦਲਾਂ ਨੇ ਵੀ ਰਾਸ਼ਟਰ ਪਿਤਾ ਦੀ 150ਵੀਂ ਜਯੰਤੀ ਨੂੰ ਮਨਾਉਣ ਲਈ ਆਪਣੇ ਕਾਰਕੁੰਨਾਂ ਨੂੰ ਹਿਦਾਇਤਾਂ ਦਿੱਤੀਆਂ ਹਨ। ਖਾਸ ਕਰਕੇ ਭਾਰਤੀ ਜਨਤਾ ਪਾਰਟੀ ਨੇ ਆਪਣੇ ਸੰਸਦ ਮੈਂਬਰਾਂ ਨੂੰ 2 ਤੋਂ 33 ਅਕਤੂਬਰ ਦੇ ਵਿਚਕਾਰ ਆਪੋ-ਆਪਣੇ ਚੋਣ ਹਲਕਿਆਂ ਵਿੱਚ 150 ਕਿਲੋਮੀਟਰ ਪੈਦਲ ਯਾਤਰਾ ਕਰਨ ਦੀ ਹਦਾਇਤ ਕੀਤੀ ਹੈ। ਇਸ ਯਾਤਰਾ ਦੌਰਾਨ ਸੰਸਦ ਮੈਂਬਰ ਰੁੱਖ ਲਾਉਣ ਦੇ ਨਾਲ ਹੀ ਆਜ਼ਾਦੀ ਦੀ ਲੜਾਈ ਵਿੱਚ ਮਹਾਤਮਾ ਗਾਂਧੀ ਦੇ ਯੋਗਦਾਨ ਬਾਰੇ ਵੀ ਰੌਸ਼ਨੀ ਪਾਉਣ ਦੇ ਨਾਲ-ਨਾਲ ਗਾਂਧੀ ਜੀ ਦੇ ਵਿਚਾਰਾਂ ਅਤੇ ਸਿੱਖਿਆਵਾਂ ਦਾ ਪ੍ਰਚਾਰ ਕਰਨਗੇ। ਗੌਰਤਲਬ ਹੈ ਕਿ ਦੇਸ਼ ਦੇ ਵੱਖ-ਵੱਖ ਕੋਨਿਆਂ ਵਿੱਚ ਗਾਂਧੀ ਜਯੰਤੀ ਮੌਕੇ ਵਿਸ਼ੇਸ਼ ਪ੍ਰੋਗਰਾਮ ਉਲੀਕੇ ਜਾਂਦੇ ਹਨ ਤੇ ਗਾਂਧੀ ਜੀ ਨੇ ਅਹਿੰਸਾ ਦੇ ਰਾਹ ਤੇ ਚੱਲਦਿਆਂ ਕਿਵੇਂ ਅੰਗਰੇਜ਼ੀ ਹਕੂਮਤ ਨੂੰ ਵੀ ਹਿਲਾ ਦਿੱਤਾ, ਇਸ ਨਾਲ ਸੰਬੰਧਤ ਗੀਤ ਗਾਏ ਜਾਂਦੇ ਹਨ।

(ਗੀਤ - ਦੇ ਦੀ ਹਮੇਂ ਆਜ਼ਾਦੀ, ਬਿਨਾ ਖੜਗ ਬਿਨਾ ਢਾਲ਼ਤ੍ਰ ਸਾਬਰਮਤੀ ਕੇ ਸੰਤ, ਤੂਨੇ ਕਰ ਦਿਯਾ ਕਮਾਲ਼ਤ੍ਰ) ਮਹਾਤਮਾ ਗਾਂਧੀ ਸਾਫ-ਸਫਾਈ ਦੇ ਪ੍ਰਤੀ ਬਹੁਤ ਹੀ ਜਾਗਰੂਕ ਸਨ। ਉਹ ਹਮੇਸ਼ਾ ਲੋਕਾਂ ਨੂੰ ਆਪਣਾ ਘਰ ਅਤੇ ਆਲਾ-ਦੁਆਲਾ ਸਾਫ-ਸੁਥਰਾ ਰੱਖਣ ਲਈ ਕਹਿੰਦੇ ਸਨ। ਮਹਾਤਮਾ ਗਾਂਧੀ ਜੀ ਦੇ ਸਵੱਛਤਾ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਭਾਰਤ ਦੇ ਪ੍ਰਧਾਨ ਮੰਤਰੀ ਨੇ ਸਾਲ 2014 ਵਿੱਚ ਗਾਂਧੀ ਜਯੰਤੀ ਦੇ ਦਿਨ ਹੀ ਸਵੱਛਤਾ ਅਭਿਆਨ ਦੀ ਸ਼ੁਰੂਆਤ ਕੀਤੀ ਸੀ, ਜੋ ਕਿ ਪੂਰੇ ਦੇਸ਼ ਵਿੱਚ ਇੱਕ ਅੰਦੋਲਨ ਵਾਂਗ ਫੈਲ ਗਿਆ ਸੀ। ਇਸੇ ਤਰ੍ਹਾਂ ਗਾਂਧੀ ਜੀ ਦੀ 150 ਸਾਲਾਂ ਜਯੰਤੀ ਮੌਕੇ ਭਾਰਤ ਦੇ ਪ੍ਰਧਾਨ ਮੰਤਰੀ ਨੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਨ ਦੀ ਲੋਕਾਂ ਨੂੰ ਅਪੀਲ ਕੀਤੀ ਹੈ। ਇਸ ਨਾਲ ਜਿੱਥੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕਦਾ ਹੈ, ਓਥੇ ਨਾਲ ਹੀ ਇਹ ਮਹਾਤਮਾ ਗਾਂਧੀ ਨੂੰ ਸੱਚੀ ਸ਼ਰਧਾਂਜਲੀ ਵੀ ਹੋਵੇਗੀ।

ਆਖਰ ਵਿੱਚ ਅਸੀਂ ਗਾਂਧੀ ਜੀ ਦੇ ਸਵੱਛਤਾ, ਅਹਿੰਸਾ ਅਤੇ ਭਾਈਚਾਰਕ ਸਾਂਝ ਦੇ ਸੁਨੇਹੇ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਪ੍ਰਣ ਲੈਂਦੇ ਹੋਇਆਂ, ਉਨ੍ਹਾਂ ਦੇ ਪਸੰਦੀਦਾ ਭਜਨ ‘ਰਘੁਪਤੀ ਰਾਘਵ ਰਾਜਾ ਰਾਮ ਪਤਿਤ ਪਾਵਨ ਸੀਤਾ ਰਾਮ ‘ ਦੀਆਂ ਕੁਝ ਪੰਗਤੀਆਂ ਨੂੰ ਇੱਥੇ ਪੇਸ਼ ਕਰਦੇ ਹਾਂ।

(ਭਜਨ - ਰਘੁਪਤੀ ਰਾਘਵ ਰਾਜਾ ਰਾਮ ਪਤਿਤ ਪਾਵਨ ਸੀਤਾ ਰਾਮ

# ਕੰਨਾਂ ਦੀ ਸਾਂਭ ਸੰਭਾਲ ਪ੍ਰਤੀ ਜਾਗਰੂਕਤਾ ਹੋਣਾ ਬਹੁਤ ਜ਼ਰੂਰੀ: ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ

**ਤਰਨ ਤਾਰਨ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਅਤੇ ਪਰਿਵਾਰ ਭਲਾਈ ਪੰਜਾਬ ਵਿਭਾਗ ਵੱਲੋਂ ਚਲਾਏ ਜਾ ਰਹੇ ਬੋਲੇਪਣ ਤੋਂ ਬਚਾਅ ਅਤੇ ਰੋਕਥਾਮ ਸਬੰਧੀ ਚੱਲ ਰਹੇ ਕੌਮੀ ਪ੍ਰੋਗਰਾਮ ਹਫਤੇ ( ਨੈਸ਼ਨਲ ਪ੍ਰੋਗਰਾਮ ਫਾਰ ਦਾ ਪ੍ਰੀਵੈਂਸ਼ਨ ਐਂਡ ਕੰਟਰੋਲ ਆਫ ਡੈਫਨਸ) ਪ੍ਰੋਗਰਾਮ ਦੇ ਮੱਦੇ ਨਜ਼ਰ ਜ਼ਿਲਾ ਤਰਨ ਤਾਰਨ ਦੇ ਸਿਵਲ ਸਰਜਨ, ਡਾਕਟਰ ਗੁਰਪ੍ਰੀਤ ਸਿੰਘ ਰਾਏ ਵੱਲੋਂ ਸਰਕਾਰੀ ਹਸਪਤਾਲ ਸਥਿਤ ਡਿਸਟਰਿਕਟ ਅਰਲੀ ਇੰਟਰਵੈਂਸ਼ਨ ਸੈਂਟਰ (ਡੀ.ਈ.ਆਈ. ਸੀ) ਦਾ ਦੌਰਾ ਕਰਕੇ ਕੰਨਾਂ ਦੀਆਂ ਸਮੱਸਿਆਵਾਂ ਤੋਂ ਪੀੜਿਤ ਬੱਚਿਆਂ ਦੇ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਹਨਾਂ ਨਾਲ ਜ਼ਿਲਾ ਟੀਕਾਕਰਨ ਅਫਸਰ ਕੰਮ ਨੋਡਲ ਅਫਸਰ ਆਰਬੀਐਸ ਕੇ ਡਾਕਟਰ ਵਰਿੰਦਰ ਪਾਲ ਕੌਰ ਅਤੇ ਸਿਵਲ ਹਸਪਤਾਲ ਤਰਨ ਤਾਰਨ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਸਰਬਜੀਤ ਸਿੰਘ ਅਤੇ ਡੀ.ਈ.ਆਈ.ਸੀ ਦਾ ਸਟਾਫ ਮੌਜੂਦ ਰਿਹਾ।

ਸਿਹਤ ਵਿਭਾਗ ਦੇ ਰਾਸ਼ਟਰੀ ਬਾਲ ਸਵਾਸਥ ਕਰਿਆਕ੍ਰਮ (ਆਰਬੀਐਸਕੇ) ਵਿੰਗ ਵੱਲੋਂ ਬੱਚਿਆਂ ਦੇ ਡਰਾਇੰਗ ਮੁਕਾਬਲੇ ਵੀ ਕਰਵਾਏ ਗਏ ਜਿਸ ਦੌਰਾਨ ਬੱਚਿਆਂ ਵੱਲੋਂ ਬਹੁਤ ਹੀ ਸੁੰਦਰ ਚਿੱਤਰ ਬਣਾਏ ਗਏ।

ਸਿਵਲ ਸਰਜਨ ਡਾਕਟਰ ਗੁਰਪ੍ਰੀਤ ਸਿੰਘ ਨੇ ਬੱਚਿਆਂ ਅਤੇ ਉਨਾਂ ਦੇ ਪਰਿਵਾਰਕ ਮੈਂਬਰਾਂ ਨਾਲ ਰੂਬਰੂ ਹੁੰਦਿਆਂ ਕਿਹਾ ਕਿ

ਨੈਸ਼ਨਲ ਪ੍ਰੋਗਰਾਮ ਫਾਰ ਦਾ ਪ੍ਰੀਵੈਂਸ਼ਨ ਐਂਡ ਕੰਟਰੋਲ ਆਫ ਡੈਫਨਸ ਪ੍ਰੋਗਰਾਮ ਦਾ ਮੁੱਖ ਮੰਤਵ ਬੋਲੇਪਣ ਦੀ ਸਮੱਸਿਆ ਅਤੇ ਇਸ ਦੀ ਰੋਕਥਾਮ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣਾ ਹੈ।

ਉਹਨਾਂ ਦੱਸਿਆ ਕਿ ਇਸ ਪ੍ਰੋਗਰਾਮ



ਅਧੀਨ ਉਹਨਾਂ ਬੱਚਿਆਂ ਦੀ ਭਾਲ ਨੂੰ ਯਕੀਨੀ ਬਣਾਇਆ ਜਾਂਦਾ ਹੈ ਜੋ ਕਿ ਬੋਲੇਪਣ ਤੋਂ ਪੀੜਤ ਹਨ ਤਾਂ ਜੋ ਵਿਭਾਗ ਵੱਲੋਂ ਉਹਨਾਂ ਦਾ ਬਣਦਾ ਇਲਾਜ ਕਰਵਾਇਆ ਜਾ ਸਕੇ।

ਸਿਵਲ ਸਰਜਨ ਡਾਕਟਰ ਗੁਰਪ੍ਰੀਤ ਸਿੰਘ ਨੇ ਮਾਸ ਮੀਡੀਆ ਵਿੰਗ ਅਤੇ ਸਿਹਤ ਕਰਮੀਆਂ ਨੂੰ ਇਸ ਪ੍ਰੋਗਰਾਮ ਸਬੰਧੀ ਵੱਧ ਤੋਂ ਵੱਧ ਪ੍ਰਚਾਰ ਪ੍ਰਚਾਰ ਕਰਨ ਦੀ ਹਦਾਇਤ ਕੀਤੀ। ਉਹਨਾਂ ਕਿਹਾ ਕਿ ਇਸ ਪ੍ਰੋਗਰਾਮ ਬਾਰੇ ਜਾਗਰੂਕਤਾ ਹੋਣ ਨਾਲ ਜਿੱਥੇ ਬੋਲੇਪਣ ਦੀ ਸਮੱਸਿਆ ਦੀ ਰੋਕਥਾਮ ਕਰਨੀ ਸੰਭਵ ਹੋਵੇਗੀ ਉਥੇ ਨਾਲ ਹੀ ਪੀੜਿਤ ਵਿਅਕਤੀਆਂ ਪ੍ਰਤੀ ਸਮਾਜ ਦੇ ਵਿੱਚ ਸੰਵੇਦਨਸ਼ੀਲਤਾ ਪੈਦਾ ਹੋਵੇਗੀ।

ਜ਼ਿਲਾ ਟੀਕਾਕਰਨ ਅਫਸਰ, ਡਾ. ਵਰਿੰਦਰ ਪਾਲ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ ਰਾਸ਼ਟਰੀ ਬਾਲ ਸਵਾਸਥ ਕਾਰਕਰਮ ਅਧੀਨ ਸਰਕਾਰੀ ਸਕੂਲਾਂ ਜਾਂ ਫਿਰ ਆਂਗਣਵਾੜੀਆਂ ਵਿੱਚ ਜਾਂਦੇ ਬੋਲੇ ਪਾਉਣ ਤੋਂ ਪੀੜਤ ਬੱਚਿਆਂ ਦਾ ਕੋਕਲੀਅਰ ਇਮਪਲਾਂਟ ਰਾਹੀਂ ਮੁਫਤ ਇਲਾਜ ਮੁਹਈਆ ਕਰਵਾਇਆ ਜਾਂਦਾ ਹੈ।

ਐਸਐਮਓ, ਡਾ.ਸਰਬਜੀਤ ਸਿੰਘ ਨੇ ਦੱਸਿਆ ਕਿ ਕੰਨ ਮਨੁੱਖੀ ਸਰੀਰ ਦਾ ਬਹੁਤ ਹੀ ਅਹਿਮ ਅੰਗ ਹਨ ਅਤੇ ਸੁਣਨ ਸ਼ਕਤੀ ਵਿੱਚ ਆ ਰਹੀ ਕਿਸੇ ਤਰ੍ਹਾਂ ਦੀ ਸਮੱਸਿਆ ਨੂੰ ਅਣਗੋਲਿਆ ਨਹੀਂ ਕਰਨਾ ਚਾਹੀਦਾ।

ਉਹਨਾਂ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਉਮਰ ਦੇ ਕਿਸੇ ਵੀ ਪੜਾਅ ਦੌਰਾਨ ਸੁਣਨ ਵਿੱਚ ਸਮੱਸਿਆ ਆ ਰਹੀ ਹੈ ਤਾਂ ਉਸ ਨੂੰ ਤੁਰੰਤ ਹੀ ਆਪਣੀ ਨਜ਼ਦੀਕੀ ਕੰਨਾਂ ਦਾ ਮੁਆਇਨਾ ਕਰਵਾਉਣਾ ਚਾਹੀਦਾ ਹੈ। ਡਾ. ਸਰਬਜੀਤ ਸਿੰਘ ਨੇ ਦੱਸਿਆ ਕਿ ਮੌਜੂਦਾ ਯੁੱਗ ਦੇ ਵਿੱਚ ਕਈ ਤਰ੍ਹਾਂ ਦੇ ਅਜਿਹੇ ਉਪਕਰਨ ਆ ਚੁੱਕੇ ਹਨ ਜਿਨਾਂ ਰਾਹੀਂ ਬੋਲੇਪਣ ਦੀ ਸਮੱਸਿਆ ਨੂੰ ਸਹੀ ਕੀਤਾ ਜਾ ਸਕਦਾ ਹੈ

ਇਸ ਮੌਕੇ ਆਰਬੀਐਸਕੇ ਕੋਆਰਡੀਨੇਟਰ ਰਜਨੀ ਸ਼ਰਮਾ, ਆਡੀਓਲੋਜਿਸਟ ਤਰੁਣ ਮਨਚੰਦਾ, ਫਿਜ਼ਿਓਥਰੈਪਿਸਟ ਰੁਪਿੰਦਰ ਕੌਰ ਨਵਜੋਤ ਕੌਰ ਮਨਜੀਤ ਰਾਣੀ ਆਦਿ ਮੌਜੂਦ ਰਹੇ।

# ਸਹਿਕਾਰੀ ਖੰਡ ਮਿੱਲ ਬੋਦੀਵਾਲਾ ਪਿੱਥਾ ਦਾ 9ਵਾਂ ਆਮ ਇਜਲਾਸ ਹੋਇਆ

**ਫਾਜ਼ਿਲਕਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਹਿਕਾਰੀ ਖੰਡ ਮਿੱਲ ਬੋਦੀਵਾਲਾ ਪਿੱਥਾ ਦਾ 9ਵਾਂ ਆਮ ਇਜਲਾਸ ਮਿੱਲ ਦੇ ਚੇਅਰਮੈਨ ਸ੍ਰੀ ਅਸ਼ਵਨੀ ਕੁਮਾਰ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਇਸ ਇਜਲਾਸ ਵਿੱਚ ਮਿੱਲ ਦੇ ਹਿੱਸੇਦਾਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਮਿੱਲ ਦੇ ਚੇਅਰਮੈਨ ਵੱਲੋਂ ਸਮੂਹ ਹਾਜ਼ਰ ਮੈਂਬਰਾਂ ਨੂੰ ਜੀ ਆਇਆਂ ਨੂੰ ਆਖਦਿਆਂ ਆਮ ਇਜਲਾਸ ਦੀ ਸੁਰੂਆਤ ਕੀਤੀ ਗਈ।

ਆਮ ਇਜਲਾਸ ਦੇ ਸੁਰੂਆਤ ਵਿੱਚ, ਮਿੱਲ ਦੇ ਜਨਰਲ ਮੈਨੇਜਰ ਸ੍ਰੀ ਸੁਖਦੀਪ ਸਿੰਘ ਕੈਰੋਂ ਵੱਲੋਂ ਮਿੱਲ ਦੀ ਸਾਲ 2023-24 ਦੀ ਕਾਰਗੁਜ਼ਾਰੀ, ਬੈਲੰਸ ਸ਼ੀਟ, ਲੇਖਾ ਲਾਭ ਹਾਨੀ ਅਤੇ ਉਤਪਾਦਕ ਅਤੇ ਵਪਾਰਕ ਲੇਖਾ ਸਾਲ 2023-24 ਬਾਰੇ ਏਜੰਡੇ ਰੱਖੇ ਗਏ, ਜਿਨ੍ਹਾਂ ਦੀ ਪ੍ਰਵਾਨਗੀ ਮਿੱਲ ਦੇ ਹਿੱਸੇਦਾਰਾਂ ਵੱਲੋਂ ਸਰਬਸੰਮਤੀ ਨਾਲ ਦਿੱਤੀ ਗਈ।

ਡਾ. ਜਗਦੀਸ਼ ਅਰੋੜਾ, ਡੀ.ਈ.ਐਸ. (ਪਲਾਂਟ ਪੈਥੋਲੋਜੀ), ਪੀ.ਏ.ਯੂ. ਫਾਰਮ ਐਡਵਾਈਜਰੀ ਸਰਵਿਸ ਸੈਂਟਰ, ਅਬੋਹਰ, ਵੱਲੋਂ ਸਮੂਹ ਗੰਨਾ ਕਾਸ਼ਤਕਾਰਾਂ ਨੂੰ ਗੰਨੇ ਦੀਆਂ ਕਿਸਮਾਂ, ਗੰਨੇ ਦੀ ਬਿਜਾਈ, ਗੰਨੇ ਦੀ ਫਸਲ ਦੀ ਸਾਂਭ-ਸੰਭਾਲ, ਗੰਨੇ



ਦੀਆਂ ਬੀਮਾਰੀਆਂ ਅਤੇ ਉਹਨਾਂ ਦੀ ਰੋਕਥਾਮ, ਗੰਨੇ ਦੇ ਝਾੜ ਅਤੇ ਕਟਾਈ ਸਬੰਧੀ ਆਧੁਨਿਕ ਤਕਨੀਕਾਂ ਬਾਰੇ ਭਰਪੂਰ ਜਾਣਕਾਰੀ ਦਿੱਤੀ ਗਈ। ਵੱਖ-ਵੱਖ ਅਦਾਰਿਆਂ ਵੱਲੋਂ ਆਪਣੇ-ਆਪਣੇ ਉਤਪਾਦਾਂ ਨਾਲ ਸਬੰਧਤ ਪ੍ਰਦਰਸ਼ਨੀਆਂ ਲਾਈਆਂ ਗਈਆਂ। ਇਸ ਮੌਕੇ ਤੇ ਮਿੱਲ ਦੇ ਜਨਰਲ ਮੈਨੇਜਰ ਸ੍ਰੀ ਸੁਖਦੀਪ ਸਿੰਘ ਕੈਰੋਂ ਵੱਲੋਂ ਗੰਨਾ ਕਾਸ਼ਤਕਾਰਾਂ ਨੂੰ ਅਪੀਲ ਕੀਤੀ ਗਈ ਕਿ ਕਿਉਂ ਜੋ ਪੰਜਾਬ ਸਰਕਾਰ ਵੱਲੋਂ ਗੰਨੇ ਦੀ ਬਕਾਇਆ ਰਹਿੰਦੀ ਪੂਰੀ ਅਦਾਇਗੀ ਕਰ ਦਿੱਤੀ ਗਈ ਹੈ ਅਤੇ ਇਸ ਦੇ ਨਾਲ ਨਾਲ ਪੰਜਾਬ ਸਰਕਾਰ ਵੱਲੋਂ ਗੰਨੇ ਦਾ ਭਾਅ ਵੀ 391 ਰੁਪਏ ਪ੍ਰਤੀ ਕੁਇੰਟਲ ਦਿੱਤਾ ਜਾ ਰਿਹਾ ਹੈ, ਜੋ ਕਿ ਭਾਰਤ ਵਿੱਚ ਸਭ ਤੋਂ ਵੱਧ ਹੈ ਇਸ ਲਈ ਵੱਧ ਤੋਂ ਵੱਧ ਗੰਨੇ ਦੀ ਬਿਜਾਈ ਕੀਤੀ ਜਾਵੇ ਤਾਂ ਜੋ ਮਿੱਲ ਗੰਨੇ ਪੱਖੋਂ ਆਪਣੇ ਪੈਰਾਂ ਤੇ ਖੜੀ ਹੋ ਸਕੇ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਕਿ ਉਹ ਪੰਜਾਬ ਸਰਕਾਰ ਦੁਆਰਾ ਜਾਰੀ ਹਦਾਇਤਾਂ ਮੁਤਾਬਕ ਆਪਣਾ ਗੰਨਾ ਸਾਫ ਸੁਥਰਾ ਲੈ ਕੇ ਆਉਂਣ, ਜੋ ਕਿ ਬਾਈਡਿੰਗ ਮੈਟੀਰੀਅਲ ਸਬੰਧੀ ਨਿਰਧਾਰਤ ਮਾਪਦੰਡਾਂ ਤੋਂ ਵੱਧ ਨਾ ਹੋਵੇ, ਤਾਂ ਜੋ ਮਿੱਲ ਨੂੰ ਅਣਚਾਹੇ ਨੁਕਸਾਨ ਤੋਂ ਬਚਾਇਆ ਜਾ ਸਕੇ ਅਤੇ ਮਿੱਲ ਮਿੱਥੇ ਗਏ ਟੀਚੇ ਪ੍ਰਾਪਤ ਕਰ ਸਕੇ।

ਇਸ ਸਮਾਰੋਹ ਵਿੱਚ ਸ੍ਰੀ ਸਰਵਰਜੀਤ ਸਿੰਘ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਫਾਜ਼ਿਲਕਾ, ਬਤੌਰ ਨੁਮਾਇੰਦਾ ਉਪ ਰਜਿਸਟਰਾਰ, ਸਹਿਕਾਰੀ ਸਭਾਵਾਂ, ਫਾਜ਼ਿਲਕਾ, ਪ੍ਰਬੰਧ ਨਿਰਦੇਸ਼ਕ, ਸ਼ੂਗਰਫੈੱਡ ਪੰਜਾਬ ਦੇ ਨੁਮਾਇੰਦੇ ਵਜੋਂ ਸ੍ਰੀ ਆਰ.ਪੀ.ਸਿੰਘ, ਜਨਰਲ ਮੈਨੇਜਰ, ਸਹਿਕਾਰੀ ਖੰਡ ਮਿੱਲ ਨਕੋਦਰ ਵੱਲੋਂ ਸਿਰਕਤ ਕੀਤੀ ਗਈ। ਮਿੱਲ ਦੇ ਲਗਭਗ 650 ਹਿੱਸੇਦਾਰਾਂ ਤੋਂ ਇਲਾਵਾ ਇਸ ਮੌਕੇ ਤੇ ਮਿੱਲ ਦੇ ਅਧਿਕਾਰੀ ਸ੍ਰੀ ਰਾਜਿੰਦਰ ਕੁਮਾਰ ਸਹਾਰਨ, ਸੀ.ਸੀ.ਡੀ.ਓ., ਸ੍ਰੀ ਅਸ਼ੋਕ ਕੁਮਾਰ, ਮੁੱਖ ਲੇਖਾ ਅਫਸਰ,ਸ੍ਰੀ ਜਿਲੇਦਾਰ, ਮੁੱਖ ਰਸਾਇਣਕਾਰ, ਸ੍ਰੀ ਹਰਦੇਵ ਸਿੰਘ, ਚੀਫ ਇੰਜ਼ੀਨੀਅਰ, ਸ੍ਰੀ ਸਤੀਸ਼ ਕੁਮਾਰ, ਦਫਤਰ ਨਿਗਰਾਨ, ਸ੍ਰੀ ਕਾਲੂ ਰਾਮ, ਪੀ.ਏ. ਟੂ ਜੀ.ਐਮ. ਤੋਂ ਇਲਾਵਾ ਮਿੱਲ ਦੇ ਕਰਮਚਾਰੀ ਅਤੇ ਵਰਕਰ ਵੀ ਹਾਜ਼ਰ ਸਨ।

# ਐਨ.ਓ.ਸੀ/ ਐਨ.ਡੀ.ਸੀ. ਨਾ ਮਿਲਣ ’ਤੇ ਹਲਫਨਾਮੇ ਦੇ ਨਾਲ ਦਾਖ਼ਲ ਕੀਤੇ ਜਾ ਸਕਦੇ ਨੇ ਨਾਮਜ਼ਦਗੀ ਪੱਤਰ

**ਹੁਸ਼ਿਆਰਪੁਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਚਾਇਤੀ ਚੋਣਾਂ ਸਬੰਧੀ ਨਾਮਜ਼ਦਗੀਆਂ ਦਾਖਲ ਕਰਨ ਨੂੰ ਲੈ ਕੇ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਜਾਰੀ ਪੱਤਰ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ- ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਦੱਸਿਆ ਕਿ ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ ਭਰਨ ਸਬੰਧੀ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਮੁਤਾਬਕ ਜੇਕਰ ਕਿਸੇ ਉਮੀਦਵਾਰ ਨੂੰ ਆਪਣੇ ਵੱਲੋਂ ਕੀਤੀਆਂ ਕੋਸ਼ਿਸ਼ਾਂ ਦੇ ਬਾਵਜੂਦ ਨਾਮਜ਼ਦਗੀ ਪੱਤਰ ਦੇ ਨਾਲ ਲਾਉਣ ਲਈ ਕਿਸੇ ਵੀ ਕਿਸਮ ਦੇ ਟੈਕਸ ਦੇ ਏਰੀਅਰ ਦੇ ਬਕਾਏ ਜਾਂ ਕਿਸੇ ਵੀ ਕਿਸਮ ਦੇ ਹੋਰ ਬਕਾਏ ਬਾਬਤ ਨੋ ਡੀਊ ਸਰਟੀਫਿਕੇਟ (ਐਨ.ਡੀ.ਸੀ.) ਸਬੰਧਤ ਅਥਾਰਟੀ ਵੱਲੋਂ ਜਾਰੀ ਨਹੀਂ ਹੁੰਦਾ ਜਾਂ ਕਿਸੇ ਵੀ ਅਥਾਰਟੀ ਦੀ ਕਿਸੇ ਵੀ ਕਿਸਮ ਦੀ ਜਾਇਦਾਦ ਉੱਤੇ ਕਬਜ਼ੇ ਸਬੰਧੀ ਨੋ ਅਬਜੈਕਸ਼ਨ ਸਰਟੀਫਿਕੇਟ (ਐਨ.ਓ.ਸੀ) ਜਾਰੀ ਨਹੀਂ ਹੁੰਦਾ ਤਾਂ ਸਬੰਧਤ ਉਮੀਦਵਾਰ ਆਪਣੇ ਵੱਲੋਂ ਇੱਕ ਹਲਫਨਾਮਾ ਨਾਮਜ਼ਦਗੀ ਪੱਤਰ ਦੇ ਨਾਲ ਲਾ ਕੇ ਕਾਗਜ਼ ਦਾਖਲ ਕਰ ਸਕਦਾ ਹੈ।_ਮੀਦਵਾਰ ਇਹ ਹਲਫਨਾਮਾ ਦੇਵੇਗਾ ਕਿ ਪੰਜਾਬ ਰਾਜ ਚੋਣ ਕਮਿਸ਼ਨ ਐਕਟ 1994 ਬਾਬਤ ਉਸ ਦੇ ਵੱਲ ਕਿਸੇ ਵੀ ਕਿਸਮ ਦੇ ਟੈਕਸਾਂ ਦੇ ਏਰੀਅਰ ਦਾ ਬਕਾਇਆ ਜਾਂ ਕੋਈ ਹੋਰ ਬਕਾਇਆ ਨਹੀਂ ਖੜ੍ਹਾ ਹੈ। ਨਾ ਹੀ ਕਿਸੇ ਅਥਾਰਟੀ ਦੀ ਜਾਇਦਾਦ ਉੱਤੇ ਉਸ ਵੱਲੋਂ ਕੋਈ ਨਾਜਾਇਜ਼ ਕਬਜ਼ਾ ਕੀਤਾ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਹਲਫਨਾਮਾ ਕਾਰਜਕਾਰੀ ਮੈਜਿਸਟਰੇਟ/ ਉਥ ਕਮਿਸ਼ਨਰ/ ਨੋਟਰੀ ਤੋਂ ਤਸਦੀਕਸ਼ੁਦਾ ਹੋਣਾ ਜ਼ਰੂਰੀ ਹੈ।

# ਪਟੇਲ ਕਾਲਜ ਵਿੱਚ ਲੇਖ ਤੇ ਭਾਸ਼ਣ ਮੁਕਾਬਲੇ



ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਦੇ ਹੋਏ ਸਟਾਫ਼ ਮੈਂਬਰ।

**ਰਾਜਪੁਰਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੇ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਵਿੱਚ ਪੰਜਾਬੀ ਵਿਭਾਗ ਦੇ ਸਹਿਯੋਗ ਨਾਲ ਡਾ. ਹਰਿੰਦਰਪਾਲ ਕੌਰ ਕਨਵੀਨਰ ਪੰਜਾਬੀ ਭਾਸ਼ਾ ਮੰਚ ਤੇ ਡਾ. ਮਨਿੰਦਰ ਕੌਰ ਕਨਵੀਨਰ ਪੰਜਾਬੀ ਸਾਹਿਤ ਸਭਾ ਦੀ ਅਗਵਾਈ ਅਤੇ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਦੀ ਸਰਪ੍ਰਸਤੀ ਹੇਠ ਲੇਖ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਪੰਜਾਬੀ ਵਿਭਾਗ ਦੇ ਮੁਖੀ ਡਾ. ਮਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਮੁਕਾਬਲਿਆਂ ਵਿਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ। ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਨੇ ਵਿਦਿਆਰਥੀਆਂ ਨੂੰ ਆਪਣੀ ਮੰਜ਼ਿਲ ਪਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਹੋਏ ਲੇਖ ਮੁਕਾਬਲਿਆਂ ਵਿਚ ਖੁਸ਼ਪ੍ਰੀਤ ਕੌਰ ਬੀ.ਏ. ਭਾਗ ਤੀਜਾ ਨੇ ਪਹਿਲਾ, ਜਸਨੂਰ ਕੌਰ, ਬੀ.ਏ. ਭਾਗ ਤੀਜਾ ਨੇ ਦੂਜਾ ਅਤੇ ਪ੍ਰਦੀਪ ਸਿੰਘ , ਐੱਮ. ਏ. ਭਾਗ ਦੂਜਾ ਨੇ ਤੀਜਾ ਸਥਾਨ ਹਾਸਲ ਕੀਤਾ। ਭਾਸ਼ਣ ਮੁਕਾਬਲਿਆਂ ਵਿਚੋਂ ਕਰਨਪ੍ਰੀਤ ਸਿੰਘ ਬੀ.ਏ. ਭਾਗ ਪਹਿਲਾ ਨੇ ਪਹਿਲਾ, ਵਿਸ਼ਾਲ ਗੁਡਵਾਨੀ ਬੀ.ਸੀ.ਏ. ਭਾਗ ਦੂਜਾ ਤੇ ਜਸ਼ਨਪ੍ਰੀਤ ਕੌਰ ਬੀ.ਏ. ਭਾਗ ਤੀਜਾ ਨੇ ਦੂਜਾ ਅਤੇ ਹਰਸ਼ਦੀਪ ਕੌਰ ਬੀ.ਏ. ਭਾਗ ਦੂਜਾ ਨੇ ਤੀਜਾ ਸਥਾਨ ਹਾਸਲ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਦਲਜੀਤ ਸਿੰਘ ਨੇ ਬਾਖ਼ੂਬੀ ਨਿਭਾਈ।

# ਝੋਨੇ ਦੇ ਖਰੀਦ ਪ੍ਰਬੰਧ ਮੁਕੰਮਲ ਕਰਨ ਦੀ ਮੰਗ; ਡੀਏਪੀ ਦੀ ਸਪਲਾਈ ਯਕੀਨੀ ਬਣਾਉਣ ਲਈ ਕਿਹਾ

**ਭਵਾਨੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਬਲਾਕ ਭਵਾਨੀਗੜ੍ਹ ਦੀ ਮੀਟਿੰਗ ਅਜੈਬ ਸਿੰਘ ਲੱਖੇਵਾਲ ਦੀ ਅਗਵਾਈ ਹੇਠ ਗੁਰਦੁਆਰਾ ਮੰਜੀ ਸਾਹਿਬ ਆਲੋਅਰਖ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਸਕੱਤਰ ਜਗਤਾਰ ਸਿੰਘ ਕਾਲਾਝਾੜ, ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਘਰਾਚੋਂ ਅਤੇ ਮੀਤ ਪ੍ਰਧਾਨ ਹਰਜੀਤ ਸਿੰਘ ਮਹਿਲਾਂ ਨੇ ਕਿਹਾ ਕਿ ਝੋਨੇ ਦੀ ਫਸਲ ਪੱਕ ਕੇ ਤਿਆਰ ਹੈ ਪਰ ਮੰਡੀਆਂ ਵਿੱਚ ਖਰੀਦ ਪ੍ਰਬੰਧਾਂ ਨੂੰ ਲੈ ਕੇ ਵੱਡੀ ਦਿੱਕਤ ਖੜ੍ਹੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪਰਾਲੀ ਦੀ ਸਮੱਸਿਆ ਦਾ ਸਥਾਈ ਹੱਲ ਕਰਨ ਦੀ ਥਾਂ ਸਰਕਾਰ ਵੱਲੋਂ ਸਖਤਾਈ ਵਰਤੀ ਜਾ ਰਹੀ ਹੈ। ਉਨ੍ਹਾਂ



ਡੀਏਪੀ ਖਾਦ ਦੀ ਘਾਟ ਤੁਰੰਤ ਪੂਰੀ ਕਰਨ ਦੀ ਮੰਗ ਕੀਤੀ। ਇਸ ਮੌਕੇ ਆਗੂਆਂ ਨੇ ਸਪਸ਼ਟ ਕੀਤਾ ਕਿ ਪੰਚਾਇਤੀ ਚੋਣਾਂ ਵਿੱਚ ਜਥੇਬੰਦੀ ਦੀ ਕੋਈ ਵੀ ਇਕਾਈ ਅਤੇ ਬਲਾਕ ਆਗੂ ਸ਼ਮੂਲੀਅਤ ਨਹੀਂ ਕਰੇਗਾ।

ਮੀਟਿੰਗ ਵਿੱਚ ਬਲਾਕ ਆਗੂ ਰਘਬੀਰ ਸਿੰਘ ਘਰਾਚੋਂ, ਬਲਵਿੰਦਰ ਸਿੰਘ ਘਨੌੜ, ਜਸਵੀਰ ਸਿੰਘ ਗੱਗੜਪੁਰ, ਹਰਜਿੰਦਰ ਸਿੰਘ ਘਰਾਚੋਂ, ਗੁਰਚੇਤ ਸਿੰਘ ਭੱਟੀਵਾਲ, ਕਰਮ ਚੰਦ ਪੰਨਵਾਂ, ਕਸ਼ਮੀਰ ਸਿੰਘ ਆਲੋਅਰਖ, ਗੁਰਦੇਵ ਸਿੰਘ ਆਲੋਅਰਖ ਆਦਿ ਹਾਜ਼ਰ ਸਨ।

# ਤਿੰਨ ਨੂੰ ਪੰਜਾਬ ’ਚ 35 ਥਾਵਾਂ ’ਤੇ ਰੋਕੀਆਂ ਜਾਣਗੀਆਂ ਰੇਲਾਂ: ਪੰਧੇਰ

**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਲਖੀਮਪੁਰ ਖੀਰੀ ਕਤਲੇਆਮ ਦੇ ਇਨਸਾਫ਼ ਅਤੇ ਦੇਸ਼ ਵਿਆਪੀ ਕਿਸਾਨਾਂ ਦੀਆਂ ਮੰਗਾਂ ਸਬੰਧੀ ਕਿਸਾਨ ਆਗੂ ਸਤਨਾਮ ਸਿੰਘ ਸਾਹਨੀ ਦੀ ਪ੍ਰਧਾਨਗੀ ਹੇਠ ਤਿੰਨ ਅਕਤੂਬਰ ਨੂੰ ਕੀਤੇ ਜਾ ਰਹੇ ਰੇਲ ਰੋਕੋ ਅੰਦੋਲਨ ਦੇ ਸੰਦਰਭ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਮੀਟਿੰਗ ਕੀਤੀ ਗਈ। ਐਸਕੇਐਮ (ਗ਼ੈਰ-ਸਿਆਸੀ) ਦੇ ਕੋਆਰਡੀਨੇਟਰ ਸਰਵਣ ਸਿੰਘ ਪੰਧੇਰ ਨੇ ਦੱਸਿਆ ਕਿ ਦੋਵਾਂ ਫੋਰਮਾਂ ਨੇ ਲਖੀਮਪੁਰ ਖੇੜੀ ਕਤਲੇਆਮ ਦੇ ਮੁੱਖ ਦੋਸ਼ੀ ਨੂੰ ਸਜ਼ਾ ਨਾ ਮਿਲਣ ਦੇ ਵਿਰੋਧ ਵਿੱਚ ਤਿੰਨ ਅਕਤੂਬਰ ਨੂੰ ਤਿੰਨ ਘੰਟਿਆਂ ਦੇ ਦੇਸ਼ ਵਿਆਪੀ ਰੇਲ ਰੋਕੋ ਐਕਸ਼ਨ ਦਾ ਹਿੱਸਾ ਬਣਨ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਦੌਰਾਨ ਪੰਜਾਬ ਦੇ 15 ਜ਼ਿਲ੍ਹਿਆਂ ਵਿੱਚ 35 ਥਾਵਾਂ ’ਤੇ ਰੇਲਵੇ ਮਾਰਗ ਜਾਮ ਕੀਤੇ ਜਾਣਗੇ।

ਕੌਮੀ ਪੱਤ੍ਰਿਕਾ

# ਮੋਦੀ ਨੇ ਆਸਾਮ 'ਚ 4 ਬਾਇਓ ਗੈਸ ਪਲਾਂਟਾਂ ਦਾ ਰੱਖਿਆ ਨੀਂਹ ਪੱਥਰ



**ਗੁਹਾਟੀ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਨੂੰ ਆਸਾਮ ਵਿਚ 'ਆਇਲ ਇੰਡੀਆ ਲਿਮਟਿਡ' ਵਲੋਂ ਚਾਰ ਕੰਪਰੈੱਸਡ ਬਾਇਓ-ਗੈਸ (327) ਪਲਾਂਟਾਂ ਦੇ ਨਿਰਮਾਣ ਲਈ ਨੀਂਹ ਪੱਥਰ ਰੱਖਿਆ। ਇਹ ਪ੍ਰੋਗਰਾਮ ਦੇਸ਼ ਭਰ ਵਿਚ 327 ਦੇ ਕਈ ਪਲਾਂਟਾਂ ਲਈ ਨੀਂਹ ਪੱਥਰ ਰੱਖਣ ਦੇ ਸਮਾਰੋਹ ਦਾ ਹਿੱਸਾ ਸੀ, ਜਿਸ ਦੀ ਪ੍ਰਧਾਨਗੀ ਪ੍ਰਧਾਨ ਮੰਤਰੀ ਮੋਦੀ ਨੇ ਨਵੀਂ ਦਿੱਲੀ ਤੋਂ ਡਿਜੀਟਲ ਮਾਧਿਅਮ ਤੋਂ ਕੀਤੀ।

ਇਸ ਪ੍ਰੋਗਰਾਮ ਦਾ ਉਦੇਸ਼ ਸਵੱਛ ਭਾਰਤ ਦਿਵਸ ਮੌਕੇ 'ਤੇ ਇਕ ਟਿਕਾਊ ਅਤੇ ਵਾਤਾਵਰਣ-ਅਨੁਕੂਲ ਊਰਜਾ ਦ੍ਰਿਸ਼ ਨੂੰ ਉਤਸ਼ਾਹਿਤ ਕਰਨਾ ਹੈ। ਅਸਾਮ ਵਿਚ ਇਹ ਪਲਾਂਟ ਗੁਹਾਟੀ, ਜੋਰਹਾਟ, ਸ਼ਿਵਸਾਗਰ ਅਤੇ ਤਿਨਸੁਕੀਆ ਵਿਚ ਬਣਾਏ ਜਾਣਗੇ। ਆਇਲ ਇੰਡੀਆ ਲਿਮਟਿਡ ਨੇ ਇਕ ਬਿਆਨ ਵਿਚ ਕਿਹਾ ਕਿ ਕੰਪਨੀ ਦੀ ਯੋਜਨਾ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੇ ਸਹਿਯੋਗ ਨਾਲ ਜਨਤਕ ਖੇਤਰ ਦੇ ਅਦਾਰਿਆਂ (PSU) 'ਚ ਨਿਵੇਸ਼ ਜਾਂ ਨਿੱਜੀ ਉੱਦਮੀਆਂ ਨਾਲ ਸਾਂਝੇਦਾਰੀ ਰਾਹੀਂ 2024-25 ਤੱਕ 25 327 ਪਲਾਂਟ ਸਥਾਪਤ ਕਰਨ ਦੀ ਹੈ।

# ਈਰਾਨ ਵੱਲੋਂ ਇਜ਼ਰਾਈਲ 'ਤੇ ਮਿਜ਼ਾਇਲ ਹਮਲੇ

## ਪੱਛਮੀ ਏਸ਼ੀਆ ਵਿਚ ਤਣਾਅ ਵਧਣ 'ਤੇ ਭਾਰਤ ਵੱਲੋਂ ਚਿੰਤਾ ਜ਼ਾਹਰ

**ਤੇਲ ਅਵੀਵ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਈਰਾਨ ਨੇ ਇਜ਼ਰਾਈਲ 'ਤੇ ਮਿਜ਼ਾਈਲ ਹਮਲਾ ਕਰ ਦਿੱਤਾ ਹੈ। ਪੂਰੇ ਇਜ਼ਰਾਈਲ ਵਿਚ ਹਮਲੇ ਦੇ ਅਲਾਰਮ ਵੱਜ ਉੱਠੇ। ਆਈ. ਡੀ. ਐੱਫ. ਨੇ ਈਰਾਨੀ ਹਮਲੇ ਦਾ ਦਾਅਵਾ ਕਰਦੇ ਹੋਏ ਲੋਕਾਂ ਨੂੰ ਬੰਕਰਾਂ 'ਚ ਰਹਿਣ ਦੀ ਸਲਾਹ ਦਿੱਤੀ। ਉਥੇ ਹੀ ਇਜ਼ਰਾਈਲ ਦੀ ਸਥਿਤੀ ਦੇ ਮੱਦੇਨਜ਼ਰ, ਇੱਥੇ ਸਥਿਤ ਭਾਰਤੀ ਦੂਤਘਰ ਨੇ ਸਾਰੇ ਭਾਰਤੀ ਨਾਗਰਿਕਾਂ ਨੂੰ ਚੌਕਸ ਰਹਿਣ ਅਤੇ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ ਹੈ। ਭਾਰਤੀ ਦੂਤਘਰ ਵੱਲੋਂ ਜਾਰੀ ਐਡਵਾਈਜ਼ਰੀ ਵਿੱਚ ਕਿਹਾ ਗਿਆ ਹੈ ਕਿ ਖੇਤਰ ਵਿੱਚ ਮੌਜੂਦਾ ਸਥਿਤੀ ਦੇ ਮੱਦੇਨਜ਼ਰ, ਇਜ਼ਰਾਈਲ ਵਿੱਚ ਸਾਰੇ ਭਾਰਤੀ ਨਾਗਰਿਕਾਂ ਨੂੰ ਚੌਕਸ ਰਹਿਣ ਅਤੇ ਸਥਾਨਕ ਅਧਿਕਾਰੀਆਂ ਵੱਲੋਂ ਦਿੱਤੇ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।



ਐਡਵਾਈਜ਼ਰੀ ਵਿਚ ਕਿਹਾ ਗਿਆ, ਕਿਰਪਾ ਕਰਕੇ ਸਾਵਧਾਨੀ ਵਰਤੋ, ਦੇਸ਼ ਦੇ ਅੰਦਰ ਬੇਲੋੜੀ ਯਾਤਰਾ ਤੋਂ ਬਚੋ ਅਤੇ ਸੁਰੱਖਿਅਤ ਪਨਾਹਗਾਹਾਂ ਦੇ ਨੇੜੇ ਰਹੋ। ਦੂਤਘਰ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਸਾਡੇ ਸਾਰੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਜ਼ਰਾਈਲੀ ਅਧਿਕਾਰੀਆਂ ਨਾਲ ਨਿਯਮਤ ਸੰਪਰਕ ਵਿੱਚ ਹੈ।'ਭਾਰਤੀ ਦੂਤਘਰ ਨੇ ਕਿਹਾ ਕਿ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ, ਕਿਰਪਾ ਕਰਕੇ ਦੂਤਘਰ ਦੇ ਹੈਲਪਲਾਈਨ ਨੰਬਰ +972547520711 ਅਤੇ +972-543278392 'ਤੇ ਸੰਪਰਕ ਕਰੋ ਅਤੇ ਜਿਨ੍ਹਾਂ ਭਾਰਤੀ ਨਾਗਰਿਕਾਂ ਨੇ ਅਜੇ ਤੱਕ ਦੂਤਘਰ ਵਿਚ ਰਜਿਸਟਰੇਸ਼ਨ ਨਹੀਂ ਕਰਾਇਆ ਹੈ, ਉਹ ਕਿਰਪਾ ਕਰਕੇ ਵੈੱਬਸਾਈਟ 'ਤੇ ਰਜਿਸਟਰੇਸ਼ਨ ਕਰਵਾ ਲੈਣ। ਪੱਛਮੀ ਏਸ਼ੀਆ ਵਿਚ ਤਣਾਅ ਵਧਣ 'ਤੇ ਚਿੰਤਾ ਜ਼ਾਹਰ ਕਰਦਿਆਂ ਭਾਰਤ ਨੇ ਅੱਜ ਕਿਹਾ ਕਿ ਉਹ ਮੱਧ ਪੂਰਬੀ ਖ਼ਿੱਤੇ ਵਿਚ ਹਾਲਾਤ ਉਤੇ ਕਰੀਬੀ ਨਜ਼ਰ ਰੱਖ ਰਿਹਾ ਹੈ। ਭਾਰਤ ਨੇ ਆਪਣੇ ਨਾਗਰਿਕਾਂ ਨੂੰ ਇਰਾਨ ਦੀ ਬੇਲੋੜੀ ਯਾਤਰਾ ਤੋਂ ਬਚਣ ਦੀ ਸਲਾਹ ਵੀ ਦਿੱਤੀ ਹੈ। ਇਸੇ ਤਰ੍ਹਾਂ ਇਰਾਨ ਵਿਚ ਰਹਿ ਰਹੇ ਭਾਰਤੀ ਨਾਗਰਿਕਾਂ ਨੂੰ ਵੀ ਚੌਕਸ ਰਹਿਣ ਅਤੇ ਤਹਿਰਾਨ ਸਥਿਤ ਭਾਰਤੀ ਸਫ਼ਾਰਤਖ਼ਾਨੇ ਨਾਲ ਰਾਬਤਾ ਬਣਾਈ ਰੱਖਣ ਦਾ ਸੱਦਾ ਦਿੱਤਾ ਹੈ।

ਵਿਦੇਸ਼ ਮੰਤਰਾਲੇ ਨੇ ਇਕ ਬੁੱਧਵਾਰ ਨੂੰ ਇਕ ਬਿਆਨ ਵਿਚ ਕਿਹਾ, "ਖ਼ਿੱਤੇ ਵਿਚ ਤਣਾਅ 'ਚ ਹੋਏ ਹਾਲੀਆ ਵਾਧੇ ਉਤੇ ਅਸੀਂ ਕਰੀਬੀ ਨਜ਼ਰ ਰੱਖ ਰਹੇ ਹਾਂ। ਭਾਰਤੀ ਨਾਗਰਿਕਾਂ ਨੂੰ ਇਰਾਨ ਦੇ ਬੇਲੋੜੇ ਸਫ਼ਰ ਤੋਂ ਬਚਣ ਦੀ ਸਲਾਹ ਦਿੱਤੀ ਜਾਂਦੀ ਹੈ।"

ਇਸ ਦੇ ਨਾਲ ਹੀ ਭਾਰਤ ਨੇ ਸਾਰੀਆਂ ਸਬੰਧਤ ਧਿਰਾਂ ਨੂੰ ਜ਼ਬਤ ਤੋਂ ਕੰਮ ਲੈਣ ਦਾ ਸੱਦਾ ਵੀ ਦਿੱਤਾ ਹੈ। ਭਾਰਤ ਨੇ ਕਿਹਾ ਕਿ ਜ਼ਰੂਰੀ ਹੈ ਕਿ ਇਸ ਤਣਾਅ ਨੂੰ ਹੋਰ ਫੈਲਣ ਤੋਂ ਰੋਕਿਆ ਜਾਵੇ। ਬਿਆਨ ਵਿਚ ਕਿਹਾ ਗਿਆ ਹੈ, "ਅਸੀਂ ਇਸ ਗੱਲ ਉਤੇ ਜ਼ੋਰ ਦਿੰਦੇ ਹਾਂ ਕਿ ਸਾਰੇ ਮਾਮਲੇ ਗੱਲਬਾਤ ਤੇ ਸਫ਼ਾਰਤੀ ਢੰਗ-ਤਰੀਕਿਆਂ ਨਾਲ ਨਿਬੇੜੇ ਜਾਣ।"

# 5,000 ਰੁਪਏ ਰਿਸ਼ਵਤ ਲੈਂਦਾ ਥਾਣੇ ਦਾ ਮੁੱਖ ਮੁਨਸ਼ੀ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

## ਚੋਰੀ ਦੇ ਫ਼ੋਨ ਮਾਮਲੇ 'ਚ ਮੱਦਦ ਕਰਨ ਬਦਲੇ ਪਹਿਲਾ ਲਏ ਸੀ 8,000 ਰੁਪਏ



**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਵਿਖੇ ਸੀ.ਆਈ.ਏ. ਸਟਾਫ਼ ਵਿੱਚ ਮੁੱਖ ਮੁਨਸ਼ੀ ਵਜੋਂ ਤਾਇਨਾਤ ਹੌਲਦਾਰ ਸਤਨਾਮ ਸਿੰਘ ਨੂੰ 5,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫਤਾਰੀ ਸ੍ਰੀ ਮੁਕਤਸਰ ਸਾਹਿਬ ਦੀ ਵਸਨੀਕ ਪਰਵੀਨ ਕੌਰ ਦੀ ਸ਼ਿਕਾਇਤ ਦੀ ਪੜਤਾਲ ਤੋਂ ਬਾਅਦ ਕੀਤੀ ਗਈ ਹੈ। ਸ਼ਿਕਾਇਤ ਅਨੁਸਾਰ ਹੌਲਦਾਰ ਸਤਨਾਮ ਸਿੰਘ ਨੇ ਸ਼ਿਕਾਇਤਕਰਤਾ ਨੂੰ ਧਮਕੀ ਦਿੱਤੀ ਸੀ ਕਿ ਉਸਦਾ ਲੜਕਾ ਚੋਰੀ ਦਾ ਮੋਬਾਈਲ ਫੋਨ ਵਰਤ ਰਿਹਾ ਹੈ ਅਤੇ ਮਾਮਲੇ ਨੂੰ ਰਫ਼ਾ-ਦਫ਼ਾ ਕਰਨ ਲਈ 50,000 ਰੁਪਏ ਦੀ ਮੰਗ ਕੀਤੀ ਗਈ। ਹਾਲਾਂਕਿ ਉਸਨੇ ਆਪਣੇ ਲੜਕੇ ਦੁਆਰਾ ਖਰੀਦੇ ਗਏ ਫੋਨ ਦਾ ਬਿੱਲ ਅਤੇ ਡੱਬਾ ਉਕਤ ਮੁਲਾਜ਼ਮ ਨੂੰ ਸੌਂਪ ਦਿੱਤਾ ਸੀ, ਪਰ ਇਸਦੇ ਬਾਵਜੂਦ ਵੀ ਪੁਲਿਸ ਮੁਲਾਜ਼ਮ ਨੇ ਸ਼ਿਕਾਇਤਕਰਤਾ ਤੋਂ 8,000 ਰੁਪਏ ਰਿਸ਼ਵਤ ਲਈ ਅਤੇ ਉਸਦੇ ਪੁੱਤਰ ਨੂੰ ਇਸ ਚੋਰੀ ਦੇ ਫੋਨ ਮਾਮਲੇ ਵਿੱਚ ਸ਼ਾਮਲ ਨਾ ਕਰਨ ਬਦਲੇ 5,000 ਰੁਪਏ ਹੋਰ ਦੇਣ ਦੀ ਵੀ ਮੰਗ ਕੀਤੀ।

ਉਕਤ ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗ ਰਹੇ ਇਸ ਪੁਲਿਸ ਮੁਲਾਜ਼ਮ ਦੀ ਗੱਲਬਾਤ ਰਿਕਾਰਡ ਕਰ ਲਈ ਸੀ ਅਤੇ ਮੱਦਦ ਲਈ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੀਤੀ।

ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਨੇ ਜਾਲ ਵਿਛਾਇਆ ਅਤੇ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਹੌਲਦਾਰ ਸਤਨਾਮ ਸਿੰਘ ਨੂੰ ਸ਼ਿਕਾਇਤਕਰਤਾ ਤੋਂ 5,000 ਰੁਪਏ ਦੀ ਦੂਜੀ ਕਿਸ਼ਤ ਵਸੂਲਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਦੋਸ਼ੀ ਪੁਲਿਸ ਮੁਲਾਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਹੈ। ਮੁਲਜ਼ਮ ਨੂੰ ਕੱਲ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਰਾਈਸ ਮਿਲਰਸ ਦੀ ਹੜਤਾਲ ਦੇ ਬਾਵਜੂਦ ਹਰਿਆਣਾ ਵਿਚ ਝੋਨੇ ਦੀ ਸਰਕਾਰੀ ਖਰੀਦ ਸੁਚਾਰੂ ਰੂਪ ਨਾਲ ਜਾਰੀ

**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਪੰਜਾਬ ਵਿਚ ਰਾਈਸ ਮਿਲਰਸ ਦੀ ਹੜਤਾਲ ਦੇ ਬਾਵਜੂਦ ਘੱਟੋ ਘੱਟ ਸਹਾਇਕ ਮੁੱਲ (ਐਮਐਸਪੀ) 'ਤੇ ਹੁਣ ਤਕ 58286 ਮੀਟ੍ਰਿਕ ਟਨ ਤੋਂ ਵੱਧ ਦੀ ਝੋਨੇ ਦੀ ਖਰੀਦ ਸਰਕਾਰੀ ਏਜੰਸੀਆਂ ਵੱਲੋਂ ਕੀਤੀ ਜਾ ਚੁੱਕੀ ਹੈ।

ਇਹ ਜਾਣਕਾਰੀ ਦਿੰਦੇ ਹੋਏ ਖੁਰਾਕ ਅਤੇ ਸਪਲਾਈ ਵਿਭਾਗ ਦੇ ਬੁਲਾਰੇ ਨੇ ਦਸਿਆ ਹੈ ਕਿ ਅੱਜ ਤਕ ਰਾਜ ਦੀ 241 ਮੰਡੀਆਂ ਵਿਚ ਕੁੱਲ 58286 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ। ਇਸ ਵਿੱਚੋਂ 17% ਤਕ ਦੀ ਨਮੀ ਵਾਲੀ 58286 ਮੀਟ੍ਰਿਕ ਟਨ ਝੋਨੇ ਦੀ ਸਰਕਾਰੀ ਏਜੰਸੀਆਂ ਨੇ ਖਰੀਦ ਕੀਤੀ ਹੈ ਅਤੇ 4445 ਮੀਟ੍ਰਿਕ ਟਨ ਝਨੇ ਦਾ ਉਠਾਨ ਕੀਤਾ ਹੈ। ਕਿਸਾਨਾਂ ਨੂੰ ਸਮੇਂ 'ਤੇ ਭੁਗਤਾਨ ਵੀ ਯਕੀਨੀ ਕੀਤਾ ਜਾ ਰਿਹਾ ਹੈ ਅਤੇ ਹੁਣ ਤਕ 2 ਕਰੋੜ ਰੁਪਏ ਸਿੱਧੇ ਕਿਸਾਨਾਂ ਦੇ ਬੈਂਕ ਖਾਤਿਆਂ ਵਿਚ ਵੰਡੇ ਗਏ ਹਨ, ਜਿਸ ਨਾਲ 7,500 ਤੋਂ ਵੱਧ ਕਿਸਾਨਾਂ ਨੂੰ ਲਾਭ ਮਿਲਿਆ ਹੈ।

ਵਰਨਣਯੋਗ ਹੈ ਕਿ 1662 ਮੀਟ੍ਰਿਕ ਟਨ ਝੋਨੇ ਦਾ ਉਠਾਨ ਸਿਰਫ 3 ਅਕਤੂਬਰ ਨੂੰ ਕੀਤਾ ਗਿਆ ਹੈ, ਜਿਸ ਤੋਂ ਕੁੱਲ ਉਠਾਨ 4445 ਮੀਟ੍ਰਿਕ ਟਨ ਪਹੁੰਚ ਗਿਆ, ਜਿਸ ਨੂੰ ਮੌਜੂਦਾ ਵਿਚ ਏਜੰਸੀ ਦੇ ਗੋਦਾਮਾਂ, ਪਿਲਥਾਂ ਅਤੇ ਚੁਨਿੰਦਾਂ ਸਥਾਨਾਂ ਵਿਚ ਸਟੋਰ ਕੀਤਾ ਗਿਆ ਹੈ।

# ਮੋਦੀ ਭਰੋਸਾ ਤੋੜਨ ਵਾਲਿਆਂ ਦੇ ਸਰਦਾਰ: ਖੜਗੇ

## ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਹਰਿਆਣਾ ਵਿਚ ਚੋਣ ਰੈਲੀ ਦੌਰਾਨ ਭਾਜਪਾ 'ਤੇ ਲਾਏ ਝੂਠੇ ਵਾਅਦੇ ਕਰਨ ਦੇ ਦੋਸ਼

**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਜਨਤਾ ਪਾਰਟੀ ਉਤੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿਚ ਨਾਕਾਮ ਰਹਿਣ ਦਾ ਦੋਸ਼ ਲਾਉਂਦਿਆਂ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਬੁੱਧਵਾਰ ਨੂੰ ਇਹ ਦੋਸ਼ ਵੀ ਲਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਝੂਠ ਬੋਲਣ ਦੇ ਮਾਹਿਰ' ਹਨ। ਉਹ 5 ਅਕਤੂਬਰ ਨੂੰ ਹੋਣ ਵਾਲੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਦੇ ਸਬੰਧ ਵਿਚ ਹਰਿਆਣਾ ਦੇ ਚਰਖੀ ਦਾਦਰੀ ਵਿਚ ਇਕ ਚੋਣ ਰੈਲੀਨੂੰ ਸੰਬੋਧਨ ਕਰ ਰਹੇ ਸਨ।



ਉਨ੍ਹਾਂ ਕਿਹਾ, "ਅੱਜ ਮਹਾਤਮਾ ਗਾਂਧੀ ਅਤੇ ਲਾਲ ਬਹਾਦੁਰ ਸ਼ਾਸਤਰੀ ਜੀ ਦੇ ਜਨਮ ਦਿਵਸ ਹਨ। ਮਹਾਤਮਾ ਗਾਂਧੀ ਨੇ ਸਾਨੂੰ ਸੱਚਾਈ ਅਤੇ ਅਹਿੰਸਾ ਦੀ ਸਿੱਖਿਆ ਦਿੱਤੀ ਹੈ।

ਮੈਂ ਇਹ ਕਹਿਣਾ ਨਹੀਂ ਚਾਹੁੰਦਾ, ਪਰ ਜਿਹੜੇ ਲੋਕ ਸੱਤਾ ਵਿਚ ਹਨ ਉਹ ਕਿੰਨਾ ਕੁ ਸੱਚ ਤੇ ਕਿੰਨਾ ਕੁ ਝੂਠ ਬੋਲਦੇ ਹਨ।"

ਉਨ੍ਹਾਂ ਕਿਹਾ, "ਮੋਦੀ ਜੀ ਤੋ ਭਰੋਸਾ ਤੋੜਨੇ ਵਾਲੋਂ ਕਾ ਭੀ ਸਰਦਾਰ ਹੈ।" ਇਸ ਮੌਕੇ ਰੈਲੀ ਦੇ ਮੰਚ ਉਤੇ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਅਤੇ ਜੰਮੂ-ਕਸ਼ਮੀਰ ਦੇ ਸਾਬਕਾ ਰਾਜਪਾਲ ਸੱਤਿਆ ਪਾਲ ਮਲਿਕ ਵੀ ਮੌਜੂਦ ਸਨ। ਉਨ੍ਹਾਂ ਦੋਸ਼ ਲਾਇਆ ਕਿ ਬੀਤੇ ਦਸ ਸਾਲਾਂ ਦੌਰਾਨ ਮੋਦੀ ਨੇ 'ਅਣਗਿਣਤ' ਝੂਠੇ ਵਾਅਦੇ ਕੀਤੇ ਹਨ।

# ਅਮਨ ਅਰੋੜਾ ਵੱਲੋਂ ਸਰਕਾਰ, ਤੁਹਾਡੇ ਦੁਆਰ ਯੋਜਨਾ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਦਾ ਸੱਦਾ



**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਅਤੇ ਜਨਤਕ ਸ਼ਿਕਾਇਤਾਂ ਬਾਰੇ ਮੰਤਰੀ ਸ੍ਰੀ ਅਮਨ ਅਰੋੜਾ ਨੇ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਨਾਗਰਿਕ ਸੇਵਾਵਾਂ ਦੇ ਲੰਬਿਤ ਮਾਮਲਿਆਂ ਦੇ ਨਿਪਟਾਰੇ ਲਈ ਇੱਕ ਹਫ਼ਤੇ ਦਾ ਸਮਾਂ ਦਿੱਤਾ ਹੈ ਤਾਂ ਜੋ ਦੇਸ਼ ਭਰ ਵਿੱਚ ਪੰਜਾਬ ਦਾ ਸਿਖਰਲਾ ਸਥਾਨ ਬਰਕਰਾਰ ਰੱਖਿਆ ਜਾ ਸਕੇ।

ਜ਼ਿਕਰਯੋਗ ਹੈ ਕਿ ਪੰਜਾਬ ਨੇ ਹਾਲ ਹੀ ਵਿੱਚ ਦੇਸ਼ ਭਰ ਵਿੱਚ ਸ਼ਿਕਾਇਤ ਨਿਵਾਰਣ ਰੈਂਕਿੰਗ ਵਿੱਚ ਸਿਖਰਲਾ ਸਥਾਨ ਹਾਸਲ ਕੀਤਾ ਸੀ। ਇਹ ਰੈਂਕਿੰਗ ਭਾਰਤ ਸਰਕਾਰ ਵੱਲੋਂ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦਰਮਿਆਨ ਤੁਲਨਾਤਮਕ ਮੁਲਾਂਕਣ ਲਈ ਤਿਆਰ ਕੀਤੀ ਸ਼ਿਕਾਇਤ ਨਿਵਾਰਣ ਇੰਡੈਕਸ ਦੇ ਆਧਾਰ 'ਤੇ ਦਿੱਤੀ ਗਈ ਸੀ।

ਇੱਥੇ ਮਗਸੀਪਾ ਵਿਖੇ ਪ੍ਰਸ਼ਾਸਨਿਕ ਸੁਧਾਰ ਅਤੇ ਜਨਤਕ ਸ਼ਿਕਾਇਤਾਂ ਵਿਭਾਗ ਦੇ ਚੱਲ ਰਹੇ ਪ੍ਰਾਜੈਕਟਾਂ ਦੀ ਸਮੀਖਿਆ ਲਈ ਬੁਲਾਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਸਾਰੇ ਜ਼ਿਲ੍ਹਿਆਂ ਵਿੱਚ ਨਾਗਰਿਕ ਸੇਵਾਵਾਂ ਦੇ ਲੰਬਿਤ ਮਾਮਲਿਆਂ ਦੀ ਗਿਣਤੀ ਮਹਿਜ਼ 0.19 ਫ਼ੀਸਦੀ ਤੋਂ ਵੀ ਘੱਟ ਹੈ ਪਰ ਇਸ ਵਿੱਚ ਹੋਰ ਸੁਧਾਰ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰਾਂ ਨੂੰ ਨਾਗਰਿਕ ਸੇਵਾਵਾਂ ਦੀ ਡਿਲਿਵਰੀ ਵਿੱਚ ਦੇਰੀ ਕਰਨ ਵਾਲੇ ਅਧਿਕਾਰੀਆਂ ਤੇ ਸਟਾਫ ਦੀ ਪਛਾਣ ਕਰਨ ਅਤੇ ਰੁਕਾਵਟ ਪਾਉਣ ਵਾਲਿਆਂ ਦੀ ਜਵਾਬਦੇਹੀ ਤੈਅ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਨਾਲ ਹੀ ਕਿਹਾ ਕਿ ਬਿਹਤਰੀਨ ਕਾਰਗੁਜ਼ਾਰੀ ਵਾਲੇ ਅਧਿਕਾਰੀਆਂ ਤੇ ਸਟਾਫ ਨੂੰ ਉਨ੍ਹਾਂ ਦੇ ਯਤਨਾਂ ਲਈ ਮਾਨਤਾ ਦਿੱਤੀ ਜਾਣੀ ਚਾਹੀਦੀ ਹੈ ਅਤੇ ਉਨ੍ਹਾਂ ਦੀ ਸ਼ਲਾਘਾ ਕੀਤੀ ਜਾਣੀ ਚਾਹੀਦੀ ਹੈ।

ਇਸ ਦੌਰਾਨ ਪ੍ਰਸ਼ਾਸਨਿਕ ਸੁਧਾਰ ਮੰਤਰੀ ਨੇ ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ ਸਕੀਮ ਦਾ ਵੀ ਜਾਇਜ਼ਾ ਲਿਆ।

# ਸ੍ਰੀ ਅਕਾਲ ਤਖ਼ਤ ਸਾਹਿਬ ਸਪੱਸ਼ਟੀਕਰਨ ਦੇਣ ਪਹੁੰਚੀ ਬੀਬੀ ਜਗੀਰ ਕੌਰ

**ਅੰਮ੍ਰਿਤਸਰ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਕਮੇਟੀ ਦੀ ਪ੍ਰਧਾਨ ਬੀਬੀ ਜਗੀਰ ਕੌਰ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਪਹੁੰਚੇ, ਜਿੱਥੇ ਉਨ੍ਹਾਂ ਵੱਲੋਂ ਰੋਮਾਂ ਦੀ ਬੇਅਦਬੀ ਅਤੇ ਬੇਟੀ ਦੇ ਕਤਲ 'ਤੇ ਸਪਸ਼ਟੀਕਰਨ ਦਿੱਤਾ ਗਿਆ। ਸਪੱਸ਼ਟੀਕਰਨ ਦੇਣ ਮਗਰੋਂ ਮੀਡੀਆ ਨਾਲ ਗੱਲਬਾਤ ਦੌਰਾਨ ਵੱਡਾ ਬਿਆਨ ਦਿੰਦੇ ਹੋਏ ਬੀਬੀ ਜਗੀਰ ਕੌਰ ਨੇ ਕਿਹਾ ਕਿ ਮੈਨੂੰ ਅਫ਼ਸੋਸ ਹੈ ਕਿ ਮਹਾਨ ਤਖ਼ਤ 'ਤੇ ਹੁਣ ਅਜਿਹੇ ਮਸਲੇ ਵੀ ਆਉਣ ਲੱਗੇ ਹਨ। ਉਨ੍ਹਾਂ ਕਿਹਾ ਕਿ ਮੇਰੇ 'ਤੇ ਧੀ ਦਾ ਕੇਸ ਬਿਲਕੁਲ ਝੂਠਾ ਸੀ। ਮੇਰੇ ਖ਼ਿਲਾਫ਼ ਝੂਠੀ ਸ਼ਿਕਾਇਤ ਦਰਜ ਕਰਵਾਈ ਗਈ ਹੈ। ਮੈਂ ਪਿਛਲੇ 40 ਸਾਲਾਂ ਤੋਂ ਪੰਥ ਦੀ ਸੇਵਾ ਕਰ ਰਹੀ ਹਾਂ। ਮੈਂ ਹਮੇਸ਼ਾ ਗੁਰੂ ਗ੍ਰੰਥ ਸਾਹਿਬ ਜੀ ਸ਼ਰਨ ਵਿਚ ਰਹੀ ਹੈ ਅਤੇ ਹਮੇਸ਼ਾ ਗੁਰੂ ਦਾ ਸਹਾਰਾ ਲੈ ਕੇ ਲੋਕਾਂ ਦੀ ਸੇਵਾ ਕੀਤਾ ਹੈ। ਮੈਨੂੰ ਅਫ਼ਸੋਸ ਹੈ ਕਿ ਮਹਾਨ ਤਖ਼ਤ ਦੀ ਮਰਿਆਦਾ ਨੂੰ ਢਾਹ ਲੱਗੀ ਹੈ।



ਦੱਸਣਯੋਗ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਸ਼੍ਰੋਮਣੀ ਕਮੇਟੀ ਦੀ ਬੀਬੀ ਜਗੀਰ ਕੌਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਆਪਣਾ ਸਪੱਸ਼ਟੀਕਰਨ ਦੇਣ ਲਈ ਕਿਹਾ ਸੀ।ਬੀਬੀ ਜਗੀਰ ਕੌਰ ਨੂੰ ਭੇਜੇ ਪੱਤਰ ਵਿੱਚ ਦੱਸਿਆ ਗਿਆ ਗਿਆ ਸੀ ਕਿ ਉਨ੍ਹਾਂ ਵਿਰੁੱਧ ਕਈ ਸ਼ਿਕਾਇਤਾਂ ਮਿਲੀਆਂ ਹਨ। ਉਨ੍ਹਾਂ 'ਤੇ ਆਪਣੇ ਰੋਮ ਕਤਲ ਕਰਨ (ਕੇਸਾਂ ਦੀ ਬੇਅਦਬੀ) ਅਤੇ ਆਪਣੀ ਧੀ ਦੇ ਕਤਲ ਦੇ ਦੋਸ਼ ਵੀ ਹਨ। ਇਸ ਲਈ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋ ਕੇ ਸਪਸ਼ਟੀਕਰਨ ਦੇਣ ਲਈ ਕਿਹਾ ਸੀ।

ਜ਼ਿਕਰਯੋਗ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੁਖਬੀਰ ਬਾਦਲ ਖ਼ਿਲਾਫ਼ ਹੁਣ ਤੱਕ ਹੋਈ ਕਾਰਵਾਈ ਤੋਂ ਬਾਅਦ ਜਿੱਥੇ ਸਾਰੇ ਸਾਬਕਾ ਮੰਤਰੀਆਂ ਨੂੰ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਸੀ, ਉਥੇ ਹੀ ਅਕਾਲੀ ਦਲ ਨਾਲ ਜੁੜੇ ਕਈ ਵੱਡੇ ਆਗੂਆਂ ਖ਼ਿਲਾਫ਼ ਅਕਾਲ ਤਖ਼ਤ ਸਾਹਿਬ ਵਿਖੇ ਲਗਾਤਾਰ ਸ਼ਿਕਾਇਤਾਂ ਮਿਲ ਰਹੀਆਂ ਹਨ। ਕੁਝ ਦਿਨ ਪਹਿਲਾਂ ਬੀਬੀ ਜਗੀਰ ਕੌਰ ਬਾਰੇ ਲਿਖ਼ਤੀ ਸ਼ਿਕਾਇਤ ਵੀ ਕੀਤੀ ਗਈ ਸੀ।

# ਹੈਲੀਕਾਪਟਰ ਹਾਦਸੇ 'ਚ ਦੋ ਪਾਇਲਟਾਂ ਸਣੇ ਤਿੰਨ ਹਲਾਕ

## ਮ੍ਰਿਤਕਾਂ ਵਿਚ ਇਕ ਇੰਜਨੀਅਰ ਵੀ ਸ਼ਾਮਲ; ਦਿੱਲੀ ਦੀ ਫਰਮ ਨਾਲ ਸਬੰਧਤ ਸੀ ਹੈਲੀਕਾਪਟਰ



**ਪੁਣੇ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਸ਼ਟਰ ਦੇ ਪੁਣੇ ਜ਼ਿਲ੍ਹੇ ਵਿਚ ਬੁੱਧਵਾਰ ਸਵੇਰੇ ਇਕ ਹੈਲੀਕਾਪਟਰ ਦੇ ਹਾਦਸੇ ਦਾ ਸ਼ਿਕਾਰ ਹੋ ਜਾਣ ਕਾਰਨ ਦੋ ਪਾਇਲਟਾਂ ਤੇ ਇਕ ਇੰਜਨੀਅਰ ਦੀ ਮੌਤ ਹੋ ਗਈ ਇਹ ਜਾਣਕਾਰੀ ਪੁਲੀਸ ਨੇ ਦਿੱਤੀ ਹੈ। ਹੈਲੀਕਾਪਟਰ ਦਿੱਲੀ ਆਧਾਰਤ ਨਿਜੀ ਫਰਮ ਹੈਰੀਟੇਜ ਏਵੀਏਸ਼ਨ ਨਾਲ ਸਬੰਧਤ ਸੀ, ਜਿਹੜਾ ਆਕਸਫੋਰਡ ਕਾਊਂਟੀ ਗੋਲਫ ਕੋਰਸ ਤੋਂ ਉਡ ਕੇ ਮੁੰਬਈ ਵਿਚ ਜੁਹੂ ਜਾ ਰਿਹਾ ਸੀ, ਜਦੋਂ ਸਵੇਰੇ 7.40 ਵਜੇ ਇਹ ਹਾਦਸੇ ਵਿਚ ਤਬਾਹ ਹੋ ਗਿਆ। ਹਾਦਸਾ ਬਾਵਧਨ ਇਲਾਕੇ ਵਿੱਚ ਪਹਾੜੀ ਖੇਤਰ 'ਚ ਵਾਪਰਿਆ ਅਤੇ ਹਾਦਸੇ ਪਿੱਛੋਂ ਹੈਲੀਕਾਪਟਰ ਨੂੰ ਅੱਗ ਲੱਗ ਗਈ।

ਪਿਮਰੀ ਛਿੰਦਵਾੜ ਦੇ ਪੁਲੀਸ ਕਮਿਸ਼ਨਰ ਵਿਜੇ ਕੁਮਾਰ ਚੌਬੇ ਨੇ ਕਿਹਾ, "ਹੈਲੀਕਾਪਟਰ ਦੇ ਹਾਦਸਾਗ੍ਰਸਤ ਹੋ ਜਾਣ ਕਾਰਨ ਤਿੰਨ ਜਣਿਆਂ ਦੀ ਮੌਤ ਹੋ ਗਈ ਹੈ। ਸਾਡੀਆਂ ਟੀਮਾਂ ਅੱਗ ਬੁਝਾਊ ਵਿਭਾਗ ਦੇ ਦਸਤੇ ਸਣੇ ਘਟਨਾ ਵਾਲੀ ਥਾਂ ਪਹੁੰਚ ਗਈਆਂ ਹਨ।"

ਉਨ੍ਹਾਂ ਦੱਸਿਆ ਕਿ ਹਾਦਸੇ ਤੋਂ ਬਾਅਦ ਹੈਲੀਕਾਪਟਰ ਨੂੰ ਅੱਗ ਲੱਗਣ ਕਾਰਨ ਘਟਨਾ ਸਥਾਨ 'ਤੇ ਫਾਇਰ ਟੈਂਡਰਾਂ ਨੂੰ ਵੀ ਭੇਜਿਆ ਗਿਆ ਹੈ। ਪਿਮਰੀ ਛਿੰਦਵਾੜ ਦੀ ਮਿਉਂਸਪਲ ਕਾਰਪੋਰੇਸ਼ਨ ਦੇ ਫਾਇਰ ਅਫ਼ਸਰ ਅਨਿਲ ਡਿਮਲੇ ਨੇ ਕਿਹਾ, "ਮ੍ਰਿਤਕਾਂ ਦੀ ਪਛਾਣ ਗਿਰੀਸ਼ ਕੁਮਾਰ, ਪ੍ਰੀਤਮ ਸਿੰਘ ਭਾਰਦਵਾਜ ਅਤੇ ਪਰਮਜੀਤ ਸਿੰਘ ਵਜੋਂ ਹੋਈ ਹੈ।" ਉਨ੍ਹਾਂ ਕਿਹਾ ਕਿ ਹਦਾਸੇ ਦੇ ਕਾਰਨਾਂ ਦਾ ਪਤਾ ਜਾਂਚ ਤੋਂ ਬਾਅਦ ਹੀ ਲੱਗ ਸਕੇਗਾ।

# ਪੁਲਿਸ ਨੇ ਬਰਾਮਦ ਕੀਤੀ 2 ਹਜ਼ਾਰ ਕਰੋੜ ਦੀ 560 ਕਿਲੋਗ੍ਰਾਮ ਕੋਕੀਨ



**ਨਵੀਂ ਦਿੱਲੀ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਪੁਲਿਸ ਨੇ ਬੁੱਧਵਾਰ ਨੂੰ ਡਰੱਗ ਸਿੰਡੀਕੇਟ 'ਤੇ ਕਾਰਵਾਈ ਕੀਤੀ। ਪੁਲਸ ਦੀ ਸਪੈਸ਼ਲ ਸੈੱਲ ਨੇ 560 ਕਿਲੋਗ੍ਰਾਮ ਕੋਕੀਨ ਜ਼ਬਤ ਕੀਤੀ ਹੈ। ਇਸ ਕੋਕੀਨ ਦੀ ਅੰਤਰਰਾਸ਼ਟਰੀ ਬਜ਼ਾਰ 'ਚ ਕੀਮਤ ਕਰੀਬ 2 ਹਜ਼ਾਰ ਕਰੋੜ ਰੁਪਏ ਹੈ। ਇਸ ਮਾਮਲੇ 'ਚ 4 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਸ ਗ੍ਰਿਫ਼ਤਾਰ ਲੋਕਾਂ ਤੋਂ ਸਖ਼ਤੀ ਨਾਲ ਪੁੱਛ-ਗਿੱਛ ਕਰ ਰਹੀ ਹੈ ਅਤੇ ਡਰੱਗ ਰਾਜਧਾਨੀ 'ਚ ਕਿਸ ਲਈ ਲਿਆਂਦੀ ਗਈ ਸੀ, ਇਸ ਦੀ ਡਿਲਿਵਰੀ ਕਿਸ ਨੂੰ ਹੋਣੀ ਸੀ, ਇਸ ਗਿਰੋਹ ਨਲਾ ਕੌਣ-ਕੌਣ ਲੋਕ ਜੁੜੇ ਹਨ। ਇਨ੍ਹਾਂ ਸਵਾਲਾਂ ਦਾ ਜਵਾਬ ਲੱਭ ਰਹੀ ਹੈ।

ਦਿੱਲੀ ਪੁਲਸ ਅਨੁਸਾਰ ਰਾਜਧਾਨੀ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਡਰੱਗ ਬਰਾਮਦਗੀ ਹੈ। ਰਿਪੋਰਟ ਅਨੁਸਾਰ ਇਸ ਸਪਲਾਈ ਦੇ ਪਿੱਛੇ ਇੰਟਰਨੈਸ਼ਨਲ ਡਰੱਗ ਸਿੰਡੀਕੇਟ ਕੰਮ ਕਰ ਰਿਹਾ ਹੈ। ਪੁਲਸ ਹੁਣ ਇਸ ਦੀ ਜਾਣਕਾਰੀ ਹਾਸਲ ਕਰ ਰਹੀ ਹੈ। ਇਹ ਦਿੱਲੀ 'ਚ ਕੋਕੀਨ ਦਾ ਹੁਣ ਤੱਕ ਦਾ ਸਭ ਤੋਂ ਵੱਡਾ ਮਾਮਲਾ ਹੈ। ਕੋਕੀਨ ਹਾਈ ਪ੍ਰੋਫਾਈਲ ਪਾਰਟੀ 'ਚ ਇਸਤੇਮਾਲ ਹੋਣ ਵਾਲਾ ਡਰੱਗ ਹੈ।

# ਜ਼ਿਲ੍ਹਾ ਪ੍ਰਸ਼ਾਸਨ ਨੇ ਖੇਤੀਬਾੜੀ ਵਿਭਾਗ ਰਾਹੀਂ ਜ਼ਿਲ੍ਹੇ ਦੇ ਹਰੇਕ ਕਿਸਾਨ ਤੱਕ ਬਣਾਈ ਪਹੁੰਚ

**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਵਿੱਚ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ 2 ਲੱਖ 32 ਹਜ਼ਾਰ ਹੈਕਟੇਅਰ ਵਿਚੋਂ ਪੈਦਾ ਹੋਣ ਵਾਲੀ 13.70 ਲੱਖ ਮੀਟਰਿਕ ਟਨ ਪਰਾਲੀ ਦੇ ਪ੍ਰਬੰਧਨ ਲਈ ਕਿਸਾਨਾਂ ਤੱਕ ਪਹੁੰਚ ਬਣਾਉਣ ਲਈ ਲਗਾਤਾਰ ਕੰਮ ਕਰ ਰਿਹਾ ਹੈ ਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲ੍ਹੇ ਦੇ ਹਰੇਕ ਕਿਸਾਨ ਨਾਲ ਰਾਬਤਾ ਕੀਤਾ ਜਾ ਰਿਹਾ ਹੈ।




ਡਿਪਟੀ ਕਮਿਸ਼ਨਰ ਨੇ ਪਰਾਲੀ ਪ੍ਰਬੰਧਨ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਤੀਬਾੜੀ ਵਿਭਾਗ ਰਾਹੀਂ ਪਿਛਲੇ ਦੋ ਮਹੀਨੇ ਤੋਂ ਕਿਸਾਨਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹੇ ਭਰ 'ਚ 242 ਪਿੰਡ ਪੱਧਰ 'ਤੇ ਅਤੇ 16 ਬਲਾਕ ਪੱਧਰੀ ਕੈਂਪ ਲਗਾ ਕੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੀਆਂ ਤਕਨੀਕਾਂ ਅਤੇ ਕਿਸਾਨਾਂ ਦੇ ਪ੍ਰਸ਼ਨਾਂ ਦੇ ਜਵਾਬ ਦਿੱਤੇ ਜਾ ਰਹੇ ਹਨ ਤੇ ਕਿਸਾਨਾਂ ਨੂੰ ਇੰਨ ਸੀਟੂ ਤੇ ਐਕਸ ਸੀਟੂ ਵਿਧੀਆਂ ਰਾਹੀਂ ਪਰਾਲੀ ਪ੍ਰਬੰਧਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ, ਜਿਸ ਦਾ ਕਿਸਾਨਾਂ ਵੱਲੋਂ ਵੀ ਭਰਵਾਂ ਸਵਾਗਤ ਗਿਆ ਹੈ। ਇਸ ਸਬੰਧੀ ਵਿਸਥਾਰਪੂਰਵਕ ਵੇਰਵੇ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਜਾਗਰੂਕ ਕੈਂਪ ਤੋਂ ਇਲਾਵਾ ਤਿੰਨ ਮੋਬਾਇਲ ਵੈਨਾਂ ਵੀ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਜਾ ਰਹੀਆਂ ਹਨ ਜੋ ਨਵੀਨਤਮ ਤਕਨੀਕਾਂ ਸਮੇਤ ਕਰੀਬ 1 ਲੱਖ ਲਿਟਰੇਚਰ ਦੀ ਵੰਡ ਕਰ ਰਹੀਆਂ ਹਨ ਤਾਂ ਜੋ ਹਰੇਕ ਕਿਸਾਨ ਕੋਲ ਪਰਾਲੀ ਪ੍ਰਬੰਧਨ ਸਬੰਧੀ ਪੂਰੀ ਜਾਣਕਾਰੀ ਉਪਲਬੱਧ ਹੋਵੇ। ਇਸ ਤੋਂ ਇਲਾਵਾ ਨੁੱਕੜ ਨਾਟਕ ਤੇ ਆਸ਼ਾ ਵਰਕਰਾਂ ਰਾਹੀਂ ਵੀ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ ਤੇ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਪੇਂਟਿੰਗ ਤੇ ਲੇਖ ਲਿਖਣ ਮੁਕਾਬਲੇ ਕਰਵਾਏ ਜਾ ਰਹੇ ਹਨ ਤੇ ਸਵੇਰੇ-ਸ਼ਾਮ ਵਿਭਾਗ ਵੱਲੋਂ ਕਿਸਾਨਾਂ ਨਾਲ ਨੁੱਕੜ ਬੈਠਕਾਂ ਵੀ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਜਿਹੜੇ ਕਿਸਾਨਾਂ ਵੱਲੋਂ ਪਰਾਲੀ ਦਾ ਨਿਪਟਾਰਾ ਇੰਨ ਸੀਟੂ ਤੇ ਐਕਸ ਤਕਨੀਕਾਂ ਰਾਹੀਂ ਕੀਤਾ ਜਾ ਰਿਹਾ ਹੈ, ਉਨ੍ਹਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਰਾਲੀ ਪ੍ਰਬੰਧਨ ਲਈ ਬੇਲਰ, ਚੌਪਰ, ਸੁਪਰ ਸੀਡਰ, ਸਰਫੇਸ ਸੀਡਰ ਸਮੇਤ ਕਾਫ਼ੀ ਤਰਾਂ ਦੀ ਮਸ਼ੀਨਰੀ ਉਪਲਬੱਧ ਹੈ, ਜਿਸ ਦੀ ਵਰਤੋਂ ਕਰਕੇ ਕਿਸਾਨ ਆਪਣੇ ਖੇਤ ਦੀ ਰਹਿੰਦ ਖੂੰਹਦ ਦਾ ਆਸਾਨੀ ਨਾਲ ਨਿਪਟਾਰਾ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਖੇਤਾਂ ਨੂੰ ਅੱਗ ਲਗਾਉਣ ਦਾ ਸਭ ਤੋਂ ਪਹਿਲਾਂ ਨੁਕਸਾਨ ਕਿਸਾਨ ਨੂੰ ਹੁੰਦਾ ਹੈ ਜੋ ਧੂੰਏਂ ਵਿੱਚ ਸਾਹ ਲੈਂਦਾ ਹੈ, ਜਿਸ ਨਾਲ ਕਈ ਹੋਰ ਬਿਮਾਰੀਆਂ ਹੋਣ ਦਾ ਖਤਰਾਂ ਪੈਦਾ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਦੀ ਹਰ ਤਰਾਂ ਦੀ ਮਦਦ ਕਰਨ ਲਈ ਹਰ ਸਮੇਂ ਤਿਆਰ ਹੈ।

# ਕੰਗਨਾ ਰਣੌਤ ਦੀ ਇਕ ਹੋਰ ਵਿਵਾਦਮਈ ਟਿੱਪਣੀ, ਕਿਹਾ: ਦੇਸ਼ ਦੇ ਪਿਤਾ ਨਹੀਂ, ਲਾਲ ਹੁੰਦੇ ਹਨ

## ਆਪਣੀ ਇੰਸਟਾਗ੍ਰਾਮ ਸਟੋਰੀ ਰਾਹੀਂ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਸ਼ਰਧਾਂਜਲੀ ਦਿੰਦਿਆਂ, ਮਹਾਤਮਾ ਗਾਂਧੀ ਦੇ 'ਰਾਸ਼ਟਰ ਪਿਤਾ' ਵਜੋਂ ਸਨਮਾਨ 'ਤੇ ਉਠਾਏ ਸਵਾਲ

**ਚੰਡੀਗੜ੍ਹ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਦਾਕਾਰਾ ਅਤੇ ਸੰਸਦ ਮੈਂਬਰ ਕੰਗਨਾ ਰਣੌਤ ਇਕ ਵਾਰੀ ਫਿਰ ਆਪਣੇ ਬਿਆਨ ਤੇ ਮੀਡੀਆ ਪੋਸਟ ਕਾਰਨ ਸੁਰਖੀਆਂ ਵਿਚ ਹੈ। ਉਨ੍ਹਾਂ 3 ਅਕਤੂਬਰ, ਰਾਸ਼ਟਰ ਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਦੇ ਜਨਮ ਦਿਵਸ ਮੌਕੇ ਆਪਣੇ ਇੰਸਟਾਗ੍ਰਾਮ ਪੇਜ ਉਤੇ ਇਕ ਸਟੋਰੀ ਸ਼ੇਅਰ ਕਰ ਕੇ ਸ਼ਾਸਤਰੀ ਜੀ ਨੂੰ ਸ਼ਰਧਾਂਜਲੀ ਦਿੰਦਿਆਂ ਅਜਿਹੀ ਟਿੱਪਣੀ ਕੀਤੀ, ਜਿਸ ਨਾਲ ਵਿਵਾਦ ਖੜ੍ਹਾ ਹੋ ਗਿਆ ਹੈ।

ਕੰਗਨਾ ਨੇ ਆਪਣੀ ਪੋਸਟ ਵਿਚ ਲਿਖਿਆ ਹੈ, "ਦੇਸ਼ ਦੇ ਪਿਤਾ ਨਹੀਂ, ਦੇਸ਼ ਦੇ ਤਾਂ ਲਾਲ (ਪੁੱਤ) ਹੁੰਦੇ ਹਨ। ਧੰਨ ਹਨ, ਭਾਰਤ ਮਾਂ ਦੇ ਇਹ ਲਾਲ।" ਇਸ ਦੇ ਹੇਠਾਂ ਸ਼ਾਸਤਰੀ ਜੀ ਦੀ ਤਸਵੀਰ ਲਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਗਈ ਹੈ।

ਉਨ੍ਹਾਂ ਦੀ ਇਸ ਟਿੱਪਣੀ ਨੂੰ ਸ਼ਾਸਤਰੀ ਜੀ ਨੂੰ ਸ਼ਰਧਾਂਜਲੀ ਦੇਣ ਦੇ ਨਾਲ ਹੀ ਮਹਾਤਮਾ ਗਾਂਧੀ ਨੂੰ 'ਰਾਸ਼ਟਰ ਪਿਤਾ' ਵਜੋਂ ਸਿਤਕਾਰੇ ਜਾਣ ਉਤੇ ਸਵਾਲ ਖੜ੍ਹੇ ਕਰਨ ਵਜੋਂ ਦੇਖਿਆ ਜਾ ਰਿਹਾ ਹੈ। ਇਸ ਕਾਰਨ ਇਹ ਪੋਸਟ ਚਰਚਾ ਵਿਚ ਆ ਗਈ ਹੈ।



ਗ਼ੌਰਤਲਬ ਹੈ ਕਿ ਮਹਾਤਮਾ ਗਾਂਧੀ ਨੂੰ 'ਰਾਸ਼ਟਰ ਪਿਤਾ' ਦਾ ਖ਼ਿਤਾਬ ਸਭ ਤੋਂ ਪਹਿਲਾਂ ਸੁਭਾਸ਼ ਚੰਦਰ ਬੋਸ ਨੇ ਦਿੱਤਾ ਸੀ ਅਤੇ ਨੇਤਾ ਜੀ ਬੋਸ ਨੇ ਭਾਰਤ ਦੇ ਆਜ਼ਾਦੀ ਅੰਦੋਲਨ ਵਿਚ ਮਹਾਤਮਾ ਗਾਂਧੀ ਦੇ ਯੋਗਦਾਨ ਨੂੰ ਸਲਾਹਿਆ ਸੀ।

ਕੰਗਨਾ ਦੀ ਇਸ ਪੋਸਟ ਉਤੇ ਸੋਸ਼ਲ ਮੀਡੀਆ ਵਿਚ ਤਿੱਖੀਆਂ ਪ੍ਰਤੀਕਿਰਿਆਵਾਂ ਆ ਰਹੀਆਂ ਹਨ ਅਤੇ ਇਸ ਤਰ੍ਹਾਂ ਭਾਜਪਾ ਦੀ ਹਿਮਾਚਲ ਪ੍ਰਦੇਸ਼ ਦੇ ਮੰਡੀ ਹਲਕੇ ਤੋਂ ਇਹ ਸੰਸਦ ਮੈਂਬਰ ਇਕ ਵਾਰੀ ਮੁੜ ਵਿਵਾਦਾਂ ਵਿਚ ਹੈ। ਕੰਗਨਾ ਇਸ ਤੋਂ ਪਹਿਲਾਂ ਵੀ ਆਪਣੇ ਬਿਆਨਾਂ ਅਤੇ ਟਿੱਪਣੀਆਂ ਕਾਰਨ ਵਿਵਾਦਾਂ ਵਿਚ ਰਹਿ ਚੁੱਕੀ ਹੈ।

ਹਾਲਾਂਕਿ ਇਸ ਤੋਂ ਬਾਅਦ ਪੋਸਟ ਕੀਤੀ ਇਕ ਹੋਰ ਸਟੋਰੀ ਰਾਹੀਂ ਉਨ੍ਹਾਂ ਮਹਾਤਮਾ ਗਾਂਧੀ ਦੀ ਜੈਅੰਤੀ ਮੌਕੇ ਗਾਂਧੀ ਜੀ ਦੇ ਸਵੱਛਤਾ ਸਬੰਧੀ ਦ੍ਰਿਸ਼ਟੀਕੋਣ ਨੂੰ ਅੱਗੇ ਤੋਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸ਼ਲਾਘਾ ਕਰਦਿਆਂ ਸਵੱਛਤਾ ਦੀ ਲੋੜ ਉਤੇ ਜ਼ੋਰ ਦਿੱਤਾ ਹੈ।

# 'ਜੇਲ੍ਹਾਂ ਵਿਚ ਜਾਤੀ ਵਿਤਕਰਾ ?' ਸੁਪਰੀਮ ਕੋਰਟ ਸੁਣਾਵੇਗੀ ਫ਼ੈਸਲਾ

## ਪੱਤਰਕਾਰ ਸੁਕੰਨਿਆ ਸ਼ਾਂਤਾ ਵੱਲੋਂ ਦਾਇਰ ਪਟੀਸ਼ਨ 'ਤੇ ਅਦਾਲਤ ਨੇ ਬੀਤੇ ਜੁਲਾਈ ਵਿਚ ਫ਼ੈਸਲਾ ਰੱਖਿਆ ਸੀ ਰਾਖਵਾਂ

**ਨਵੀਂ ਦਿੱਲੀ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੁਝ ਸੂਬਿਆਂ ਦੇ ਜੇਲ੍ਹ ਮੈਨੂਅਲਜ਼ (ਜੇਲ੍ਹਾਂ ਸਬੰਧੀ ਨਿਯਮਾਂ) ਵਿਚ ਕਥਿਤ ਤੌਰ 'ਤੇ ਜਾਤ ਆਧਾਰਤ ਵਿਤਕਰੇਬਾਜ਼ੀ ਨੂੰ ਹੁਲਾਰਾ ਦਿੱਤੇ ਜਾਣ ਦਾ ਦੋਸ਼ ਲਾਉਂਦੀ ਇਕ ਪਟੀਸ਼ਨ ਉਤੇ ਸੁਪਰੀਮ ਕੋਰਟ ਆਪਣਾ ਫ਼ੈਸਲਾ ਵੀਰਵਾਰ ਨੂੰ ਸੁਣਾਵੇਗੀ। ਸੁਪਰੀਮ ਕੋਰਟ ਦੇ 3 ਅਕਤੂਬਰ ਦੇ ਕੰਮ-ਕਾਜ ਬਾਰੇ ਸਿਖਰਲੀ ਅਦਾਲਤ ਦੀ ਵੈੱਬਸਾਈਟ ਉਤੇ ਲੋਡ ਕੀਤੀ ਗਈ ਜਾਣਕਾਰੀ ਮੁਤਾਬਕ ਚੀਫ਼ ਜਸਟਿਸ ਡੀਵਾਈ ਚੰਦਰਚੂੜ ਅਤੇ ਜਸਟਿਸ ਜੇਬੀ ਪਾਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਦੇ ਬੈਂਚ ਵੱਲੋਂ ਵੀਰਵਾਰ ਨੂੰ ਇਸ ਸੰਬਧੀ ਪਟੀਸ਼ਨ ਉਤੇ ਫ਼ੈਸਲਾ ਸੁਣਾਏ ਜਾਣ ਦੀ ਤਰੀਕ ਮਿਥੀ ਗਈ ਹੈ।



# ਆਧੁਨਿਕ ਸੰਦਾ ਨਾਲ ਪਰਾਲੀ ਨੂੰ ਆਪਣੇ ਖੇਤਾਂ ਵਿੱਚ ਹੀ ਵਾਹੁਣ ਕਿਸਾਨ : ਡਿਪਟੀ ਕਮਿਸ਼ਨਰ

**ਬਠਿੰਡਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਦੇ ਮੱਦੇਨਜ਼ਰ ਜ਼ਿਲੇ ਦੇ ਪਿੰਡ ਕੋਟਫੱਤਾ, ਮਾਈਸਰਖਾਨਾ, ਸੰਦੋਹਾ, ਜਗਾ ਰਾਮ ਤੀਰਥ ਅਤੇ ਤਲਵੰਡੀ ਸਾਬੋ ਵਿਖੇ ਕਿਸਾਨ ਜਾਗਰੂਕਤਾ ਕੈਂਪਾਂ ਤਹਿਤ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਜਲਾਉਣ ਸਬੰਧੀ ਜਾਗਰੂਕ ਕੀਤਾ। ਇਸ ਮੌਕੇ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਉਹ ਖੇਤੀਬਾੜੀ ਨਾਲ ਸਬੰਧਤ ਆਧੁਨਿਕ ਸੰਦਾ ਦੀ ਵਰਤੋਂ ਕਰਕੇ ਹੀ ਝੋਨੇ ਦੀ ਪਰਾਲੀ ਤੇ ਇਸ ਦੀ ਰਹਿੰਦ-ਖੂੰਹਦ ਨੂੰ ਖੇਤ ਵਿੱਚ ਹੀ ਸੰਭਾਲਣ ਨੂੰ ਤਰਜੀਹ ਦੇਣ। ਇਸ ਮੌਕੇ ਉਨ੍ਹਾਂ ਦੇ ਨਾਲ ਐਸਐਸਪੀ ਮੈਡਮ ਅਮਨੀਤ ਕੌਂਡਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਅਤੇ ਐਸਐਸਪੀ ਮੈਡਮ ਅਮਨੀਤ ਕੌਂਡਲ ਪਿੰਡ ਕੋਟਫੱਤਾ ਦੀ ਦਾਣਾ ਮੰਡੀ ਵਿਖੇ ਝੋਨੇ ਦੀ ਖ਼ਰੀਦ ਦੇ ਪ੍ਰਬੰਧਾਂ ਸਬੰਧੀ ਅਧਿਕਾਰੀਆਂ ਅਤੇ ਆੜ੍ਹਤੀਆਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕੀਤੀ। ਇਸ ਮੌਕੇ ਉਨ੍ਹਾਂ ਭਰੋਸਾ ਦਵਾਇਆ ਕਿ ਸੀਜ਼ਨ ਦੌਰਾਨ ਉਹਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਦਰਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਦੌਰਾਨ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਕਿਸਾਨਾਂ ਨੂੰ ਕਿਹਾ ਕਿ ਜ਼ਿਲ੍ਹੇ ਅੰਦਰ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨਾਂ ਨਾਲ ਝੋਨੇ ਨੂੰ ਨਾ ਕੱਟਣ। ਉਨ੍ਹਾਂ ਸਖਤੀ ਨਾਲ ਇਹ ਵੀ ਕਿਹਾ ਕਿ ਜੇਕਰ ਨਿਰਧਾਰਿਤ ਸਮੇਂ ਦੌਰਾਨ ਕੋਈ ਕੰਬਾਈਨ ਝੋਨੇ ਦੀ ਫ਼ਸਲ ਕੱਟਦੀ ਫੜੀ ਗਈ ਤਾਂ ਉਸ ਨੂੰ ਤੁਰੰਤ ਪੂਰੇ ਸੀਜ਼ਨ ਲਈ ਜਬਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੰਬਾਈਨਾਂ ਰਾਤ ਵੇਲੇ ਹਰਾ ਝੋਨਾ ਜੋ ਕਿ ਚੰਗੀ ਤਰ੍ਹਾਂ ਪੱਕਿਆ ਨਹੀਂ ਹੁੰਦਾ, ਕੱਚਾ ਦਾਣਾ ਹੀ ਕੱਟ ਦਿੰਦੀਆਂ ਹਨ, ਜਿਸ ਨਾਲ ਝੋਨੇ ਦੀ ਕੁਆਲਿਟੀ ਪ੍ਰਭਾਵਿਤ ਹੁੰਦੀ ਹੈ ਅਤੇ ਖ਼ਰੀਦ ਏਜੰਸੀਆਂ ਵੀ ਝੋਨੇ ਦੀ ਖ਼ਰੀਦ ਕਰਨ ਤੋਂ ਝਿਜਕਦੀਆਂ ਹਨ।

ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਦੌਰੇ ਦੌਰਾਨ ਖੇਤੀਬਾੜੀ ਅਧਿਕਾਰੀਆਂ ਨੂੰ ਸਖਤ ਆਦੇਸ਼ ਦਿੰਦਿਆਂ ਕਿਹਾ ਕਿ ਕਿਸਾਨਾਂ ਨੂੰ ਉਨਤ ਕਿਸਾਨ ਐਪ ਉਨ੍ਹਾਂ ਦੇ ਮੋਬਾਇਲਾਂ ਉਪਰ ਡਾਊਨਲੋਡ ਕਰਵਾਕੇ ਇਸ ਬਾਰੇ ਉਨ੍ਹਾਂ ਨੂੰ ਵੱਧ ਤੋਂ ਵੱਧ ਜਾਣੂੰ ਕਰਵਾਇਆ ਜਾਵੇ ਤਾਂ ਜੋ ਕਿਸਾਨ ਇਸ ਐਪ ਰਾਹੀਂ ਪਰਾਲੀ ਪ੍ਰਬੰਧਨ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਬਾਰੇ ਵੱਧ ਤੋਂ ਵੱਧ ਜਾਣਕਾਰੀ ਹਾਸਲ ਕਰਦਿਆਂ ਇਸ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਣ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਪਿੰਡਾਂ ਵਿਚ ਕਿਸਾਨਾਂ ਕੋਲ ਜਾ ਕੇ ਉਨ੍ਹਾਂ ਨੂੰ ਇਹ ਵੀ ਜਾਗਰੂਕ ਕਰਨ ਕਿ ਇਸ ਐਪ ਨਾਲ ਹੁਣ ਕਿਸਾਨਾਂ ਨੂੰ ਦਫਤਰਾਂ ਵਿੱਚ ਜਾਣ ਦੀ ਲੋੜ ਨਹੀਂ ਹੋਵੇਗੀ ਅਤੇ ਘਰ ਬੈਠੇ ਹੀ ਇਸ ਐਪ ਦੀ ਵਰਤੋਂ ਕਰਕੇ ਜ਼ਰੂਰਤ ਅਨੁਸਾਰ ਪਰਾਲੀ ਦੇ ਪ੍ਰਬੰਧਨ ਲਈ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਕਿਸਾਨਾਂ ਨੂੰ ਇਹ ਵੀ ਦੱਸਿਆ ਜਾਵੇ ਕਿ ਪਿੰਡ ਪੱਧਰ 'ਤੇ ਨੋਡਲ ਅਫ਼ਸਰਾਂ ਰਾਹੀਂ ਵੀ ਖੇਤੀ ਮਸ਼ੀਨਰੀ ਦੀ ਬੁਕਿੰਗ ਕਰਵਾਈ ਜਾ ਸਕਦੀ ਹੈ।

# ਭਾਜਪਾ ਉਮੀਦਵਾਰ ਤੋਂ ਸਵਾਲ ਪੁੱਛਣ ਗਏ ਕਿਸਾਨਾਂ ’ਤੇ ਲਾਠੀਚਾਰਜ



**ਅੰਬਾਲਾ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਪੰਜੋਖਰਾ ਥਾਣੇ ਦੇ ਪਿੰਡ ਬੋਡਾਖੇੜਾ ਵਿੱਚ ਅੱਜ ਕਿਸਾਨਾਂ ’ਤੇ ਪੁਲੀਸ ਨੇ ਲਾਠੀਚਾਰਜ ਕੀਤਾ। ਮਗਰੋਂ ਕਿਸਾਨਾਂ ਨੇ ਲਾਠੀਚਾਰਜ ਦੇ ਵਿਰੋਧ ਵਿੱਚ ਪੰਜੋਖਰਾ ਥਾਣੇ ਦੇ ਬਾਹਰ ਧਰਨਾ ਦਿੱਤਾ। ਅੱਜ ਜਦੋਂ ਕਿਸਾਨ ਚੋਣ ਪ੍ਰਚਾਰ ਕਰਨ ਆਏ ਭਾਜਪਾ ਉਮੀਦਵਾਰ ਪਵਨ ਸੈਣੀ ਨੂੰ ਸ਼ਾਂਤਮਈ ਢੰਗ ਨਾਲ ਸਵਾਲ ਕਰਨ ਜਾ ਰਹੇ ਸਨ ਤਾਂ ਪੁਲੀਸ ਮੁਲਾਜ਼ਮਾਂ ਨੇ ਉਨ੍ਹਾਂ ’ਤੇ ਲਾਠੀਚਾਰਜ ਕਰ ਦਿੱਤਾ। ਇਸ ਕਾਰਨ ਕਈ ਵਿਅਕਤੀ ਜ਼ਖ਼ਮੀ ਹੋ ਗਏ। ਇਸ ਦੌਰਾਨ ਕਿਸਾਨਾਂ ਨੇ ਡੀਐੱਸਪੀ ਅੰਬਾਲਾ, ਐੱਸਐੱਚਓ ਪੰਜੋਖਰਾ ਅਤੇ ਪੁਲੀਸ ਚੌਕੀ ਪਟਵੀ ਦੇ ਮੁਲਾਜ਼ਮਾਂ ’ਤੇ ਦੋਸ਼ ਲਾਇਆ ਕਿ ਉਨ੍ਹਾਂ ਨੇ ਜ਼ਾਲਮਾਨਾ ਢੰਗ ਨਾਲ ਬੱਚਿਆਂ ਅਤੇ ਬਜ਼ੁਰਗਾਂ ’ਤੇ ਲਾਠੀਚਾਰਜ ਕੀਤਾ ਅਤੇ ਉਨ੍ਹਾਂ ਦੇ ਮੋਬਾਈਲ ਫੋਨ ਤੋੜ ਦਿੱਤੇ। ਜ਼ਖ਼ਮੀਆਂ ਵਿਚ ਇੱਕ 80 ਸਾਲ ਦਾ ਬਜ਼ੁਰਗ ਵੀ ਸ਼ਾਮਲ ਹੈ। ਭਾਰਤੀ ਕਿਸਾਨ ਯੂਨੀਅਨ ਸ਼ਹੀਦ ਭਗਤ ਸਿੰਘ ਦੇ ਬੁਲਾਰੇ ਤੇਜਵੀਰ ਸਿੰਘ ਪੰਜੋਖਰਾ ਨੇ ਦੱਸਿਆ ਕਿ ਪੁਲੀਸ ਨੇ 9 ਕਿਸਾਨ ਗ੍ਰਿਫ਼ਤਾਰ ਕੀਤੇ ਹਨ ਅਤੇ 20 ਟਰੈਕਟਰ ਕਬਜ਼ੇ ਵਿੱਚ ਲਏ ਹਨ। ਕਿਸਾਨਾਂ ਨੇ 15 ਟਰੈਕਟਰ ਵਾਪਸ ਲੈ ਲਏ ਜਦੋਂਕਿ 5 ਦਾ ਅਜੇ ਕੋਈ ਪਤਾ ਨਹੀਂ ਲੱਗਿਆ। ਭਾਕਿਯੂ ਸ਼ਹੀਦ ਭਗਤ ਸਿੰਘ ਦੇ ਕੌਮੀ ਪ੍ਰਧਾਨ ਅਮਰਜੀਤ ਸਿੰਘ ਮੌਹੜੀ ਵੱਲੋਂ ਵੀਡੀਓ ਜਾਰੀ ਕਰਕੇ ਕਿਸਾਨਾਂ ਨੂੰ ਪੰਜੋਖਰਾ ਸਾਹਿਬ ਥਾਣੇ ਬਾਹਰ ਪਹੁੰਚਣ ਦੀ ਹਦਾਇਤ ਕਰਨ ਮਗਰੋਂ ਕਾਫ਼ੀ ਵਿਅਕਤੀ ਇੱਥੇ ਪਹੁੰਚ ਗਏ। ਮਗਰੋਂ ਕਿਸਾਨ ਆਗੂਆਂ ਦੀ ਅਗਵਾਈ ਹੇਠ ਪੰਜੋਖਰਾ ਥਾਣੇ ਦੇ ਬਾਹਰ ਧਰਨਾ ਲਾਇਆ ਗਿਆ। ਕਿਸਾਨਾਂ ਦੇ ਇਕੱਠ ਨੂੰ ਦੇਖਦਿਆਂ ਅੰਬਾਲਾ, ਸ਼ਾਹਜ਼ਾਦਪੁਰ ਅਤੇ ਨਰਾਇਣਗੜ੍ਹ ਤੋਂ ਕਾਫ਼ੀ ਪੁਲੀਸ ਮੁਲਾਜ਼ਮ ਮੌਕੇ ’ਤੇ ਪਹੁੰਚ ਗਏ। ਇਸ ਦੌਰਾਨ ਪੁਲੀਸ ਅਤੇ ਕਿਸਾਨ ਆਗੂਆਂ ਵਿਚਕਾਰ ਬਹਿਸ ਹੋ ਗਈ ਜਿਸ ਤੋਂ ਬਾਅਦ ਹੰਗਾਮਾ ਸ਼ੁਰੂ ਹੋ ਗਿਆ। ਖ਼ਬਰ ਲਿਖੇ ਜਾਣ ਤੱਕ ਮਾਹੌਲ ਸ਼ਾਂਤ ਹੋ ਗਿਆ ਸੀ ਅਤੇ ਧਰਨਾਕਾਰੀਆਂ ਨੂੰ ਯੂਨੀਅਨ ਦੇ ਕੌਮੀ ਪ੍ਰਧਾਨ ਅਮਰਜੀਤ ਸਿੰਘ ਮੌਹੜੀ ਸੰਬੋਧਨ ਕਰ ਰਹੇ ਸਨ। ਸੰਪਰਕ ਕਰਨ ’ਤੇ ਤੇਜਵੀਰ ਸਿੰਘ ਨੇ ਦੱਸਿਆ ਕਿ ਮਾਮਲਾ ਸ਼ਾਂਤ ਤਾਂ ਹੋ ਗਿਆ ਹੈ ਪਰ ਅਜੇ ਬੰਦੇ ਛੁਡਾਉਣੇ ਅਤੇ ਮੋਬਾਈਲ ਵਾਪਸ ਲੈਣੇ ਬਾਕੀ ਹਨ।

ਪੰਜੋਖਰਾ ਸਾਹਿਬ ਥਾਣੇ ਦੇ ਐੱਸਐੱਚਓ ਵਿਕਰਾਂਤ ਨੇ ਦੱਸਿਆ ਕਿ ਮਾਮਲਾ ਸੁਲਝ ਗਿਆ ਹੈ। ਫੜੇ ਕਿਸਾਨ ਛੱਡ ਦਿੱਤੇ ਹਨ। ਮੋਬਾਈਲ ਫੋਨ ਮੋੜ ਦਿੱਤੇ ਹਨ ਅਤੇ ਟਰੈਕਟਰ ਤਾਂ ਕਿਸਾਨ ਥਾਣੇ ਵਿੱਚੋਂ ਆਪੇ ਕੱਢ ਕੇ ਲੈ ਗਏ ਹਨ।

# ਹਰਿਆਣਾ: ਜੇਜੇਪੀ ਤੇ ਏਐੱਸਪੀ ਵੱਲੋਂ ਮੈਨੀਫੈਸਟੋ ਜਾਰੀ

**ਸਿਰਸਾ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਜਨਨਾਇਕ ਜਨਤਾ ਪਾਰਟੀ ਅਤੇ ਆਜ਼ਾਦ ਸਮਾਜ ਪਾਰਟੀ (ਕਾਂਸ਼ੀ ਰਾਮ) ਨੇ ਹਰਿਆਣਾ ਵਿਧਾਨ ਸਭਾ ਚੋਣਾਂ ਲਈ ‘ਜਨ ਸੇਵਾ ਪੱਤਰ’ ਦੇ ਨਾਂ ਨਾਲ ਆਪਣਾ ਚੋਣ ਮਨੋਰਥ ਪੱਤਰ ਜਾਰੀ ਕੀਤਾ ਹੈ। ਐਤਵਾਰ ਨੂੰ ਸਾਬਕਾ ਡਿਪਟੀ ਮੁੱਖ ਮੰਤਰੀ ਦੁਸ਼ਿਅੰਤ ਚੌਟਾਲਾ ਅਤੇ ਏਐੱਸਪੀ ਮੁਖੀ ਚੰਦਰਸ਼ੇਖਰ ਆਜ਼ਾਦ ਨੇ ਸਿਰਸਾ ਵਿੱਚ ਗੱਠਜੋੜ ਦਾ ਮੈਨੀਫੈਸਟੋ ਪੇਸ਼ ਕੀਤਾ। ਚੋਣ ਮਨੋਰਥ ਪੱਤਰ ਜਾਰੀ ਕਰਦਿਆਂ ਦੁਸ਼ਿਅੰਤ ਚੌਟਾਲਾ ਅਤੇ ਚੰਦਰਸ਼ੇਖਰ ਆਜ਼ਾਦ ਨੇ ਕਿਹਾ ਕਿ ਜੇਜੇਪੀ-ਏਐੱਸਪੀ ਨੇ ਗਰੀਬਾਂ, ਕਿਸਾਨਾਂ, ਗਰੀਬਾਂ, ਔਰਤਾਂ ਆਦਿ ਸਮੇਤ ਸਮਾਜ ਦੇ ਹਰ ਵਰਗ ਲਈ 112 ਵਾਅਦੇ ਕੀਤੇ ਹਨ ਜੋ ਹਰਿਆਣਾ ਦੀ ਤਰੱਕੀ ਤੇ ਖੁਸ਼ਹਾਲੀ ਦਾ ਰਾਹ ਖੋਲ੍ਹਣਗੇ। ਸਾਬਕਾ ਡਿਪਟੀ ਸੀਐਮ ਨੇ ਕਿਹਾ ਕਿ ਸਰਕਾਰ ਬਣਦੇ ਹੀ ਉਹ 24 ਘੰਟਿਆਂ ਦੇ ਅੰਦਰ ਬੁਢਾਪਾ ਪੈਨਸ਼ਨ ਵਧਾ ਕੇ 5100 ਰੁਪਏ ਕਰ ਕੇ ਬਜ਼ੁਰਗਾਂ ਦਾ ਸਨਮਾਨ ਕਰਨ ਦਾ ਵਾਅਦਾ ਪੂਰਾ ਕਰਨਗੇ। ਸਰਕਾਰੀ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਨੀਤੀ ਨੂੰ ਬਹਾਲ ਕੀਤਾ ਜਾਵੇਗਾ।



ਬੇਰੁਜ਼ਗਾਰ ਨੌਜਵਾਨਾਂ ਲਈ 11 ਹਜ਼ਾਰ ਭੱਤਾ ਦੇਣ ਦਾ ਵਾਅਦਾ ਨੌਜਵਾਨਾਂ ਲਈ ਕਈ ਵੱਡੇ ਐਲਾਨ ਕਰਦੇ ਹੋਏ ਦੁਸ਼ਿਅੰਤ ਚੌਟਾਲਾ ਨੇ ਕਿਹਾ ਕਿ ਜੇਜੇਪੀ-ਏਐੱਸਪੀ 75 ਫੀਸਦੀ ਰੁਜ਼ਗਾਰ ਕਾਨੂੰਨ ਲਈ ਸੁਪਰੀਮ ਕੋਰਟ ਵਿੱਚ ਵਕਾਲਤ ਕਰੇਗੀ ਅਤੇ ਕਾਨੂੰਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰੇਗੀ। ਉਨ੍ਹਾਂ ਕਿਹਾ ਕਿ ਬੇਰੁਜ਼ਗਾਰ ਨੌਜਵਾਨਾਂ ਨੂੰ 11,000 ਰੁਪਏ ਮਹੀਨਾ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇਗਾ। ਪੇਂਡੂ ਬੱਚਿਆਂ ਨੂੰ ਨੌਕਰੀਆਂ ਅਤੇ ਉਚੇਰੀ ਸਿੱਖਿਆ ਵਿੱਚ ਦਾਖ਼ਲੇ ਲਈ ਪੰਜ ਵਾਧੂ ਅੰਕ ਦਿੱਤੇ ਜਾਣਗੇ।

# ਵਿਧਾਇਕ ਜਿੰਪਾ ਨੇ ਕੀਤਾ ਵਾਰਡ ਨੰਬਰ 6 ਵਿੱਚ ਸੜਕ ਨਿਰਮਾਣ ਕੰਮ ਦਾ ਨਿਰੀਖਣ

**ਹੁਸ਼ਿਆਰਪੁਰ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅੱਜ ਵਾਰਡ ਨੰਬਰ 6 ਮੁਹੱਲਾ ਕ੍ਰਿਸ਼ਨਾ ਨਗਰ ਦੀ ਗਲੀ ਨੰਬਰ 11 ਵਿੱਚ ਚੱਲ ਰਹੇ ਸੜਕ ਨਿਰਮਾਣ ਕੰਮ ਦਾ ਨਿਰੀਖਣ ਕਰਨ ਪਹੁੰਚੇ।

ਇਸ ਮੌਕੇ @ਤੇ ਉਨ੍ਹਾਂ ਦੇ ਨਾਲ ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ ਅਤੇ ਹੋਰ ਨਿਗਮ ਅਧਿਕਾਰੀ ਵੀ ਮੌਜੂਦ ਸਨ। ਵਿਧਾਇਕ ਨੇ ਨਿਰਮਾਣ ਕੰਮ ਦੀ ਪ੍ਰਗਤੀ ਅਤੇ ਗੁਣਵੱਤਾ ਦੀ ਜਾਂਚ ਕੀਤੀ ਅਤੇ ਅਧਿਕਾਰੀਆਂ ਨੂੰ ਜਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ।

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਸਾਰੇ ਹੁਸ਼ਿਆਰਪੁਰ ਸ਼ਹਿਰ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਦੀ ਰਫ਼ਤਾਰ ਨੂੰ ਤੇਜ਼ ਕਰ ਦਿੱਤਾ ਗਿਆ ਹੈ ਅਤੇ ਹਰ ਵਾਰਡ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ @ਤੇ ਜ਼ੋਰ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਸੜਕ ਨਿਰਮਾਣ ਵਰਗੇ ਕੰਮਾਂ ਵਿੱਚ ਗੁਣਵੱਤਾ ਬਰਕਰਾਰ ਰੱਖਣਾ ਉਨ੍ਹਾਂ ਦੀ ਤਰਜ਼ੀਹ ਹੈ, ਤਾਂ ਜੋ ਨਾਗਰਿਕਾਂ ਨੂੰ ਲੰਬੇ ਸਮੇਂ ਤੱਕ ਫਾਇਦਾ ਮਿਲੇ ਅਤੇ ਕੋਈ ਸਮੱਸਿਆ ਨਾ ਆਵੇ।



ਉਨ੍ਹਾਂ ਦੱਸਿਆ ਕਿ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਪਹਿਲਾਂ ਹੀ ਇਹ ਨਿਰਦੇਸ਼ ਜਾਰੀ ਕੀਤੇ ਗਏ ਹਨ ਕਿ ਸਾਰੇ ਵਿਕਾਸ ਕੰਮਾਂ ਨੂੰ ਨਿਰਧਾਰਿਤ ਸਮੇਂ ਵਿੱਚ ਅਤੇ ਉੱਚ ਗੁਣਵੱਤਾ ਦੇ ਮਾਪਦੰਡਾਂ ਨਾਲ ਪੂਰਾ ਕੀਤਾ ਜਾਵੇ। ਵਿਧਾਇਕ ਨੇ ਸਥਾਨਕ ਨਿਵਾਸੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਸੁਝਾਅ ਸੁਣੇ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਇਲਾਕੇ ਦੀਆਂ ਹੋਰ ਸਮੱਸਿਆਵਾਂ ਨੂੰ ਵੀ ਪਹਿਲ ਦੇ ਅਧਾਰ @ਤੇ ਹੱਲ ਕੀਤਾ ਜਾਵੇਗਾ।

ਮੇਅਰ ਸੁਰਿੰਦਰ ਕੁਮਾਰ ਨੇ ਵੀ ਇਸ ਮੌਕੇ @ਤੇ ਕਿਹਾ ਕਿ ਨਗਰ ਨਿਗਮ ਦੀ ਟੀਮ ਪੂਰੀ ਨਿਸ਼ਠਾ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਜੁੱਟੀ ਹੋਈ ਹੈ ਅਤੇ ਸਾਰੇ ਪ੍ਰੋਜੈਕਟਾਂ ਦੀ ਨਿਯਮਤ ਤੌਰ @ਤੇ ਨਿਗਰਾਨੀ ਕੀਤੀ ਜਾ ਰਹੀ ਹੈ। ਨਿਗਮ ਦੇ ਅਧਿਕਾਰੀ ਇਹ ਯਕੀਨੀ ਬਣਾ ਰਹੇ ਹਨ ਕਿ ਹਰੇਕ ਕੰਮ ਪਾਰਦਰਸ਼ੀ ਢੰਗ ਨਾਲ ਅਤੇ ਬਿਨਾ ਕਿਸੇ ਰੁਕਾਵਟ ਦੇ ਪੂਰਾ ਹੋਵੇ।

ਵਿਧਾਇਕ ਜਿੰਪਾ ਨੇ ਆਖਰ ਵਿੱਚ ਕਿਹਾ ਕਿ ਰਾਜ ਸਰਕਾਰ ਦੀ ਅਗਵਾਈ ਹੇਠ ਹੁਸ਼ਿਆਰਪੁਰ ਸ਼ਹਿਰ ਦਾ ਸਮੁੱਚਾ ਵਿਕਾਸ ਉਨ੍ਹਾਂ ਦੀ ਮੁੱਖ ਤਰਜ਼ੀਹ ਹੈ ਅਤੇ ਉਹ ਲਗਾਤਾਰ ਇਸ ਦਿਸ਼ਾ ਵਿੱਚ ਕੰਮ ਕਰ ਰਹੇ ਹਨ ਤਾਂ ਜੋ ਨਾਗਰਿਕਾਂ ਨੂੰ ਵਧੀਆ ਸਹੂਲਤਾਂ ਮਿਲ ਸਕਣ।

# ਚੈਕਿੰਗ ਦੌਰਾਨ 10.79 ਲੱਖ ਤੋਂ ਵੱਧ ਦੀ ਰਕਮ ਜ਼ਬਤ

**ਸਿਰਸਾ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸਿਰਸਾ ਪੁਲੀਸ ਨੇ ਚੈਕਿੰਗ ਦੌਰਾਨ ਵੱਖ-ਵੱਖ ਥਾਵਾਂ ਤੋਂ ਕਰੀਬ 10 ਲੱਖ 79 ਹਜ਼ਾਰ 900 ਰੁਪਏ ਬਰਾਮਦ ਕਰ ਕੇ ਕਾਰਵਾਈ ਲਈ ਸਬੰਧਤ ਵਿਭਾਗ ਨੂੰ ਸੌਂਪ ਦਿੱਤੀ ਹੈ। ਜ਼ਿਲ੍ਹਾ ਪੁਲੀਸ ਕਪਤਾਨ ਵਿਕਰਾਂਤ ਭੂਸ਼ਨ ਨੇ ਦੱਸਿਆ ਕਿ ਏਲਨਾਬਾਦ ਖੇਤਰ ’ਚੋਂ ਪੁਲੀਸ ਨੇ ਵਿਨੋਦ ਕੁਮਾਰ ਵਾਸੀ ਨੁਕੇਰਾ ਰਾਜਸਥਾਨ ਦੇ ਕਬਜ਼ੇ ’ਚੋਂ 5 ਲੱਖ 45 ਹਜ਼ਾਰ ਰੁਪਏ ਦੀ ਨਕਦੀ ਬਰਾਮਦ ਕੀਤੀ ਹੈ। ਇਸੇ ਤਰ੍ਹਾਂ ਮੱਖਣ ਵਾਸੀ ਏਲਨਾਬਾਦ ਦੇ ਕਬਜ਼ੇ ਵਿੱਚੋਂ 1 ਲੱਖ ਰੁਪਏ ਦੀ ਨਕਦੀ ਬਰਾਮਦ ਕੀਤੀ ਗਈ ਹੈ ਜਦਕਿ ਹਰਸ਼ਦੀਪ ਵਾਸੀ ਏਲਨਾਬਾਦ ਦੇ ਕਬਜ਼ੇ ਵਿੱਚੋਂ 1 ਲੱਖ 27 ਹਜ਼ਾਰ ਰੁਪਏ ਦੀ ਨਕਦੀ ਬਰਾਮਦ ਕੀਤੀ ਗਈ ਹੈ। ਥਾਣਾ ਡਿੰਗ ਦੀ ਪੁਲੀਸ ਨੇ ਡਿੰਗ ਮੰਡੀ ਦੇ ਰਹਿਣ ਵਾਲੇ ਅਮਨਦੀਪ ਕੋਲੋਂ 3 ਲੱਖ 7 ਹਜ਼ਾਰ 900 ਰੁਪਏ ਦੀ ਨਕਦੀ ਬਰਾਮਦ ਕੀਤੀ ਹੈ।

ਉਨ੍ਹਾਂ ਦੱਸਿਆ ਕਿ ਜਦੋਂ ਪੁਲੀਸ ਟੀਮ ਅਤੇ ਡਿਊਟੀ ਮੈਜਿਸਟਰੇਟ ਦੇ ਸਾਹਮਣੇ ਉਕਤ ਰਕਮ ਸਬੰਧੀ ਜਦੋਂ ਸਬੰਧਤ ਵਿਅਕਤੀਆਂ ਤੋਂ ਪੁੱਛਗਿੱਛ ਕੀਤੀ ਗਈ ਤਾਂ ਉਹ ਮੌਕੇ ’ਤੇ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕੇ ਅਤੇ ਨਾ ਹੀ ਕੋਈ ਦਸਤਾਵੇਜ਼ ਪੇਸ਼ ਕਰ ਸਕੇ, ਜਿਸ ਕਾਰਨ ਚੋਣ ਜ਼ਾਬਤਾ



ਲੱਗਣ ਕਾਰਨ ਉਕਤ ਰਾਸ਼ੀ ਨੂੰ ਜ਼ਬਤ ਕਰ ਕੇ ਸਬੰਧਤ ਵਿਭਾਗ ਨੂੰ ਸੌਂਪ ਦਿੱਤਾ ਗਿਆ ਹੈ।

ਹਰਿਆਣਾ ਵਿਧਾਨ ਸਭਾ ਚੋਣਾਂ ਸ਼ਾਂਤੀਪੂਰਵਕ ਢੰਗ ਨਾਲ ਕਰਵਾਉਣ ਲਈ ਸਿਰਸਾ ਪੁਲੀਸ ਸੰਵੇਦਨਸ਼ੀਲ ਅਤੇ ਅਤਿ-ਸੰਵੇਦਨਸ਼ੀਲ ਬੂਥਾਂ ’ਤੇ ਸੁਰੱਖਿਆ ਦੇ ਵਾਧੂ ਪ੍ਰਬੰਧ ਕਰੇਗੀ। ਇਹ ਜਾਣਕਾਰੀ ਦਿੰਦਿਆਂ ਐੱਸਪੀ ਵਿਕਰਾਂਤ ਭੂਸ਼ਨ ਨੇ ਦੱਸਿਆ ਕਿ ਸੰਵੇਦਨਸ਼ੀਲ ਖੇਤਰ ਵਿੱਚ ਪੈਟਰੋਲਿੰਗ ਪਾਰਟੀਆਂ ਨਿਯੁਕਤ ਕੀਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਲਾਕਿਆਂ ਵਿੱਚ ਸਥਾਪਤ ਕੀਤੇ ਗਏ ਸੰਵੇਦਨਸ਼ੀਲ ਅਤੇ ਅਤਿ ਸੰਵੇਦਨਸ਼ੀਲ ਬੂਥਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਸਬੰਧਤ ਥਾਣਾ ਇੰਚਾਰਜ ਅਤੇ ਹੋਰ ਪੁਲੀਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਵੋਟਿੰਗ ਪ੍ਰਕਿਰਿਆ ਦੌਰਾਨ ਸੰਵੇਦਨਸ਼ੀਲ ਅਤੇ ਅਤਿ-ਸੰਵੇਦਨਸ਼ੀਲ ਬੂਥਾਂ ’ਤੇ ਪੂਰੀ ਚੌਕਸੀ ਅਤੇ ਚੌਕਸੀ ਰੱਖੀ ਜਾਵੇ। ਐੱਸਪੀ ਵਿਕਰਾਂਤ ਭੂਸ਼ਣ ਨੇ ਦੱਸਿਆ ਕਿ ਪੁਲੀਸ ਜ਼ਿਲ੍ਹਾ ਸਿਰਸਾ ਵਿੱਚ 5 ਅਕਤੂਬਰ ਨੂੰ ਹੋਣ ਵਾਲੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਨੂੰ ਸ਼ਾਂਤੀਪੂਰਵਕ ਢੰਗ ਨਾਲ ਕਰਵਾਉਣ ਲਈ ਪੂਰੀ ਤਰ੍ਹਾਂ ਚੌਕਸ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਅੰਦਰ ਅਤੇ ਨਾਲ ਲੱਗਦੀਆਂ ਪੰਜਾਬ ਅਤੇ ਰਾਜਸਥਾਨ ਦੀਆਂ ਸਰਹੱਦਾਂ ’ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਇਸ ਦੌਰਾਨ ਉਨ੍ਹਾਂ ਸੰਵੇਦਨਸ਼ੀਲ ਅਤੇ ਅਤਿ-ਸੰਵੇਦਨਸ਼ੀਲ ਬੂਥਾਂ ਦਾ ਨਿਰੀਖਣ ਵੀ ਕੀਤਾ।

# ਵਿਜੈ ਪ੍ਰਤਾਪ ਸਿੰਘ ਵੱਲੋਂ ਆਧੁਨਿਕ ਪੰਜਾਬੀ ਭਵਨ ਬਣਾਉਣ ਦਾ ਵਾਅਦਾ

**ਫਰੀਦਾਬਾਦ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਬੜਖਲ ਵਿਧਾਨ ਸਭਾ ਹਲਕੇ ਤੋਂ ਕਾਂਗਰਸੀ ਉਮੀਦਵਾਰ ਵਿਜੈ ਪ੍ਰਤਾਪ ਸਿੰਘ ਵੱਲੋਂ ਹਲਕੇ ਦੇ ਪੰਜਾਬੀ ਭਾਈਚਾਰੇ ਨਾਲ ਇਸ ਖੇਤਰ ਵਿੱਚ ਆਧੁਨਿਕ ਪੰਜਾਬੀ ਭਵਨ ਬਣਾਉਣ ਦਾ ਵਾਅਦਾ ਕੀਤਾ ਗਿਆ। ਉਨ੍ਹਾਂ ਬੜਖਲ ਦੇ ਪੰਜਾਬੀ ਬਹੁ ਵਸੋਂ ਵਾਲੇ ਇਲਾਕਿਆਂ ਐੱਨਆਈਟੀ ਦੇ ਨੰਬਰ ਇੱਕ, ਦੋ, ਤਿੰਨ ਅਤੇ ਪੰਜ ਵਿੱਚ ਨੁੱਕੜ ਮੀਟਿੰਗਾਂ ਦੌਰਾਨ ਪੰਜਾਬੀਆਂ ਨਾਲ ਵਾਅਦੇ ਕੀਤੇ।

ਉਨ੍ਹਾਂ ਕਿਹਾ ਕਿ ਜਿਵੇਂ ਸੈਕਟਰ 16 ਵਿੱਚ ਪੰਜਾਬੀ ਭਵਨ ਭੁਪਿੰਦਰ ਸਿੰਘ ਹੁੱਡਾ ਦੀ ਪਿਛਲੀ ਕਾਂਗਰਸ ਸਰਕਾਰ ਵੇਲੇ ਬਣਾਇਆ ਗਿਆ ਸੀ, ਉਵੇਂ ਹੀ ਹਰਿਆਣਾ ਵਿੱਚ ਕਾਂਗਰਸ ਦੀ ਸਰਕਾਰ ਬਣਦੇ ਹੀ ਇਸ ਹਲਕੇ ਵਿੱਚ ਆਧੁਨਿਕ ਪੰਜਾਬੀ ਭਵਨ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਫਰੀਦਾਬਾਦ ਦੀ ਸਨਅਤ ਨੂੰ ਕਾਇਮ ਕਰਨ ਵਿੱਚ ਪੰਜਾਬੀ ਸਨਅਤਕਾਰਾਂ ਦੀ ਵੱਡੀ ਭੂਮਿਕਾ ਹੈ ਪਰ ਉਹ ਲਾਲ ਫੀਤਾਸ਼ਾਹੀ ਤੋਂ ਪ੍ਰੇਸ਼ਾਨ ਹਨ।

ਉਨ੍ਹਾਂ ਵਾਅਦਾ ਕੀਤਾ ਕਿ ਸਨਅਤਕਾਰਾਂ ਨੂੰ ਕਾਰੋਬਾਰ ਆਸਾਨੀ ਨਾਲ ਕਰਨ ਵਾਲਾ ਮਾਹੌਲ ਬਣਾਇਆ ਜਾਵੇਗਾ ਤੇ ਵੱਡੀ ਸਨਅਤ ਇੱਥੇ ਲਿਆਉਣ ਦੀ ਕੋਸ਼ਿਸ਼ ਕੀਤੀ ਜਾਵੇਗੀ।

ਇਸੇ ਦੌਰਾਨ ਵਿਜੈ ਪ੍ਰਤਾਪ ਦੀ ਪਤਨੀ ਵੈਨੁਕਾ ਪ੍ਰਤਾਪ ਖੁੱਲਰ ਵੱਲੋਂ



ਐਨਆਈਟੀ ਫਰੀਦਾਬਾਦ ਵਿੱਚ ਗੁਰੂ ਸਿੰਘ ਸਭਾ ਗੁਰਦੁਆਰਾ ਨੰਬਰ -1 ਵਿੱਚ ਸਵੇਰੇ ਦੇ ਦੀਵਾਨ ਵਿੱਚ ਸ਼ਿਰਕਤ ਕੀਤੀ ਗਈ।

ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੈਨੁਕਾ ਨੂੰ ਸ਼ਾਲ ਪਾ ਕੇ ਸਵਾਗਤ ਕੀਤਾ ਗਿਆ। ਵੈਨੁਕਾ ਵੱਲੋਂ ਸਿੰਘ ਸਭਾ ਦੀ ਪ੍ਰਬੰਧਕ ਕਮੇਟੀ ਨਾਲ ਗੱਲਬਾਤ ਕਰਦਿਆਂ ਇੱਥੇ ਚੱਲ ਰਹੇ ਸਕੂਲ ਦੀ ਜਾਣਕਾਰੀ ਲਈ ਗਈ। ਇਸ ਮੌਕੇ ਉਜਾਗਰ ਸਿੰਘ, ਰੇਨਬੋ ਪੇਂਟ, ਕੁਲਵੰਤ ਸਿੰਘ ਹਾਜ਼ਰ ਸਨ।

ਸ਼ਾਮ ਨੂੰ ਉਨ੍ਹਾਂ ਸ੍ਰੀ ਗੁਰੂ ਸਿੰਘ ਸਭਾ ਗਾਂਧੀ ਕਲੋਨੀ ਵਿੱਚ ਹੋਏ ਧਾਰਮਿਕ ਸਮਾਗਮ ਵਿੱਚ ਹਿੱਸਾ ਲਿਆ ਅਤੇ ਗੁਰਬਾਣੀ ਕੀਰਤਨ ਸਰਵਣ ਕੀਤਾ।

# ਬ੍ਰਾਹਮਣ ਸਮਾਜ ਵੱਲੋਂ ਕਾਂਗਰਸੀ ਉਮੀਦਵਾਰ ਦੀ ਹਮਾਇਤ

**ਸ਼ਾਹਬਾਦ ਮਾਰਕੰਡਾ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਇਸੇ ਦੌਰਾਨ ਕੁਰੂਕਸ਼ੇਤਰ ਦੀਆਂ ਤਿੰਨ ਪ੍ਰਮੁੱਖ ਬ੍ਰਾਹਮਣ ਸੰਸਥਾਵਾਂ ਸ੍ਰੀ ਬ੍ਰਾਹਮਣ ਤੇ ਤੀਰਥੋਧਰ ਸਭਾ, ਹਰਿਆਣਾ ਬ੍ਰਾਹਮਣ ਧਰਮਸ਼ਾਲਾ ਤੇ ਅਖਿਲ ਭਾਰਤੀ ਸਾਰਸਵਤ ਬ੍ਰਾਹਮਣ ਸਭਾ ਵੱਲੋਂ ਪੁਰਾਣੇ ਬੱਸ ਸਟੈਂਡ ਥਾਨੇਸਰ ਨੇੜੇ ਬ੍ਰਾਹਮਣ ਧਰਮਸ਼ਾਲਾ ਵਿੱਚ ਕਾਂਗਰਸੀ ਉਮੀਦਵਾਰ ਅਸ਼ੋਕ ਅਰੋੜਾ ਦੇ ਸਮਰਥਨ ਵਿੱਚ ਸੰਮੇਲਨ ਕੀਤਾ ਗਿਆ।

ਸਾਰੀਆਂ ਜਥੇਬੰਦੀਆਂ ਵੱਲੋਂ ਕਾਂਗਰਸੀ ਉਮੀਦਵਾਰ ਨੂੰ ਆਪਣਾ ਸਮਰਥਨ ਦੇਣ ਦਾ ਭਰੋਸਾ ਦਿੱਤਾ ਗਿਆ। ਬ੍ਰਾਹਮਣ ਪੰਚਾਇਤ ਦੇ ਰਾਸ਼ਟਰੀ ਪ੍ਰਧਾਨ ਵੀਰੇਸ਼ ਸ਼ਾਂਡਿਲਿਆ ਨੇ ਬ੍ਰਾਹਮਣ ਮਹਾਂ ਪੰਚਾਇਤ ਵੱਲੋਂ ਅਸ਼ੋਕ ਅਰੋੜਾ ਦੀ ਹਮਾਇਤ ਕਰਦਿਆਂ ਉਨ੍ਹਾਂ ਨੂੰ ਭਾਰੀ ਬਹੁਮੱਤ ਨਾਲ ਜਿਤਾਉਣ ਦੀ ਅਪੀਲ ਕੀਤੀ। ਅਰੋੜਾ ਨੇ ਸ਼ਹਿਰ ਦੀਆਂ ਪ੍ਰਮੁੱਖ ਬ੍ਰਾਹਮਣ ਜਥੇਬੰਦੀਆਂ ਵੱਲੋਂ ਕਾਂਗਰਸ ਨੂੰ ਸਮਰਥਨ ਦੇਣ ਤੇ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਭਾਜਪਾ



ਨੇ ਬ੍ਰਾਹਮਣ ਭਾਈਚਾਰੇ ਸਣੇ ਹਰ ਵਰਗ ਨੂੰ ਜਲੀਲ ਕੀਤਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਸਰਕਾਰ ਬਣਨ ’ਤੇ ਤੀਰਥ ਪੁਰੋਹਿਤ ਭਲਾਈ ਬੋਰਡ ਦਾ ਗਠਨ ਕੀਤਾ ਜਾਏਗਾ।

ਇਸ ਮੌਕੇ ਸ੍ਰੀ ਬ੍ਰਾਹਮਣ ਤੇ ਤੀਰਥੋਧਾਰ ਸਭਾ ਦੇ ਸਰਪ੍ਰਸਤ ਤੇ ਆਲ ਇੰਡੀਆ ਤੀਰਥ ਪੁਰੋਹਿਤ ਸਭਾ ਦੇ ਸਾਬਕਾ ਰਾਸ਼ਟਰੀ ਪ੍ਰਧਾਨ ਪ੍ਰਕਾਸ਼ ਮਿਸ਼ਰਾ, ਪ੍ਰਿੰਸੀਪਲ ਸ਼ਿਆਮ ਸੁੰਦਰ ਤਿਵਾੜੀ, ਮੁੱਖ ਸਲਾਹਕਾਰ ਜੈ ਨਰਾਇਣ ਸ਼ਰਮਾ, ਪ੍ਰਮੁੱਖ ਜਨਰਲ ਸਕੱਤਰ ਰਾਮ ਪਾਲ ਸ਼ਰਮਾ, ਜਲੇਸ਼ ਸ਼ਰਮਾ, ਡਾ. ਮਨੋਜ ਕੌਸ਼ਿਕ, ਜ਼ਿਲ੍ਹ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਸੁਭਾਸ਼ ਸ਼ਰਮਾ ਮੌਜੂਦ ਸਨ।

# ਫਿਰੌਤੀ ਮੰਗਣ ਦੀ ਘਟਨਾ ਸਬੰਧੀ ਐੱਸਪੀ ਨੂੰ ਮਿਲੇ ਵਪਾਰੀ



**ਜੀਂਦ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਵਪਾਰੀ ਵਿਨੋਦ ਜਿੰਦਲ ਤੋਂ ਇੱਕ ਕਰੋੜ ਰੁਪਏ ਦੀ ਫਿਰੌਤੀ ਮੰਗਣ ਦੇ ਮਸਲੇ ਨੂੰ ਲੈ ਕੇ ਵਪਾਰੀਆਂ ਦਾ ਵਫ਼ਦ ਐੱਸਪੀ ਸੁਮਿਤ ਕੁਮਾਰ ਨੂੰ ਮਿਲਿਆ। ਉਨ੍ਹਾਂ ਵਪਾਰੀਆਂ ਦੀ ਸੁਰੱਖਿਆ ਲਈ ਸਖ਼ਤ ਕਦਮ ਚੁੱਕਣ ਦੀ ਮੰਗ ਕੀਤੀ। ਵਫ਼ਦ ਵਿੱਚ ਜ਼ਿਲ੍ਹਾ ਪ੍ਰਧਾਨ ਮਹਾਂਵੀਰ ਕੰਪਿਊਟਰ ਦੀ ਅਗਵਾਈ ਵਿੱਚ ਆਈਡੀ ਗੋਇਲ, ਰਾਜ ਕੁਮਾਰ ਗੋਇਲ, ਚੰਦ ਜੈਨ, ਅਨੀਸ਼ ਬਾਂਸਲ, ਪ੍ਰਵੀਨ ਜਿੰਦਲ, ਪੀੜਤ ਵਿਨੋਦ ਜਿੰਦਲ, ਸ਼ਾਮ ਸੁੰਦਰ ਗੋਇਲ, ਰਾਕੇਸ਼ ਸਿੰਗਲ ਅਤੇ ਸੁਭਮ ਆਸਰੀ ਸ਼ਾਮਲ ਸਨ। ਜ਼ਿਲ੍ਹਾ ਪ੍ਰਧਾਨ ਮਹਾਂਵੀਰ ਕੰਪਿਊਟਰ ਨੇ ਐੱਸਪੀ ਨੂੰ ਕਿਹਾ ਕਿ ਵਪਾਰੀਆਂ ਨੂੰ ਮੁਲਜ਼ਮਾਂ ਵੱਲੋਂ ਦਿੱਤੀਆਂ ਜਾ ਰਹੀਆਂ ਧਮਕੀਆਂ ਕਾਰਨ ਦਹਿਸ਼ਤ ਦਾ ਮਾਹੌਲ ਹੈ। ਉਨ੍ਹਾਂ ਕਿਹਾ ਕਿ ਜੀਂਦ ਦੇ ਵਪਾਰੀ ਵਿਨੋਦ ਜਿੰਦਲ ਤੋਂ ਫੋਨ ’ਤੇ ਪਹਿਲਾਂ 10 ਲੱਖ ਰੁਪਏ ਦੀ ਫਿਰੌਤੀ ਮੰਗੀ ਗਈ ਸੀ। ਇਸ ਸਬੰਧੀ ਪੁਲੀਸ ਨੇ ਕੇਸ ਤਾਂ ਦਰਜ ਕਰ ਲਿਆ ਸੀ ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ। ਹੁਣ ਮੁਲਜ਼ਮਾਂ ਨੇ ਫੋਨ ’ਤੇ ਇੱਕ ਕਰੋੜ ਰੁਪਏ ਦੀ ਫ਼ਿਰੌਤੀ ਮੰਗਣੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੁਲੀਸ ਵੱਲੋਂ ਮੁਲਜ਼ਮਾਂ ਖ਼ਿਲਾਫ਼ ਕੋਈ ਕਾਰਵਾਈ ਨਾ ਕਰਨ ਕਾਰਨ ਵਪਾਰੀਆਂ ਵਿੱਚ ਰੋਸ ਹੈ। ਐੱਸਪੀ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਮੁਲਜ਼ਮਾਂ ਨੂੰ ਜਲਦੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਵਫ਼ਦ ਨੇ ਸ਼ਹਿਰ ਵਿੱਚ ਗਸ਼ਤ ਵਧਾਉਣ ਦੀ ਮੰਗ ਕੀਤੀ। ਉਨ੍ਹਾਂ ਪੁਲੀਸ ਅਧਿਕਾਰੀ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇ ਹਫ਼ਤੇ ਤੱਕ ਮੁਲਜ਼ਮ ਨਾ ਫੜੇ ਗਏ ਤਾਂ ਫਿਰ ਵਪਾਰੀ ਚੋਣਾਂ ਤੋਂ ਪਹਿਲਾਂ ਹੀ ਆਪਣਾ ਸੰਘਰਸ਼ ਸ਼ੁਰੂ ਕਰ ਦੇਣਗੇ।

ਪੁਲੀਸ ਮਹਾਂ-ਨਿਰਦੇਸ਼ਕ ਸ਼ਤਰੂਜੀਤ ਕਪੂਰ ਦੇ ਹੁਕਮਾਂ ਤਹਿਤ ਜੀਂਦ ਦੇ ਐੱਸਪੀ ਸੁਮਿਤ ਕੁਮਾਰ ਦੀਆਂ ਹਦਾਇਤਾਂ ’ਤੇ ਜ਼ਿਲ੍ਹੇ ਦੀਆਂ 63 ਟੀਮਾਂ ਦਾ ਗਠਨ ਕਰਕੇ ਆਪ੍ਰੇਸ਼ਨ ਅਭਿਆਨ ਚਲਾਇਆ ਗਿਆ। ਇਸ ਵਿੱਚ 63 ਟੀਮਾਂ ਨੇ ਵੱਖ-ਵੱਖ ਮਾਮਲਿਆਂ ਅਤੇ ਥਾਵਾਂ ’ਤੇ ਆਵਾਜਾਈ ਨਿਯਮਾਂ ਦਾ ਉਲੰਘਣ ਕਰਨ, ਨਾਜਾਇਜ਼ ਅਸਲਾ ਰੱਖਣ, ਮੋਟਰਸਾਈਕਲ ਚੋਰ, ਨਾਜਾਇਜ਼ ਸ਼ਰਾਬ, ਨਸ਼ੀਲੀ ਵਸਤੂਆਂ ਰੱਖਣ ਦੇ ਦੋਸ਼ ਹੇਠ 16 ਮੁਲਜ਼ਮਾਂ ਨੂੰ ਕਾਬੂ ਕੀਤਾ ਅਤੇ 11 ਦੇ ਖ਼ਿਲਾਫ਼ ਕੇਸ ਦਰਜ ਕਰ ਲਏ ਹਨ। ਪੀਆਰਓ ਅਮਿਤ ਕੁਮਾਰ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਕੋਲੋਂ ਦੋ ਦੇਸ਼ੀ ਪਿਸਤੌਲ 12 ਬੋਰ, ਦੋ ਕਾਰਤੂਸ, 172 ਬੋਤਲ ਨਾਜਾਇਜ਼ ਸ਼ਰਾਬ, 780 ਲਿਟਰ ਲਾਹਨ ਅਤੇ ਚੋਰੀ ਕੀਤੀਆਂ ਮੋਟਰਸਾਈਕਲਾਂ ਤੋਂ ਇਲਾਵਾ ਖੇਤਾਂ ਵਿੱਚੋਂ ਚੋਰੀ ਕੀਤਾ ਸਾਮਾਨ ਵੀ ਬਰਾਮਦ ਕੀਤਾ ਹੈ।

# ਅੰਜਲੀ ਸਿਸੋਦੀਆ ਮਿਸ ਈਵ ਅਤੇ ਹਿਮਾਂਸ਼ੂ ਮਿਸਟਰ ਫਰੈਸ਼ਰ ਬਣਿਆ



**ਯਮੁਨਾਨਗਰ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਗੁਰੂ ਨਾਨਕ ਖ਼ਾਲਸਾ ਕਾਲਜ ਦੇ ਲਾਈਫ਼ ਸਾਇੰਸਿਜ਼ ਵਿਭਾਗ ਵੱਲੋਂ ਨਵੇਂ ਵਿਦਿਆਰਥੀਆਂ ਲਈ ਫਰੈਸ਼ਰ ਪਾਰਟੀ ਸਮਾਗਮ ਕੀਤਾ ਗਿਆ। ਪਾਰਟੀ ਦਾ ਉਦਘਾਟਨ ਕਾਲਜ ਪ੍ਰਿੰਸੀਪਲ ਡਾ. ਹਰਿੰਦਰ ਸਿੰਘ ਕੰਗ ਅਤੇ ਡੀਨ ਆਰਟਸ ਫੈਕਲਟੀ ਡਾ. ਪ੍ਰਤਿਮਾ ਸ਼ਰਮਾ ਨੇ ਸ਼ਮ੍ਹਾਂ ਰੌਸ਼ਨ ਕਰਕੇ ਕੀਤਾ।

ਇਸ ਮੌਕੇ ਵਿਦਿਆਰਥੀਆਂ ਨੇ ਗੀਤ, ਨ੍ਰਿਤ, ਸੰਗੀਤ ਅਤੇ ਹੋਰ ਸਭਿਆਚਾਰਕ ਪ੍ਰੋਗਰਾਮ ਰਾਹੀਂ ਸਾਰਿਆਂ ਦਾ ਮਨ ਮੋਹ ਲਿਆ। ਫਰੈਸ਼ਰ ਪਾਰਟੀ ਦੌਰਾਨ ਅੰਜਲੀ ਸਿਸੋਦੀਆ ਨੂੰ ਮਿਸ ਈਵ ਅਤੇ ਹਿਮਾਂਸ਼ੂ ਨੂੰ ਮਿਸਟਰ ਫਰੈਸ਼ਰ ਚੁਣਿਆ ਗਿਆ। ਇਸ ਦੌਰਾਨ ਹੋਰ ਵਿਦਿਆਰਥੀਆਂ ਨੂੰ ਸਨਮਾਨ ਵੰਡੇ ਗਏ ਅਤੇ ਉਨ੍ਹਾਂ ਦੇ ਕੰਮ ਦੀ ਸ਼ਲਾਘਾ ਕੀਤੀ। ਡਾ. ਅਮਰਜੀਤ ਸਿੰਘ ਅਤੇ ਡਾ. ਰਾਮੇਸ਼ਵਰ ਦਾਸ ਨੇ ਦੱਸਿਆ ਕਿ ਨਵੇਂ ਆਏ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸੀਨੀਅਰਾਂ ਅਤੇ ਅਧਿਆਪਕਾਂ ਨਾਲ ਮਿਲਾਉਣ ਲਈ ਅਜਿਹੇ ਸਮਾਗਮ ਕਰਵਾਏ ਜਾਂਦੇ ਹਨ ਜਿਸ ਨਾਲ ਨਵੇਂ ਵਿਦਿਆਰਥੀਆਂ ਵਿੱਚ ਉਤਸ਼ਾਹ ਅਤੇ ਵਿਸ਼ਵਾਸ ਦੀ ਭਾਵਨਾ ਵਿੱਚ ਵਾਧਾ ਹੁੰਦਾ ਹੈ।

ਡਾ. ਵਰਸ਼ਾ ਨਿਗਮ ਨੇ ਇਸ ਪ੍ਰੋਗਰਾਮ ਨੂੰ ਯਾਦਗਾਰੀ ਬਣਾਉਣ ਲਈ ਸੀਨੀਅਰ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ।

# ਸੂਬਾ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਸਿਰਸਾ ’ਚ ਨਸ਼ਾ ਵਧਿਆ: ਸੇਤੀਆ

**ਸਿਰਸਾ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸਿਰਸਾ ਹਲਕੇ ਤੋਂ ਕਾਂਗਰਸ ਦੇ ਉਮੀਦਵਾਰ ਗੋਕੁਲ ਸੇਤੀਆ ਨੇ ਕਿਹਾ ਕਿ ਜਿਹੜੇ ਲੋਕ ਸਿਰਸਾ ਦੇ ਕਥਿਤ ਸੇਵਾਦਾਰ ਬਣਨ ਦਾ ਦਾਅਵਾ ਕਰ ਰਹੇ ਹਨ, ਉਨ੍ਹਾਂ ਨੇ ਸਿਰਸਾ ਦਾ ਕੋਈ ਵਿਕਾਸ ਨਹੀਂ ਕਰਵਾਇਆ। ਪਿਛਲੇ ਦਸਾਂ ਸਾਲਾਂ ’ਚ ਸਿਰਸਾ ਵਿਕਾਸ ਪੱਖੋਂ ਬਹੁਤ ਪਛੜ ਗਿਆ ਹੈ। ਬੇਰਜ਼ਗਾਰੀ ਕਾਰਨ ਨੌਜਵਾਨ ਨਸ਼ਿਆਂ ਦੇ ਜਾਲ ’ਚ ਫਸ ਕੇ ਆਪਣੀ ਜ਼ਿੰਦਗੀ ਤਬਾਹ ਕਰ ਰਹੇ ਹਨ। ਸਿਰਸਾ ਵਿੱਚ ਨਾ ਕੋਈ ਵੱਡੀ ਸਨਅਤ ਹੈ ਤੇ ਨਾ ਹੀ ਮੈਡੀਕਲ ਕਾਲਜ ਬਣਵਾਇਆ ਗਿਆ ਹੈ। ਉਹ ਇੱਥੇ ਵੱਖ-ਵੱਖ ਥਾਵਾਂ ’ਤੇ ਚੋਣ ਜਲਸਿਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਕਾਂਗਰਸ ਦੇ ਕਈ ਸੀਨੀਅਰ ਆਗੂ ਮੌਜੂਦ ਸਨ। ਉਨ੍ਹਾਂ ਦੋਸ਼ ਲਾਇਆ ਕਿ ਚੋਣ ਨੂੰ ਲੈ ਕੇ ਵਿਰੋਧੀ ਪਾਰਟੀਆਂ ਵੱਲੋਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ। ਭਾਜਪਾ ਨੇ ਤਾਂ ਆਪਣਾ ਉਮੀਦਵਾਰ ਮੈਦਾਨ ’ਚੋਂ ਹਟਾ ਕੇ ਆਪਣੀ ਹਾਰ ਮੰਨ ਲਈ ਹੈ। ਉਨ੍ਹਾਂ



ਕਿਹਾ ਕਿ ਕੁਝ ਲੋਕ ਇੱਥੇ ਕਥਿਤ ਸਿਰਸਾ ਦੇ ਸੇਵਾਦਾਰ ਬਣਨ ਦਾ ਦਾਅਵਾ ਕਰ ਰਹੇ ਹਨ ਤੇ ਕੁਝ ਕਿਸਾਨ ਹਿਤੈਸ਼ੀ, ਪਰ ਇਨ੍ਹਾਂ ਨੇ ਵਿਧਾਇਕ ਹੁੰਦਿਆਂ ਅਤੇ ਸੱਤਾ ’ਚ ਰਹਿੰਦਿਆਂ ਨਾ ਤਾਂ ਸਿਰਸਾ ਸ਼ਹਿਰ ਦਾ ਕੋਈ ਵਿਕਾਸ ਕਰਵਾਇਆ ਤੇ ਨਾ ਹੀ ਕਿਸਾਨਾਂ ਲਈ ਨਹਿਰੀ ਪਾਣੀ ਦਾ ਕੋਈ ਪ੍ਰਬੰਧ ਕੀਤਾ। ਸ਼ਹਿਰ ਦੀਆਂ ਕਈ ਕਲੋਨੀਆਂ ’ਚ ਲੋਕ ਅੱਜ ਵੀ ਪੀਣ ਵਾਲੀ ਸਾਫ਼ ਪਾਣੀ ਨੂੰ ਤਰਸ ਰਹੇ ਹਨ ਜਦੋਂਕਿ ਸ਼ਹਿਰ ਦੇ ਵਿਕਾਸ ’ਤੇ ਕਰੋੜਾਂ ਰੁਪਏ ਖਰਚ ਕੀਤੇ ਜਾਣ ਦੇ ਦਾਅਵੇ ਕੀਤੇ ਜਾ ਰਹੇ ਹਨ। ਮੀਂਹ ਦੇ ਪਾਣੀ ਦੀ ਨਿਕਾਸੀ ਦਾ ਕੋਈ ਪ੍ਰਬੰਧ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਸਰਕਾਰ ਬਣਨ ਮਗਰੋਂ ਪਾਰਟੀ ਵੱਲੋਂ ਜਾਰੀ ਚੋਣ ਮਨੋਰਥ ਪੱਤਰ ’ਚ ਕੀਤੇ ਸਾਰੇ ਵਾਅਦਿਆਂ ਨੂੰ ਪੂਰਾ ਕੀਤਾ ਜਾਵੇਗਾ। ਇਸ ਦੌਰਾਨ ਕਈ ਲੋਕ ਕਾਂਗਰਸ ਵਿੱਚ ਸ਼ਾਮਲ ਵੀ ਹੋਏ।

# ਸ਼ੈਲਜਾ ਦੇ ਸਰਗਰਮ ਹੋਣ ਨਾਲ ਕਾਂਗਰਸ ਮਜ਼ਬੂਤ ਹੋਈ

**ਚੰਡੀਗੜ੍ਹ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿਧਾਨ ਸਭਾ ਚੋਣਾਂ ਦੀ ਤਾਰੀਖ ਨੇੜੇ ਆਉਣ ਕਾਰਨ ਰਾਜਸੀ ਪਾਰਟੀਆਂ ਨੇ ਚੋਣ ਪਿੜ ਭਖਾ ਦਿੱਤਾ ਹੈ। ਇਸੇ ਦੌਰਾਨ ਪਹਿਲਾਂ ਕਾਂਗਰਸ ਪਾਰਟੀ ਨੂੰ ਅੰਦਰੂਨੀ ਕਲੇਸ਼ ਦਾ



ਸਾਹਮਣਾ ਕਰਨਾ ਪੈ ਰਿਹਾ ਸੀ ਪਰ ਪਿਛਲੇ ਦੋ-ਤਿੰਨ ਦਿਨਾਂ ਤੋਂ ਹਰਿਆਣਾ ਕਾਂਗਰਸ ਦੀ ਸਾਬਕਾ ਸੂਬਾ ਪ੍ਰਧਾਨ ਕੁਮਾਰੀ ਸ਼ੈਲਜਾ ਦੇ ਚੋਣ ਮੈਦਾਨ ਵਿੱਚ ਸਰਗਰਮ ਹੋਣ ਨਾਲ ਕਾਂਗਰਸ ਪਾਰਟੀ ਹੋਰ ਮਜ਼ਬੂਤ ਹੁੰਦੀ ਦਿਖਾਈ ਦੇ ਰਹੀ ਹੈ। ਜ਼ਿਕਰਯੋਗ ਹੈ ਕਿ ਵਿਧਾਨ ਸਭਾ ਚੋਣਾਂ ਦੌਰਾਨ ਪਾਰਟੀ ਹਾਈਕਮਾਨ ਵੱਲੋਂ ਕੁਮਾਰੀ ਸ਼ੈਲਜਾ ਨੂੰ ਨਜ਼ਰਅੰਦਾਜ ਕਰਕੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਨੂੰ ਤਰਜੀਹ ਦਿੱਤੇ ਜਾਣ ਕਰਕੇ ਸ਼ੈਲਜਾ ਪਾਰਟੀ ਤੋਂ ਨਾਰਾਜ਼ ਹੋ ਗਏ ਸਨ। ਉਨ੍ਹਾਂ ਚੋਣ ਗਤੀਵੀਧੀਆਂ ਤੋਂ ਪਾਸਾ ਵੱਟ ਲਿਆ ਸੀ। ਇਸ ਦੌਰਾਨ ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਵੱਲੋਂ ਵੀ ਸ੍ਰੀਮਤੀ ਸ਼ੈਲਜਾ ਨੂੰ ਭਗਵਾਂ ਪਾਰਟੀ ਵਿੱਚ ਸ਼ਾਮਲ ਹੋਣ ਤੱਕ ਦੀ ਪੇਸ਼ਕਸ਼ ਕੀਤੀ ਗਈ ਸੀ, ਜਿਸ ਕਰਕੇ ਉਨ੍ਹਾਂ ਦੇ ਕਾਂਗਰਸ ਛੱਡਣ ਤੱਕ ਦੇ ਚਰਚੇ ਚੱਲ ਪਏ ਸਨ। ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਨੇ ਆਪਣੀ ਫੇਰੀ ਦੇ ਨਾਲ ਹੀ ਕੁਮਾਰੀ ਸ਼ੈਲਜਾ ਦੀ ਨਰਾਜ਼ਗੀ ਦੂਰ ਕਰ ਦਿੱਤੀ ਸੀ। ਉਸ ਸਮੇਂ ਕੁਮਾਰੀ ਸ਼ੈਲਜਾ ਰਾਹੁਲ ਗਾਂਧੀ ਦੇ ਨਾਲ ਵਿਧਾਨ ਸਭਾ ਹਲਕਾ ਅਸੰਧ ਵਿੱਚ ਮੰਚ ’ਤੇ ਬੈਠੀ ਵੀ ਦਿਖਾਈ ਦਿੱਤੀ ਸੀ। ਮਗਰੋਂ ਸ਼ੈਲਜਾ ਚੋਣਾਂ ਦੌਰਾਨ ਸਰਗਰਮ ਹੋ ਗਈ। ਕੁਮਾਰੀ ਸ਼ੈਲਜਾ ਵੱਲੋਂ ਰੋਜ਼ਾਨਾ 8 ਤੋਂ 10 ਥਾਵਾਂ ’ਤੇ ਸਮਾਗਮਾਂ ਵਿੱਚ ਸ਼ਮੂਲੀਅਤ ਕੀਤੀ ਜਾਂਦੀ ਹੈ। ਅੱਜ ਵੀ ਕੁਮਾਰੀ ਸ਼ੈਲਜਾ ਨੇ ਵਿਧਾਨ ਸਭਾ ਹਲਕਾ ਕਾਲਕਾ, ਅੰਬਾਲਾ ਛਾਉਣੀ ਅਤੇ ਪੰਚਕੂਲਾ ਵਿੱਚ ਦੋ ਜਨ ਸਭਾਵਾਂ ਵਿੱਚ ਸ਼ਮੂਲੀਅਤ ਕੀਤੀ।

# ਉਦਯੋਗ ਬੰਦ ਹੋਣ ਕੰਢੇ: ਹੁੱਡਾ

**ਯਮੁਨਾਨਗਰ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਨੇ ਅੱਜ ਇੱਥੇ ਦੁਸਹਿਰਾ ਮੈਦਾਨ ਵਿੱਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਕਾਂਗਰਸੀ ਉਮੀਦਵਾਰ ਰਮਨ ਤਿਆਗੀ ਨੂੰ ਵੋਟ ਪਾਉਣ ਦੀ ਅਪੀਲ ਕੀਤੀ। ਇਸ ਦੌਰਾਨ ਉਨ੍ਹਾਂ ਕਿਹਾ ਕਿ ਯਮੁਨਾਨਗਰ ਦਾ ਪੇਪਰ, ਮੈਟਲ ਅਤੇ ਪਲਾਈਵੁੱਡ ਉਦਯੋਗ, ਜੋ ਹਜ਼ਾਰਾਂ ਲੋਕਾਂ ਨੂੰ ਰੁਜ਼ਗਾਰ ਪ੍ਰਦਾਨ ਕਰਦਾ ਹੈ ਅਤੇ ਰਾਜ ਦੀ ਆਰਥਿਕਤਾ ਨੂੰ ਹੁਲਾਰਾ ਦਿੰਦਾ ਹੈ, ਬੰਦ ਹੋਣ ਕੰਢੇ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਸਰਕਾਰ ਬਣਨ ’ਤੇ ਉਦਯੋਗ ਅਤੇ ਵਪਾਰ ਲਈ ਵੱਖਰਾ ਕਮਿਸ਼ਨ ਬਣਾਇਆ ਜਾਵੇਗਾ। ਉਨ੍ਹਾਂ ਯਮੁਨਾਨਗਰ ਵਿੱਚ ਵਧ ਰਹੇ ਨਸ਼ੇ ’ਤੇ ਵੀ ਚਿੰਤਾ ਪ੍ਰਗਟਾਈ ਇਸ ਮੌਕੇ ਪੰਜਾਬ ਦੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਬਕਾ ਵਿਧਾਇਕ ਸੁਭਾਸ਼ ਚੌਧਰੀ ਅਤੇ ਸਾਬਕਾ ਵਿਧਾਇਕ ਅਰਜੁਨ ਸਿੰਘ ਵੀ ਹਾਜ਼ਰ ਸਨ।

# ਹਿਮਾਚਲ ਪ੍ਰਦੇਸ਼ ਤੇ ਕਰਨਾਟਕ ’ਚ ਰਾਹੁਲ ਦੀਆਂ ਗਾਰੰਟੀਆਂ ਫੇਲ੍ਹ ਹੋਈਆਂ: ਸ਼ਾਹ

**ਚੰਡੀਗੜ੍ਹ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਹਰਿਆਣਾ ’ਚ ਕਾਂਗਰਸ ’ਤੇ ਹਮਲਾ ਜਾਰੀ ਰੱਖਦਿਆਂ ਦੋਸ਼ ਲਾਇਆ ਕਿ ਰਾਹੁਲ ਗਾਂਧੀ ਦੀਆਂ ਚੋਣ ਗਾਰੰਟੀਆਂ ਹਿਮਾਚਲ ਪ੍ਰਦੇਸ਼ ਅਤੇ ਕਰਨਾਟਕ ਵਰਗੇ ਸੂਬਿਆਂ ’ਚ ਫੇਲ੍ਹ ਹੋ ਗਈਆਂ ਹਨ, ਜਿੱਥੇ ਕਾਂਗਰਸ ਸੱਤਾ ਵਿੱਚ ਹੈ। ਸ਼ਾਹ ਨੇ ਗੁਰੂਗ੍ਰਾਮ ਦੇ ਬਾਦਸ਼ਾਹਪੁਰ ’ਚ ਇੱਕ ਚੋਣ ਰੈਲੀ ਦੌਰਾਨ ਆਖਿਆ ਕਿ ਚੋਣਾਂ ਸਮੇਂ ਕਾਂਗਰਸ ਵੱਡੇ-ਵੱਡੇ ਦਾਅਵੇ ਕਰਦੀ ਹੈ ਪਰ ਉਹ ਹਿਮਾਚਲ ਪ੍ਰਦੇਸ਼, ਕਰਨਾਟਕ ਅਤੇ ਤਿਲੰਗਾਨ ਵਰਗੇ ਸੂਬਿਆਂ ’ਚ ਆਪਣੇ ਚੋਣ ਵਾਅਦੇ ਪੂਰੇ ਨਹੀਂ ਸਕੀ। ਉਨ੍ਹਾਂ ਆਖਿਆ, “ਰਾਹੁਲ ਗਾਂਧੀ ਦੀਆਂ ਚੋਣ ਗਾਰੰਟੀਆਂ ਫੇਲ੍ਹ ਹੋ ਗਈਆਂ ਹਨ।”

ਕੇਂਦਰੀ ਗ੍ਰਹਿ ਮੰਤਰੀ ਨੇ ਆਖਿਆ ਕਿ ਭਾਜਪਾ ਅਜਿਹਾ ਕੋਈ ਵਾਅਦਾ ਨਹੀਂ ਕਰਦੀ ਜਿਸ ਨੂੰ ਉਹ ਪੂਰਾ ਨਾ ਕਰ ਸਕੇ। ਉਨ੍ਹਾਂ ਕਿਹਾ, “ਰਾਹੁਲ ਬਾਬਾ ਐਂਡ ਕੰਪਨੀ ਵਿਕਾਸ



ਨਹੀ ਕਰ ਸਕਦੀ” ਅਤੇ “ਡਬਲ ਇੰਜਣ” ਵਾਲੀ ਸਰਕਾਰ ਹੀ ਹਰਿਆਣਾ ਦਾ ਵਿਕਾਸ ਯਕੀਨੀ ਬਣਾਏਗੀ। ਸ਼ਾਹ ਮੁਤਾਬਕ, “ਅਸੀਂ ਦੇਸ਼ ਦੀ ਸਰਹੱਦ ਨੂੰ ਸੁਰੱਖਿਅਤ ਰੱਖਾਂਗੇ ਅਤੇ ਧਾਰਾ 370 ਨੂੰ ਕਦੇ ਵੀ ਵਾਪਸ ਨਹੀਂ ਆਉਣ ਦੇਵਾਂਗੇ।”ਵਕਫ ਬਿੱਲ ਦਾ ਜ਼ਿਕਰ ਕਰਦਿਆਂ ਗ੍ਰਹਿ ਮੰਤਰੀ ਨੇ ਰੈਲੀ ਦੌਰਾਨ ਕਿਹਾ, “ਤੁਹਾਨੂੰ ਵਕਫ ਬੋਰਡ ਬਾਰੇ ਮੌਜੂਦਾ ਕਾਨੂੰਨ ਤੋਂ ਸਮੱਸਿਆ ਹੈ। ਅਸੀਂ ਸੰਸਦ ਦੇ ਸਰਦ ਰੁੱਤ ਸੈਸ਼ਨ ’ਚ ਇਸ ਵਿੱਚ ਸੋਧ ਕਰਾਂਗੇ।” ਦੱਸਣਯੋਗ ਹੈ ਕਿ ਪਿਛਲੇ ਮਹੀਨੇ ਕਈ ਵਿਰੋਧੀ ਆਗੂਆਂ ਨੇ ਦੋਸ਼ ਲਾਇਆ ਸੀ ਕਿ ਭਾਜਪਾ ਦੀ ਅਗਵਾਈ ਵਾਲੀ ਐਨਡੀਏ ਸਰਕਾਰ ਦੇ ਵਕਫ ਸੋਧ ਬਿੱਲ ਦਾ ਮਨੋਰਥ ਸਮਾਜ ’ਚ ਫੁੱਟ ਪਾਉਣਾ ਹੈ। ਉਨ੍ਹਾਂ ਨੇ ਇਸ ਬਿੱਲ ਦੇ ਵਿਰੋਧ ਦਾ ਐਲਾਨ ਕੀਤਾ ਸੀ।

ਹਰਿਆਣਾ ਦੇ ਬਾਦਸ਼ਾਹਪੁਰ ਵਿਧਾਨ ਸਭਾ ਹਲਕੇ ਤੋਂ ਰਾਓ ਨਰਬੀਰ ਸਿੰਘ ਸਣੇ ਗੁਰੂਗ੍ਰਾਮ ਇਲਾਕੇ ਤੋਂ ਪਾਰਟੀ ਉਮੀਦਵਾਰਾਂ ਲਈ ਚੋਣ ਪ੍ਰਚਾਰ ਕਰਦਿਆਂ ਸ਼ਾਹ ਨੇ ਆਖਿਆ ਕਿ ਫੌਜ ਵਿੱਚ ਹਰ 10ਵਾਂ ਜਵਾਨ ਹਰਿਆਣਾ ਨਾਲ ਸਬੰਧਤ ਹੈ। ਉਨ੍ਹਾਂ ਮੁਤਾਬਕ ਇੰਦਰਾ ਗਾਂਧੀ ਤੋਂ ਲੈ ਕੇ ਮਨਮੋਹਨ ਸਿੰਘ ਤੱਕ ਕਾਂਗਰਸ ‘ਇਕ ਰੈਂਕ ਇੱਕ ਪੈਨਸ਼ਨ’ ਦੀ ਮੰਗ ਪੂਰੀ ਨਹੀਂ ਕਰ ਸਕੀ ਪਰ ਮੋਦੀ ਸਰਕਾਰ ਨੇ 2015 ’ਚ ਇਹ ਮੰਗ ਪੂਰੀ ਕੀਤੀ। ਇਸ ਦੌਰਾਨ ਸ਼ਾਹ ਨੇ ਅਗਨੀਵੀਰ ਸਕੀਮ ਨੂੰ ਲੈ ਕੇ ਵੀ ਰਾਹੁਲ ਗਾਂਧੀ ’ਤੇ ਨਿਸ਼ਾਨਾ ਸੇਧਦਿਆਂ ਰਾਹੁਲ ਨੂੰ “ਝੂਠ ਬੋਲਣ ਵਾਲੀ ਮਸ਼ੀਨ” ਕਰਾਰ ਦਿੱਤਾ ਅਤੇ ਦੱਸਿਆ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਦਾਅਵਾ ਕੀਤਾ ਹੈ ਕਿ ਅਗਨੀਵੀਰਾਂ ਨੂੰ ਨੌਕਰੀ ਨਹੀਂ ਮਿਲੇਗੀ। ਉਨ੍ਹਾਂ ਦੋਸ਼ ਲਾਇਆ, “ਕਾਂਗਰਸ ਤੁਸ਼ਟੀਕਰਨ ਦੀ ਰਾਜਨੀਤੀ ’ਚ ਡੁੱਬੀ ਹੈ।

# ਵਿਰਾਸਤ ਸਾਂਝੀ ਉਤਸਵ ਦਾ ਕਿਤਾਬਚਾ ਜਾਰੀ

**ਸ਼ਾਹਬਾਦ ਮਾਰਕੰਡਾ, 3 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਕਲਾ ਸਾਂਝੀ ਹੌਲੀ ਹੌਲੀ ਖਤਮ ਹੋਣ ਦੇ ਕੰਢੇ ’ਤੇ ਹੈ ਪਰ ਵਿਰਾਸਤ ਹੈਰੀਟੇਜ ਵਿਲੇਜ ਕੁਰੂਕਸ਼ੇਤਰ ਇਸ ਨੂੰ ਮੁੜ ਸੁਰਜੀਤ ਕਰਨ ਦਾ ਉਪਰਾਲਾ ਕਰ ਰਿਹਾ ਹੈ। ਇਸ ਕਾਰਨ ਵਿਰਾਸਤ ਹੈਰੀਟੇਜ ਵਿਲੇਜ ਟਰੱਸਟ ਸ਼ਲਾਘਾ ਦਾ ਪਾਤਰ ਹੈ। ਇਹ ਵਿਚਾਰ ਕੁਰੂਕਸ਼ੇਤਰ ਦੇ ਡੀਸੀ ਰਾਜੇਸ਼ ਜੋਗਪਾਲ ਨੇ ਵਿਰਾਸਤ ਸਾਂਝੀ ਉਤਸਵ ਦਾ ਕਿਤਾਬਚਾ ਜਾਰੀ ਕਰਨ ਮੌਕੇ ਪ੍ਰਗਟਾਏ। ਉਨ੍ਹਾਂ ਕਿਹਾ ਕਿ ਸਮਾਜ ਦੇ ਲੋਕਾਂ ਨੂੰ ਲੁਪਤ ਹੋ ਰਹੀ ਲੋਕ ਕਲਾ ਨੂੰ ਬਚਾਉਣ ਲਈ ਅੱਗੇ ਆਉਣਾ ਪਵੇਗਾ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਰੋਹਤਾਸ਼ ਵਰਮਾ ਨੇ ਕਿਹਾ ਕਿ ਵਿਰਾਸਤ ਵੱਲੋਂ ਕਰਵਾਇਆ ਜਾ ਰਿਹਾ ਚੌਥਾ ਸਾਂਝੀ ਉਤਸਵ ਨੌਜਵਾਨਾਂ ਲਈ ਵਰਦਾਨ ਸਾਬਤ ਹੋਵੇਗਾ।

# ਪਟਿਆਲਾ ਸ਼ਹਿਰ ਵਿੱਚ ਜਲਦ ਬਣਨਗੀਆਂ ਟੁੱਟੀਆਂ ਸੜਕਾਂ: ਅਜੀਤਪਾਲ ਸਿੰਘ ਕੋਹਲੀ

## ਕੋਹਲੀ ਨੇ ਵਾਰਡ ਨੰਬਰ 50 ਦੇ ਇਲਾਕੇ ਵਿਚ ਕਰੀਬ 43 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੀ ਉਸਾਰੀ ਕਾਰਜ ਅਰੰਭ ਕਰਵਾਏ



**ਪਟਿਆਲਾ, 3 ਅਕਤੂਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਸ਼ਹਿਰ ਵਿਖੇ 24 ਘੰਟੇ ਸੱਤੇ ਦਿਨ ਪੀਣ ਵਾਲੇ ਨਹਿਰੀ ਪਾਣੀ ਦੀ ਸਪਲਾਈ ਲਈ ਪਾਇਪਾਂ ਪਾਉਣ ਲਈ ਐਲ ਐਂਡ ਟੀ ਵੱਲੋਂ ਪੁੱਟੀਆਂ ਗਈਆਂ ਸੜਕਾਂ ਦੀ ਉਸਾਰੀ ਬਹੁਤ ਜਲਦੀ ਕੀਤੀ ਜਾ ਰਹੀ ਹੈ। ਇਹ ਪ੍ਰਗਟਾਵਾ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅੱਜ ਵਾਰਡ ਨੰਬਰ 50 ਵਿੱਚ ਕਰੀਬ 43 ਲੱਖ ਰੁਪਏ ਦੀ ਲਾਗਤ ਨਾਲ ਮਾਨਸ਼ਾਹੀਆ ਕਲੋਨੀ ਤੇ ਸੇਵਕ ਕਲੋਨੀ ਦੇ ਵਾਰਡ ਨੰਬਰ 54 ਤੇ 55 ਦੇ ਇਲਾਕੇ ਵਿੱਚ ਸੜਕਾਂ ਬਣਾਉਣ ਦੇ ਕਾਰਜਾਂ ਦੀ ਸ਼ੁਰੂਆਤ ਕਰਵਾਉਣ ਪੁੱਜੇ ਹੋਏ ਸਨ।ਉਨ੍ਹਾਂ ਕਿਹਾ ਕਿ ਸੜਕਾਂ ਬਣਾਉਣ ਦੇ ਕੰਮਾਂ ?ਵਿੱਚ ਬਰਸਾਤਾਂ ਕਰਕੇ ਦੇਰੀ ਹੈ ਪਰੰਤੂ ਅਗਲੇ ਦੋ ਮਹੀਨਿਆਂ ਵਿੱਚ ਸਾਰੀਆਂ ਸੜਕਾਂ ਨਵੀਆਂ ਬਣਾਈਆਂ ਜਾਣਗੀਆਂ ਤੇ ਜਿੱਥੇ ਮੁਰੰਮਤ ਦੀ ਲੋੜ ਹੈ, ਉਥੇ ਮੁਰੰਮਤ ਵੀ ਕਰਵਾਈ ਜਾਵੇਗੀ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਨਿਗਮ ਕਮਿਸ਼ਨਰ ਡਾ. ਰਜਤ ਓਬਰਾਏ ਵੀ ਮੌਜੂਦ ਸਨ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਿਮਾਰ ਹੋਣ ਦੇ ਬਾਵਜੂਦ ਵੀ ਪੰਜਾਬ ਦੇ ਕੰਮ ਨਿਬੇੜ ਰਹੇ ਸਨ, ਇਸ ਦਾ ਕਾਰਨ ਹੈ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਣਦੀਆਂ ਸਹੂਲਤਾਂ ਦੇਣੀਆਂ ਆਪਣਾ ਫ਼ਰਜ ਸਮਝਦੀ ਹੈ। ਉਨ੍ਹਾਂ ਕਿਹਾ ਕਿ ਇਸੇ ਤਰਜ ਉਤੇ ਪਟਿਆਲਾ ਵਿਖੇ ਵੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਜ ਮਾਨਸ਼ਾਹੀਆ ਕਲੋਨੀ ਵਿੱਚ ਨਵੀਂ ਆਰ ਸੀ ਸੀ ਰੋਡ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ।

ਅਜੀਤ ਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਹ ਰੋਡ ਤਕਰੀਬਨ 30 ਸਾਲ ਬਾਅਦ ਦੁਬਾਰਾ ਬਣਾਈ ਜਾ ਰਹੀ ਹੈ। ਪਿਛਲੀਆਂ ਸਰਕਾਰਾਂ ਨੇ ਵਿਕਾਸ ਦੇ ਵੱਡੇ ਵੱਡੇ ਦਾਵੇ ਕੀਤੇ ਪ੍ਰੰਤੂ ਪਟਿਆਲਾ ਵਿੱਚ ਵਿਕਾਸ ਹੁੰਦਾ ਕਿਸੇ ਨੇ ਨਹੀਂ ਦੇਖਿਆ। ਉਨ੍ਹਾਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਵਲੋਂ ਪਟਿਆਲੇ ਦੇ ਬਾਕੀ ਇਲਾਕਿਆਂ ਵਿਚ ਵੀ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸ ਮੌਕੇ ਮੁਹੱਲਾ ਨਿਵਾਸੀਆਂ ਨੇ ਐਮ ਐਲ ਏ ਕੋਹਲੀ ਦਾ ਧਨਵਾਦ ਕੀਤਾ ਗਿਆ। ਕਲੋਨੀ ਨਿਵਾਸੀ ਤੇਜਿੰਦਰ ਭੱਲਾ ਨੇ ਵਾਰਡ ਪ੍ਰਧਾਨ ਨੌਜਵਾਨ ਆਗੂ ਹਰਮਨ ਸੰਧੂ ਅਤੇ ਬਲਾਕ ਪ੍ਰਧਾਨ ਜਗਤਾਰ ਜੱਗੀ ਦਾ ਵਿਸ਼ੇਸ ਤੌਰ ਤੇ ਧੰਨਵਾਦ ਕੀਤਾ। ਇਸ ਮੌਕੇ ਐਸ ਸੀ ਕਾਰਪੋਰੇਸ਼ਨ ਹਰਕਿਰਨ ਸਿੰਘ, ਐਸ ਡੀ ਓ ਅਮਿਤੋਜ, ਇਕਬਾਲ ਸਿੰਘ, ਹਰਪ੍ਰੀਤ ਸਿੰਘ,ਮੁਹੱਲਾ ਨਿਵਾਸੀ ਤੇਜਿੰਦਰ, ਰਾਕੇਸ਼ ਮਲਿਕ, ਆਰ ਕੇ ਜਿੰਦਲ, ਸੀ ਐਸ ਵਿਰਕ, ਬਲਵਿੰਦਰ ਸਿੱਧੂ, ਪਰਮਜੀਤ ਸਿੰਘ ਅਤੇ ਹੋਰ ਨਿਵਾਸੀ ਸ਼ਾਮਿਲ ਹੋਏ।

# ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵਲੋਂ ਸੇਵਾ ਕੇਂਦਰ ਤੇ ਫਰਦ ਕੇਂਦਰ ਦਾ ਅਚਨਚੇਤ ਨਿਰੀਖਣ

## ਲੋਕਾਂ ਨੂੰ ਸਮਬੱਧ ਤੇ ਪਾਰਦਰਸ਼ੀ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ 'ਚ ਕੋਈ ਕੁਤਾਹੀ ਬਰਦਾਸ਼ਤ ਨਹੀਂ : ਡਾ. ਪ੍ਰੀਤੀ ਯਾਦਵ



ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਫ਼ਰਦ ਕੇਂਦਰ ਦਾ ਜਾਇਜ਼ਾ ਲੈਂਦੇ ਹੋਏ।

**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਸਵੇਰੇ ਸੇਵਾ ਕੇਂਦਰ ਅਤੇ ਫਰਦ ਕੇਂਦਰ ਦਾ ਅਚਨਚੇਤ ਨਿਰੀਖਣ ਕੀਤਾ। ਉਨ੍ਹਾਂ ਨੇ ਇੱਥੇ ਆਪਣੇ ਕੰਮ ਕਰਵਾਉਣ ਲਈ ਆਏ ਨਾਗਰਿਕਾਂ ਤੋਂ ਫੀਡਬੈਕ ਵੀ ਪ੍ਰਾਪਤ ਕੀਤੀ ਤਾਂ ਕਿ ਉਨ੍ਹਾਂ ਨੂੰ ਸਮਾਂਬੱਧ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਮਬੱਧ ਤੇ ਪਾਰਦਰਸ਼ੀ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ 'ਚ ਕੋਈ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਵਸਨੀਕਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਸਮਾਂਬੱਧ ਢੰਗ ਨਾਲ ਤੇ ਪਾਰਦਰਸ਼ੀ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਪਰੰਤੂ ਜੇਕਰ ਕਿਸੇ ਨਾਗਰਿਕ ਨੂੰ ਆਪਣਾ ਕੰਮ ਕਰਵਾਉਣ ਲਈ ਕਿਸੇ ਕਿਸਮ ਦੀ ਕੋਈ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਹ ਬਿਨ੍ਹਾਂ ਝਿਜਕ ਡਿਪਟੀ ਕਮਿਸ਼ਨਰ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਹ ਅਜਿਹੀ ਚੈਕਿੰਗ ਲਗਾਤਾਰ ਜਾਰੀ ਰੱਖਣਗੇ ਤਾਂ ਕਿ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਖੱਜਲ ਖੁਆਰੀ ਤੋਂ ਬਚਾਇਆ ਜਾ ਸਕੇ।

ਉਨ੍ਹਾਂ ਨੇ ਇਸ ਮੌਕੇ ਸੇਵਾ ਕੇਂਦਰ ਤੇ ਫ਼ਰਦ ਕੇਂਦਰ ਦੇ ਸਟਾਫ ਨੂੰ ਨਿਰਦੇਸ਼ ਦਿੱਤੇ ਕਿ ਇੱਥੇ ਆਪਣੇ ਕੰਮਾਂ ਕਾਰਾਂ ਲਈ ਆਉਣ ਵਾਲੇ ਲੋਕਾਂ ਨੂੰ ਕੋਈ ਦਿੱਕਤ ਨਾ ਆਉਣ ਦਿੱਤੀ ਜਾਵੇ ਅਤੇ ਉਨ੍ਹਾਂ ਨੂੰ ਸਹੀ ਢੰਗ ਨਾਲ ਜਾਣਕਾਰੀ ਪ੍ਰਦਾਨ ਕੀਤੀ ਜਾਵੇ ਅਤੇ ਲੋਕਾਂ ਦੇ ਕੰਮ ਤੁਰੰਤ ਕਰਨੇ ਵੀ ਯਕੀਨੀ ਬਣਾਏ ਜਾਣ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਉਨ੍ਹਾਂ ਨੇ ਅੱਜ ਲੋਕਾਂ ਨਾਲ ਗੱਲਬਾਤ ਕੀਤੀ ਹੈ ਅਤੇ ਉਨ੍ਹਾਂ ਦੀ ਫੀਡਬੈਕ ਵੀ ਹਾਸਲ ਕੀਤੀ ਹੈ ਪਰੰਤੂ ਕਿਸੇ ਨੇ ਵੀ ਕੋਈ ਸ਼ਿਕਾਇਤ ਨਹੀਂ ਕੀਤੀ ਸਗੋਂ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਹੀ ਕੀਤੀ ਹੈ।

# ਨਾਟਕਾਂ ਰਾਹੀਂ ਪਿੰਡਾਂ ਵਿੱਚ ਲੋਕਾਂ ਨੂੰ ਕੀਤਾ ਜਾਵੇਗਾ ਨਸ਼ਿਆਂ ਵਿਰੁੱਧ ਜਾਗਰੂਕ : ਐਸ ਕੇ ਨਾਰੰਗ



**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਭਾ ਪਾਵਰ ਲਿਮਿਟਡ ਰਾਜਪੁਰਾ ਵਿਖੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਅਤੇ ਨੌਜਵਾਨਾਂ ਦੇ ਨਾਲ ਨਸ਼ਿਆਂ ਵਿਰੋਧੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਇਸ ਪ੍ਰੋਗਰਾਮ ਵਿੱਚ ਐਸ ਕੇ ਨਾਰੰਗ ਪਲਾਂਟ ਹੈੱਡ ਨਾਭਾ ਪਾਵਰ ਲਿਮਿਟਡ ਵੱਲੋਂ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਗਈ। ਇਸ ਮੌਕੇ ਜਿੱਥੇ ਨਾਭਾ ਪਾਵਰ ਲਿਮਿਟਡ ਵੱਲੋਂ ਪਿੰਡਾਂ ਵਿੱਚ ਕੀਤੇ ਜਾ ਰਹੇ ਸਮਾਜ ਭਲਾਈ ਦੇ ਕੰਮਾਂ ਅਤੇ ਖਾਸ ਕਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਹਿੱਤ ਕੀਤੇ ਜਾ ਰਹੇ ਉਪਰਾਲਿਆਂ ਦੀ ਜਾਣਕਾਰੀ ਆਏ ਹੋਏ ਮਹਿਮਾਨਾਂ, ਪੰਚਾਂ, ਸਰਪੰਚਾਂ ਅਤੇ ਨੌਜਵਾਨਾਂ ਨਾਲ ਸਾਂਝੀ ਕੀਤੀ ਗਈ। ਕ੍ਰਾਂਤੀ ਕਲਾ ਮੰਚ ਰੋਪੜ ਤੋਂ ਆਈ ਟੀਮ ਵੱਲੋਂ ਅਵਿੰਦਰ ਸਿੰਘ ਦੀ ਅਗਵਾਈ ਹੇਠ ਨਸ਼ਿਆਂ ਕਾਰਨ ਪੰਜਾਬ ਵਿੱਚ ਖਤਮ ਹੋ ਰਹੇ ਘਰੇਲੂ ਰਿਸ਼ਤਿਆਂ ਸਬੰਧੀ ਬੜਾ ਹੀ ਦਿਲ ਟੁੰਬਵਾਂ ਨਾਟਕ ÷ਦਮ ਤੋੜਦੇ ਰਿਸ਼ਤੇ÷ ਪੇਸ਼ ਕੀਤਾ ਗਿਆ।ਇਸ ਮੌਕੇ ਬੋਲਦਿਆਂ ਪਲਾਂਟ ਹੈੱਡ ਐਸ ਕੇ ਨਾਰੰਗ ਨੇ ਕਿਹਾ ਕਿ ਨਾਭਾ ਪਾਵਰ ਲਿਮਿਟਡ ਵੱਲੋਂ ਪਿੰਡਾਂ ਵਿੱਚ ਸਮੇਂ-ਸਮੇਂ ਜਾਗਰੂਕਤਾ ਮੁਹਿੰਮਾਂ ਦਾ ਆਯੋਜਨ ਕੀਤਾ ਜਾਂਦਾ ਹੈ ਤੇ ਅਜੋਕੇ ਹਾਲਾਤ ਵਿੱਚ ਜਦੋਂ ਪੰਜਾਬ ਵਿੱਚ ਨਸ਼ਿਆ ਰੂਪੀ ਇੱਕ ਦੈਂਤ ਆਪਣਾ ਪੈਰ ਪਸਾਰ ਚੁੱਕਾ ਹੈ ਤਾਂ ਨਾਭਾ ਪਾਵਰ ਲਿਮਿਟਡ ਵੱਲੋਂ ਨਾਟਕਾਂ ਦੇ ਮਾਧਿਅਮ ਰਾਹੀਂ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਉਹਨਾਂ ਕਿਹਾ ਨਾਟਕ ਇੱਕ ਅਜਿਹਾ ਮਾਧਿਅਮ ਹੈ ਜੋ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਇੱਕ ਅਹਿਮ ਕੜੀ ਸਾਬਤ ਹੋ ਸਕਦਾ ਹੈ। ਇਸ ਮੌਕੇ ਨਾਭਾ ਪਾਵਰ ਲਿਮਿਟਡ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਸੰਬੰਧੀ ਲਿਟਰੇਚਰ ਵੀ ਵੰਡਿਆ ਗਿਆ। ਵੱਖ-ਵੱਖ ਪਿੰਡਾਂ ਤੋਂ ਆਏ ਪੰਚਾਂ ਸਰਪੰਚਾਂ ਅਤੇ ਨੌਜਵਾਨਾਂ ਵੱਲੋਂ ਨਾਭਾ ਪਾਵਰ ਲਿਮਿਟਡ ਦੇ ਇਸ ਉਪਰਾਲੇ ਦੀ ਬੇਹਦ ਸਲਾਘਾ ਕੀਤੀ ਗਈ ਅਤੇ ਭਵਿੱਖ ਵਿੱਚ ਆਪਣੇ ਆਪਣੇ ਪਿੰਡਾਂ ਵਿੱਚ ਅਜਿਹੇ ਜਾਗਰੂਕਤਾ ਪ੍ਰੋਗਰਾਮਾਂ ਨੂੰ ਆਯੋਜਿਤ ਕਰਨ ਦਾ ਭਰੋਸਾ ਵੀ ਦਿਵਾਇਆ ਗਿਆ।

# ਭਗਤ ਸਿੰਘ ਦਾ 117ਵਾਂ ਜਨਮ ਦਿਨ ਖੂਨ ਦਾਨ ਕੈਂਪ ਲਗਾ ਕੇ ਮਨਾਇਆ



**ਧੂਰੀ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਸਥਾ ਪਰਿਵਰਤਨ ਮਾਲਵਾ ਫਰੈਂਡਜ਼ ਵੈਲਫੇਅਰ ਸੁਸਾਇਟੀ ਧੂਰੀ ਵੱਲੋਂ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਜੀ ਦੇ 117ਵੇਂ ਜਨਮ ਦਿਨ ਮੌਕੇ ਧੂਰੀ ਵਿਖੇ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ।

ਇਸ ਕੈਂਪ ਦਾ ਉਦਘਾਟਨ ਸ੍ਰੀ ਵਿਜੇ ਗੋਇਲ (ਰਾਈਸਿਲਾ ਗਰੁੱਪ) ਅਤੇ ਸ੍ਰੀ ਮੱਖਣ ਲਾਲ ਗਰਗ (ਸਮਾਜ ਸੇਵੀ ) ਵੱਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਇਸ ਮੌਕੇ ਕਿਰਪਾਲ ਸਿੰਘ ਸਿਵਲ ਸਰਜਨ ਸੰਗਰੂਰ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਅਤੇ ਕੈਂਪ ਮੌਕੇ ਹਾਜ਼ਰ ਰਹੇ। ਇਸ ਕੈਂਪ ਮੌਕੇ 250 ਤੋਂ ਜਿਆਦਾ ਖੂਨਦਾਨੀਆਂ ਵੱਲੋਂ ਖੂਨ ਦਾਨ ਕੀਤਾ ਗਿਆ। ਕੈਂਪ ਵਿੱਚ ਸਰਕਾਰੀ ਹਸਪਤਾਲ ਸੰਗਰੂਰ ਬਲੱਡ ਬੈਂਕ ਦੀ ਟੀਮ ਅਤੇ ਮਿੱਤਲ ਬਲੱਡ ਬੈਂਕ ਸੰਗਰੂਰ ਦੀ ਟੀਮ ਵੱਲੋਂ ਖੂਨ ਇਕੱਠਾ ਕੀਤਾ ਗਿਆ।

ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਖੂਨਦਾਨ ਕਰਨਾ ਚਾਹੀਦਾ ਹੈ ਤਾਂ ਜੋ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕੇ।

ਇਸ ਮੌਕੇ ਵਿਜੇ ਗੋਇਲ ਨੇ ਵੀ ਕਿਹਾ ਕਿ ਖੂਨਦਾਨ ਉਤਮ ਦਾਨ ਹੈ ਸਾਨੂੰ ਲੋਕਾਂ ਨੂੰ ਵੱਧ ਤੋਂ ਵੱਧ ਖੂਨਦਾਨ ਕਰਨਾ ਚਾਹੀਦਾ ਹੈ ਇਸ ਮੌਕੇ ਕੈਂਪ ਵਿੱਚ ਡਾਕਟਰ ਰੁਪਿੰਦਰ ਗਰਗ,ਅਵਨੀਸ਼ ਰਾਣਾ ਵੱਲੋਂ ਵੀ ਸ਼ਿਰਕਤ ਕੀਤੀ ਗਈ। ਇਸ ਮੌਕੇ ਤੇ ਸੰਸਥਾ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਡਿੰਪੀ ਵੱਲੋਂ ਆਏ ਮਹਿਮਾਨਾਂ ਦਾ ਸਨਮਾਨ ਵੀ ਕੀਤਾ ਗਿਆ, ਇਸ ਕੈਂਪ ਦੇ ਵਿੱਚ ਲਾਈਫ ਗਾਰਡ ਨਾਰਸਿੰਗ ਇੰਸਟੀਟਿਊਟ,ਦੇਸ਼ ਭਗਤ ਕਾਲਜ ਬਰੜਵਾਲ, ਗੋਲਡਨ ਬੈਲਜ ਸਕੂਲ ਧੂਰੀ , ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਵਾਰਾ,ਸਰਕਾਰੀ ਮਿਡਲ ਸਕੂਲ ਰਟੋਲਾ,ਸਰਕਾਰੀ ਸਕੈਂਡਰੀ ਸਕੂਲ ਧੂਰੀ ਪਿੰਡ ਦੇ ਵੰਲਟੀਅਰਾਂ ਵਲੋਂ ਵਿਸ਼ੇਸ਼ ਯੋਗਦਾਨ ਦਿੱਤਾ ਗਿਆ ਜਿਨ੍ਹਾਂ ਦਾ ਖੂਨਦਾਨ ਕੈਂਪ ਵਿੱਚ ਯੋਗਦਾਨ ਲਈ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਨੈਸ਼ਨਲ ਰਿਸੀ ਇਸ ਮੌਕੇ ਜਗਰੂਪ ਸਿੰਘ,ਗੁਰਤੇਜ ਸਿੰਘ, ਜਸਵਿੰਦਰ ਕੁਮਾਰ, ਪੁਨੀਤ ਗੋਇਲ, ਸੁਖਜੀਤ ਕੌਰ, ਜਸਵਿੰਦਰ ਸਿੰਘ , ਅਮਨਦੀਪ ਕੌਰ, ਰੀਟਾ ਗੋਇਲ, ਕਿਰਨ ਬਾਲਾ, ਦੀਪੀਕਾ ਸ਼ਰਮਾ, ਰਿਜ਼ੂ ਸ਼ਰਮਾ, ਜੋਗਿੰਦਰ ਸਿੰਘ , ਸਰੇਸ਼ ਰਾਧੇ, ਸੁੰਦਰ ਲਾਲ, ਕਮਲ ਸ਼ਰਮਾ, ਸੁਖਬੀਰ ਸਿੰਘ, ਸੁਖਪਾਲ ਸਿੰਘ ਆਦਿ ਮੈਂਬਰ ਨੇ ਕੈਂਪ ਨੂੰ ਸਫਲ ਬਣਾਉਣ ਲਈ ਵਿਸ਼ੇਸ਼ ਯੋਗਦਾਨ ਦਿੱਤਾ।

# ਪਟਿਆਲਾ ਜ਼ਿਲ੍ਹੇ ਦੀਆਂ ਮੰਡੀਆਂ 'ਚ ਸ਼ੁਰੂ ਹੋਈ ਝੋਨੇ ਦੀ ਖਰੀਦ, ਪ੍ਰਬੰਧ ਮੁਕੰਮਲ

## ਪਟਿਆਲਾ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ 'ਚ ਝੋਨੇ ਦੀ ਖਰੀਦ ਦੇ ਪੁਖ਼ਤਾ ਪ੍ਰਬੰਧ : ਡਾ. ਪ੍ਰੀਤੀ ਯਾਦਵ



**ਰਾਜਪੁਰਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਦੀਆਂ ਮੰਡੀਆਂ 'ਚ ਅੱਜ ਤੋਂ ਝੋਨੇ ਦੀ ਖਰੀਦ ਸ਼ੁਰੂ ਹੋਵੇਗੀ ਤੇ ਜ਼ਿਲ੍ਹੇ ਦੀਆਂ 109 ਮੰਡੀਆਂ 'ਚ ਖਰੀਦ ਪ੍ਰਬੰਧ ਪੂਰੇ ਕਰ ਲਏ ਗਏ ਹਨ। ਇਹ ਪ੍ਰਗਟਾਵਾਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਝੋਨੇ ਦੇ ਖਰੀਦ ਪ੍ਰਬੰਧਾਂ ਜਾਇਜ਼ਾ ਲੈਣ ਲਈ ਰਾਜਪੁਰਾ ਅਨਾਜ ਮੰਡੀ ਦਾ ਦੌਰਾ ਕਰਦਿਆਂ ਕੀਤਾ।

ਇਸ ਮੌਕੇ ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਪਟਿਆਲਾ ਜ਼ਿਲ੍ਹੇ 'ਚ ਸਭ ਤੋਂ ਪਹਿਲਾਂ ਝੋਨੇ ਦੀ ਆਮਦ ਰਾਜਪੁਰਾ ਵਿਖੇ ਸ਼ੁਰੂ ਹੁੰਦੀ ਹੈ, ਇਸ ਲਈ ਉਨ੍ਹਾਂ ਰਾਜਪੁਰਾ ਮੰਡੀ ਦਾ ਦੌਰਾ ਕਰਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਜ਼ਿਲ੍ਹੇ 'ਚ 109 ਮੰਡੀਆਂ ਤੇ 126 ਆਰਜ਼ੀ ਯਾਰਡ ਬਣਾਏ ਗਏ ਹਨ ਤੇ ਸਭ ਵਿੱਚ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਨੇ ਇਸ ਮੌਕੇ ਕਿਸਾਨਾਂ ਤੇ ਆੜ੍ਹਤੀਆ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਵੀ ਗੱਲਬਾਤ ਕੀਤੀ।

ਰਾਜਪੁਰਾ ਮੰਡੀ ਵਿਖੇ ਦੌਰਾ ਕਰਦਿਆਂ ਡਾ. ਪ੍ਰੀਤੀ ਯਾਦਵ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜਿਣਸ ਮੰਡੀਆਂ ਵਿੱਚ ਸੁਕਾ ਕੇ ਹੀ ਨਮੀ ਦੇ ਤੈਅ ਮਾਪਦੰਡਾਂ ਮੁਤਾਬਕ ਹੀ ਲੈਕੇ ਆਉਣ ਤਾਂ ਕਿ ਉਨ੍ਹਾਂ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਕਰਨ ਲਈ ਪਿਛਲੇ ਸਾਲ ਕੀਤੇ ਸਹਿਯੋਗ ਲਈ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਵਾਰ ਵੀ ਕਿਸਾਨ ਜ਼ਿਲ੍ਹਾ ਪ੍ਰਸ਼ਾਸਨ ਨਾਲ ਪੂਰਾ ਸਹਿਯੋਗ ਕਰਦੇ ਹੋਏ ਪਰਾਲੀ ਪ੍ਰਬੰਧਨ ਕਰਨਗੇ। ਉਨ੍ਹਾਂ ਕਿਹਾ ਕਿ ਇਸ ਵਾਰ ਪਿਛਲੇ ਸਾਲ ਨਾਲੋਂ ਜ਼ਿਆਦਾ ਮਸ਼ੀਨਰੀ ਹੈ ਤੇ ਇਹ ਕੋਸ਼ਿਸ਼ ਵੀ ਕੀਤੀ ਜਾਵੇਗੀ ਕਿ ਹਰ ਕਿਸਾਨ ਤੱਕ ਸਮੇਂ ਸਿਰ ਮਸ਼ੀਨਰੀ ਪੁੱਜਦੀ ਕੀਤੀ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਦੀਆਂ ਮੰਡੀਆਂ 'ਚ ਮੰਡੀਆਂ 'ਚ ਸਫ਼ਾਈ, ਪੀਣ ਵਾਲੇ ਪਾਣੀ ਦੇ ਪ੍ਰਬੰਧ, ਬਾਥਰੂਮਾਂ ਦੀ ਸਫ਼ਾਈ, ਲਾਈਟਾਂ, ਪੱਖੇ, ਤਰਪਾਲਾਂ ਤੇ ਹੋਰ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਜਾ ਚੁੱਕੇ ਹਨ ਤਾਂ ਕਿ ਆਪਣੀ ਜਿਣਸ ਵੇਚਣ ਲਈ ਮੰਡੀਆਂ ਵਿਖੇ ਲੈਕੇ ਆਉਣ ਵਾਲੇ ਕਿਸਾਨਾਂ ਨੂੰ ਕੋਈ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਮੰਡੀਆਂ ਵਿੱਚ ਕੰਮ ਕਰਦੀ ਲੇਬਰ ਨੂੰ ਵੀ ਕੋਈ ਦਿੱਕਤ ਨਾ ਆਵੇ।

ਡਾ. ਪ੍ਰੀਤੀ ਯਾਦਵ ਨੇ ਕੁਦਰਤ ਦੀ ਮਿਹਰਬਾਨੀ ਸਦਕਾ ਜ਼ਿਲ੍ਹੇ ਵਿੱਚ ਝੋਨੇ ਦੀ ਫ਼ਸਲ ਬੰਪਰ ਹੋਵੇਗੀ ਅਤੇ ਪੂਰੇ ਸੀਜ਼ਨ ਦੌਰਾਨ 14.04 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ ਹੈ, ਜਿਸ ਲਈ ਬਾਰਦਾਨਾ, ਟ੍ਰਾਂਸਪੋਰਟ, ਭੰਡਾਰਨ ਸਮੇਤ ਲੋੜੀਂਦੇ ਪ੍ਰਬੰਧ ਵੀ ਮੁਕੰਮਲ ਕੀਤੇ ਗਏ ਹਨ।

# 15 ਹਜ਼ਾਰ ਤੋਂ ਵੱਧ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਖੇਡਾਂ 'ਚ ਲਿਆ ਹਿੱਸਾ : ਜ਼ਿਲ੍ਹਾ ਖੇਡ ਅ਼ਫਸਰ



**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਦੇ ਚੱਲ ਰਹੇ ਜ਼ਿਲ੍ਹਾ ਪੱਧਰੀ ਮੁਕਾਬਲੇ ਅੱਜ ਸੰਪੰਨ ਹੋ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅ਼ਫਸਰ ਹਰਪਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਦੇ 23 ਸਤੰਬਰ ਤੋਂ ਸ਼ੁਰੂ ਹੋਏ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ 15 ਹਜ਼ਾਰ ਤੋਂ ਵੱਧ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦੇ ਜੌਹਰ ਦਿਖਾਏ ਹਨ।

ਜ਼ਿਲ੍ਹਾ ਖੇਡ ਅ਼ਫਸਰ ਨੇ ਕਿਹਾ ਕਿ ਵਿਭਾਗ ਦੇ ਕੋਚਿਜ, ਦਫ਼ਤਰੀ ਸਟਾਫ਼, ਖੇਡ ਵਿਭਾਗ ਦੇ ਅਧਿਆਪਕਾਂ ਅਤੇ ਹਰ ਸਬੰਧਤ ਵਿਭਾਗ ਦੇ ਕਰਮਚਾਰੀਆਂ ਦੀ ਮਿਹਨਤ ਅਤੇ ਸਹਿਯੋਗ ਸਦਕਾ ਹੀ ਇਹ ਖੇਡਾਂ ਵਧੀਆਂ ਅਤੇ ਸਫਲਤਾਪੂਰਵਕ ਢੰਗ ਨਾਲ ਨੇਪਰੇ ਚੜ੍ਹੀਆਂ ਹਨ। ਇਸ ਦੇ ਲਈ ਉਨ੍ਹਾਂ ਨੇ ਸਭ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਖੇਡਾਂ ਕਰਵਾਉਣੀਆਂ ਸਰਕਾਰ ਦਾ ਬਹੁਤ ਵਧੀਆ ਉਪਰਾਲਾ ਹੈ ਜਿਸ ਨਾਲ ਸਾਡੇ ਨੌਜਵਾਨ ਜਿਥੇ ਨਸ਼ਿਆਂ ਜਿਹੀ ਭੈੜੀ ਲਾਹਨਤ ਤੋਂ ਦੂਰ ਰਹਿੰਦੇ ਹਨ, ਉਥੇ ਸਰੀਰਕ ਪੱਖੋਂ ਵੀ ਮਜ਼ਬੂਤ ਹੁੰਦੇ ਹਨ ਅਤੇ ਬਜ਼ੁਰਗਾਂ ਲਈ ਤਾਂ ਇਹ ਖੇਡਾਂ ਤੰਦਰੁਸਤੀ ਅਤੇ ਨਵੀਂ ਚੇਤਨਾ ਅਤੇ ਉਤਸ਼ਾਹ ਲੈ ਕਿ ਆਉਂਦੀਆਂ ਹਨ।

ਉਨ੍ਹਾਂ ਆਖਰੀ ਦਿਨ ਹੋਏ ਮੁਕਾਬਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਲੀਬਾਲ (ਸਮੈਸਿੰਗ) 21-30 ਸਾਲ ਦੇ ਉਮਰ ਵਰਗ ਦੇ ਮੈਨ ਖੇਡ ਮੁਕਾਬਲਿਆਂ ਵਿੱਚ ਸਮਾਣਾ ਦੀ ਟੀਮ ਨੇ ਪਹਿਲਾ ਨਾਭਾ ਦੀ ਟੀਮ ਨੇ ਦੂਜਾ ਅਤੇ ਕੋਚਿੰਗ ਸੈਂਟਰ ਪਟਿਆਲਾ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 40-50 ਅਤੇ 50-60 ਉਮਰ ਵਰਗ ਮੈਨ ਵਿੱਚ ਕੋਚਿੰਗ ਸੈਂਟਰ ਪਟਿਆਲਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।

ਸਾਫਟਬਾਲ ਮੁਕਾਬਲਿਆਂ ਵਿੱਚ ਅੰਡਰ-17 ਲੜਕਿਆਂ ਵਿੱਚ ਸ਼ੁਤਰਾਣਾ ਦੀ ਟੀਮ ਨੇ ਜਸਦੇਵ ਸਿੰਘ ਸੰਧੂ ਟੀਮ ਦੀ ਟੀਮ ਨੂੰ 6-4 ਦੇ ਫ਼ਰਕ ਨਾਲ, ਇਸ ਤਰ੍ਹਾਂ ਸ.ਹ.ਸ ਰਾਏਪੁਰ ਨੇ ਸ.ਸ.ਸ.ਸ ਭਾਂਖਰ ਨੂੰ 8-6 ਦੇ ਫ਼ਰਕ ਨਾਲ ਹਰਾ ਕਿ ਜਿੱਤ ਹਾਸਲ ਕੀਤੀ। ਅੰਡਰ-21 ਵਿੱਚ ਸ.ਸ.ਸ.ਸ ਸ਼ੁਤਰਾਣਾ ਨੇ ਆਲਮਪੁਰ ਕਬੱਡੀ ਕਲੱਬ ਨੂੰ 11-0 ਦੇ ਭਾਰੀ ਫ਼ਰਕ ਨਾਲ ਹਰਾ ਕਿ ਜਿੱਤ ਹਾਸਲ ਕੀਤੀ। ਸ.ਸ.ਸ.ਸ ਭਾਖਰ ਨੇ ਪਲੇਅ ਵੇਅ ਸਕੂਲ ਨੂੰ 10-0 ਦੇ ਫ਼ਰਕ ਨਾਲ ਹਰਾ ਕਿ ਭਾਰੀ ਜਿੱਤ ਹਾਸਲ ਕੀਤੀ।

# ਜ਼ਿਲ੍ਹੇ ਵਿੱਚੋਂ ਕਰੀਬ 03 ਲੱਖ ਮੀਟ੍ਰਿਕ ਟਨ ਪਰਾਲੀ ਚੁੱਕਣਗੀਆਂ ਸਨਅਤੀ ਇਕਾਈਆਂ: ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ



**ਫਤਹਿਗੜ੍ਹ ਸਾਹਿਬ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਰਾਲੀ ਦੀ ਸਾਂਭ ਸੰਭਾਲ ਵਿੱਚ ਸਨਅਤੀ ਇਕਾਈਆਂ ਦਾ ਵੱਡਾ ਰੋਲ ਹੈ, ਜਿਸ ਤਹਿਤ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਚਲੀਆਂ ਪਰਾਲੀ ਅਧਾਰਤ ਸਨਅਤੀ ਇਕਾਈਆਂ ਵੱਲੋਂ ਜ਼ਿਲ੍ਹੇ ਦੇ ਖੇਤਾਂ ਵਿੱਚੋਂ ਕਰੀਬ 03 ਲੱਖ ਮੀਟ੍ਰਿਕ ਟਨ ਪਰਾਲੀ ਚੁੱਕੀ ਜਾਵੇਗੀ, ਜਿਹੜੀ ਕਿ ਸਨਅਤੀ ਇਕਾਈਆਂ ਵੱਲੋਂ ਆਪਣੇ ਪਲਾਂਟਾਂ ਵਿੱਚ ਵਰਤੀ ਜਾਵੇਗੀ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਆਪਣੇ ਦਫਤਰ ਵਿਖੇ ਵੱਖੋ-ਵੱਖ ਸਨਅਤੀ ਇਕਾਈਆਂ ਦੇ ਨੁਮਾਇੰਦਿਆਂ ਨਾਲ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਮੀਟਿੰਗ ਕਰਨ ਉਪਰੰਤ ਸਾਂਝੀ ਕੀਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ ਮੁੱਖ ਤੌਰ 'ਤੇ 6 ਸਨਅਤੀ ਯੂਨਿਟ ਹਨ, ਜਿਹੜੇ ਕਿ ਪਰਾਲੀ ਦੀ ਵਰਤੋਂ ਕਰਦੇ ਹਨ। ਇਹਨਾਂ ਯੂਨਿਟਾਂ ਵੱਲੋਂ ਪਿਛਲੇ ਸਾਲ ਇਕੱਤਰ ਕੀਤੀ ਗਈ ਪਰਾਲੀ ਦੇ ਮੁਕਾਬਲੇ ਇਸ ਸਾਲ ਵੱਧ ਪਰਾਲੀ ਇਕੱਤਰ ਕਰਨ ਦਾ ਟੀਚਾ ਮਿੱਥਿਆ ਗਿਆ ਹੈ। ਇਸ ਨਾਲ ਕਿਸਾਨਾਂ ਨੂੰ ਪਰਾਲੀ ਦੀ ਸਾਂਭ ਸੰਭਾਲ ਵਿੱਚ ਵੱਡੀ ਮਦਦ ਮਿਲੇਗੀ ਅਤੇ ਜ਼ਿਲ੍ਹੇ ਵਿੱਚ ਜ਼ੀਰੋ ਬਰਨਿੰਗ ਦਾ ਟੀਚਾ ਹਾਸਲ ਕੀਤਾ ਜਾ ਸਕੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ਼੍ਰੀ ਗਣੇਸ਼ ਐਡੀਵਲਜ਼ ਪ੍ਰਾਈਵੇਟ ਲਿਮਟਡ, ਪਿੰਡ ਸ਼ਾਹਪੁਰ, ਅਮਲੋਹ ਵੱਲੋਂ ਕਰੀਬ 1.5 ਲੱਖ ਮੀਟ੍ਰਿਕ ਟਨ ਪਰਾਲੀ ਇਕੱਠੀ ਕਰਨ ਦਾ ਟੀਚਾ ਮਿਥਿਆ ਗਿਆ ਹੈ।

ਇਸੇ ਤਰ੍ਹਾਂ ਸ਼੍ਰੀ ਰਾਮ ਪੈਨਲਜ਼ ਪ੍ਰਾਈਵੇਟ ਲਿਮਟਡ ਅਮਲੋਹ ਵੱਲੋਂ 30 ਹਜ਼ਾਰ ਮੀਟ੍ਰਿਕ ਟਨ, ਸੰਜੀਵ ਆਇਲਜ਼ ਐਂਡ ਫੈਟਸ ਅਮਲੋਹ ਵੱਲੋਂ 12 ਹਜ਼ਾਰ ਮੀਟ੍ਰਿਕ ਟਨ, ਟਿਵਾਣਾ ਆਇਲ ਮਿਲਜ਼ ਪ੍ਰਾਈਵੇਟ ਲਿਮਟਡ ਸਰਹਿੰਦ ਵੱਲੋਂ 11 ਹਜ਼ਾਰ ਮੀਟ੍ਰਿਕ ਟਨ, ਐਸ.ਏ.ਈ.ਐਲ. ਲਿਮਟਡ, ਪਿੰਡ ਦਯਾਗੜ੍ਹ ਵੱਲੋਂ 20 ਹਜ਼ਾਰ ਮੀਟ੍ਰਿਕ ਟਨ, ਸਿਟੀਜ਼ ਇਨੋਵੇਟਿਵ ਬਾਇਓ ਫਿਊਲਜ਼ ਪ੍ਰਾਈਵੇਟ ਲਿਮਟਡ, ਸਰਹਿੰਦ ਵੱਲੋਂ 30 ਹਜ਼ਾਰ ਮੀਟ੍ਰਿਕ ਟਨ ਪਰਾਲੀ ਇਕੱਤਰ ਕਰਨ ਦਾ ਟੀਚਾ ਮਿੱਥਿਆ ਗਿਆ ਹੈ।

ਮੀਟਿੰਗ ਦੌਰਾਨ ਸਨਅਤੀ ਇਕਾਈਆਂ ਦੇ ਨੁਮਾਇੰਦਿਆਂ ਵੱਲੋਂ ਇਕੱਤਰ ਕੀਤੀ ਪਰਾਲੀ ਰੱਖਣ ਲਈ ਥਾਂ, ਸੜਕਾਂ, ਪਰਾਲੀ ਨੂੰ ਢੱਕਣ ਲਈ ਤਰਪਾਲਾਂ ਅਤੇ ਬਿਜਲੀ ਸਬੰਧੀ ਦਿੱਕਤਾਂ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ, ਜਿਨ੍ਹਾਂ ਦੇ ਹੱਲ ਦਾ ਡਿਪਟੀ ਕਮਿਸ਼ਨਰ ਵੱਲੋਂ ਭਰੋਸਾ ਦਿੱਤਾ ਗਿਆ ਤੇ ਸਬੰਧਤ ਵਿਭਾਗਾਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਾਤਾਵਰਨ ਪ੍ਰਦੂਸ਼ਣ ਕਾਰਨ ਹੋ ਰਹੇ ਮਨੁੱਖੀ ਸਿਹਤ ਦੇ ਨੁਕਸਾਨ ਦੇ ਮੱਦੇਨਜ਼ਰ ਸਭ ਲੋਕਾਂ ਦਾ ਇਹ ਫਰਜ਼ ਬਣਦਾ ਹੈ ਕਿ ਉਹ ਵਾਤਾਵਰਨ ਦੀ ਸੰਭਾਲ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਪਰਾਲੀ ਸਬੰਧੀ ਜ਼ੀਰੋ ਬਰਨਿੰਗ ਦਾ ਟੀਚਾ ਮਿੱਥਿਆ ਗਿਆ, ਜਿਸ ਨੂੰ ਹਰ ਹਾਲ ਸਰ ਕੀਤਾ ਜਾਵੇਗਾ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਗੀਤਿਕਾ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਨੁਮਾਇੰਦੇ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਨੇ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨਾਲ ਮਿਲ ਕੇ ਵੱਖ-ਵੱਖ ਪਿੰਡਾਂ ਦਾ ਕੀਤਾ ਦੌਰਾ



**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨਾਲ ਸਿੱਧਾ ਰਾਬਤਾ ਕਰਦਿਆਂ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕੀਤਾ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਉਨ੍ਹਾਂ ਪਿੰਡ ਦਦਹੇੜੀਆ ਤੇ ਫ਼ਤਿਹਪੁਰ ਵਿਖੇ ਬੇਲਰ ਨਾਲ ਗੰਢਾ ਬਣਾਉਣ ਦਾ ਜਾਇਜ਼ਾ ਵੀ ਲਿਆ।

ਪਟਿਆਲਾ ਜ਼ਿਲ੍ਹੇ ਦੇ ਪਿੰਡ ਗੰਢਾ ਖੇੜੀ, ਖਾਨਪੁਰ, ਦਦਹੇੜੀਆ ਤੇ ਫਤਿਹਪੁਰ ਦਾ ਦੌਰਾ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਕਰਨ ਲਈ ਪੂਰੀ ਮਸ਼ੀਨਰੀ ਉਪਲਬਧ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁਹੱਈਆ ਕਰਵਾਈ ਜਾਂਦੀ ਮਸ਼ੀਨਰੀ ਦੀ ਪੂਰੀ ਸਮਰੱਥਾ ਨਾਲ ਵਰਤੋਂ ਕਰਨ ਤੇ ਆਪਸੀ ਤਾਲ ਮੇਲ ਨਾਲ ਪਰਾਲੀ ਪ੍ਰਬੰਧਨ ਦੇ ਕੰਮ ਨੂੰ ਨੇਪਰੇ ਚਾੜਨ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਪਰਾਲੀ ਨੂੰ ਅੱਗ ਲਗਾ ਕੇ ਖਤਮ ਕਰਨਾ ਕੋਈ ਸਮੱਸਿਆ ਦਾ ਹੱਲ ਨਹੀਂ ਹੈ। ਇਸ ਨਾਲ ਅਸੀਂ ਖੇਤਾਂ ਨੂੰ ਤਾਂ ਰਹਿੰਦ ਖੂੰਹਦ ਤੋਂ ਖਾਲੀ ਕਰ ਦਿੰਦੇ ਹਾਂ, ਪਰ ਵਾਤਾਵਰਣ ਨੂੰ ਦੂਸ਼ਿਤ ਕਰਕੇ ਆਪਣੇ ਆਪ ਨੂੰ ਤੇ ਆਪਣੇ ਪਰਿਵਾਰ ਨੂੰ ਕਈ ਬਿਮਾਰੀਆਂ ਦਾ ਸ਼ਿਕਾਰ ਬਣਾ ਲੈਂਦੇ ਹਾਂ। ਉਨ੍ਹਾਂ ਕਿਹਾ ਕਿ ਜਦ ਸਾਡੇ ਕੋਲ ਪਰਾਲੀ ਪ੍ਰਬੰਧਨ ਲਈ ਤਕਨੀਕਾਂ ਮੌਜੂਦ ਹਨ ਤਾਂ ਸਾਨੂੰ ਇਨ੍ਹਾਂ ਤਕਨੀਕਾਂ ਦੀ ਵਰਤੋਂ ਕਰਨੀ ਚਾਹੀਦੀ ਹੈ, ਇਸ ਨਾਲ ਜਿਥੇ ਵਾਤਾਵਰਣ ਪਲੀਤ ਹੋਣ ਤੋਂ ਬਚਦਾ ਹੈ, ਉਥੇ ਹੀ ਜ਼ਮੀਨ ਦੀ ਉਪਜਾਊ ਸ਼ਕਤੀ ਵਧਦੀ ਹੈ ਤੇ ਖਾਦਾਂ ਦੀ ਵਰਤੋਂ 'ਚ ਵੀ ਕਮੀ ਆਉਦੀ ਹੈ।

ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਪਰਾਲੀ ਪ੍ਰਬੰਧਨ ਲਈ ਬੇਲਰ, ਸੁਪਰ ਸੀਡਰ, ਚੌਪਰ, ਸੁਪਰ ਐਸ.ਐਮ.ਐਸ ਤੇ ਹੈਪੀ ਸੀਡਰ ਵਰਗੀ ਮਸ਼ੀਨਰੀ ਉਪਲਬਧ ਹੈ ਤੇ ਕਿਸਾਨ ਇਸ ਦੀ ਵੱਧ ਤੋਂ ਵੱਧ ਵਰਤੋਂ ਕਰਕੇ ਪਰਾਲੀ ਦਾ ਨਿਪਟਾਰਾ ਇੰਨ ਸੀਟੂ ਤੇ ਐਕਸ ਸੀਟੂ ਤਕਨੀਕਾਂ ਨਾਲ ਕਰਨ। ਉਨ੍ਹਾਂ ਕਿਹਾ ਕਿ ਕਿਸਾਨ ਮਸ਼ੀਨਰੀ ਦੀ ਬੁਕਿੰਗ ਲਈ ਪੰਜਾਬ ਸਰਕਾਰ ਵੱਲੋਂ ਤਿਆਰ ਕੀਤੀ 'ਉੱਨਤ ਕਿਸਾਨ' ਐਪ ਦੀ ਵਰਤੋਂ ਕਰਨ। ਉਨ੍ਹਾਂ ਕਿਹਾ ਕਿ 'ਉੱਨਤ ਕਿਸਾਨ' ਐਪ 'ਤੇ ਜ਼ਿਲ੍ਹੇ ਦੀਆਂ ਸੀ.ਆਰ.ਐਮ. ਮਸ਼ੀਨਾਂ ਨੂੰ ਮੈਪ ਕੀਤਾ ਗਿਆ ਹੈ ਅਤੇ ਕਿਸਾਨ ਇਸ ਮੋਬਾਈਲ ਐਪਲੀਕੇਸ਼ਨ ਰਾਹੀਂ ਆਪਣੇ ਆਸ-ਪਾਸ ਉਪਲਬਧ ਮਸ਼ੀਨ ਆਸਾਨੀ ਨਾਲ ਬੁੱਕ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਮਸ਼ੀਨਾਂ ਦੀ ਬੁਕਿੰਗ ਪ੍ਰਕਿਰਿਆ ਵਿੱਚ ਕਿਸਾਨਾਂ ਦੀ ਸਹਾਇਤਾ ਲਈ ਨੋਡਲ ਅ਼ਫਸਰ ਤੇ ਵਿਲੇਜ਼ ਲੈਵਲ ਅ਼ਫਸਰ ਤਾਇਨਾਤ ਕੀਤੇ ਗਏ ਹਨ।

ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਕਿਸਾਨਾਂ ਨੂੰ ਡੀ.ਏ.ਪੀ. ਖਾਦ ਦੀ ਕੋਈ ਕਮੀ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਦਾ ਰੈਕ ਲੱਗਿਆ ਹੋਇਆ ਹੈ ਤੇ ਜ਼ਿਲ੍ਹੇ 'ਚ ਲੋੜ ਮੁਤਾਬਕ ਡੀ.ਏ.ਪੀ ਖਾਦ ਉਪਲਬਧ ਰਹੇਗੀ।

# ਸੈਨਿਕ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਵਿਖੇ ਕੰਪਿਊਟਰ ਸ਼ਾਰਟ ਟਰਮ ਕੋਰਸ 3 ਅਕਤੂਬਰ ਤੋਂ

**ਪਟਿਆਲਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅ਼ਫਸਰ ਵਿੰਗ ਕਮਾਂਡਰ ਗੁਰਪ੍ਰੀਤ ਸਿੰਘ (ਸੇਵਾਮੁਕਤ) ਨੇ ਕਿਹਾ ਕਿ ਅੱਜ ਦਾ ਯੁੱਗ ਕੰਪਿਊਟਰ ਦਾ ਯੁੱਗ ਹੋਣ ਕਾਰਨ ਰੁਜ਼ਗਾਰ ਲਈ ਕੰਪਿਊਟਰ ਸਿੱਖਿਆ ਬਹੁਤ ਜ਼ਰੂਰੀ ਹੋ ਗਈ ਹੈ। ਇਸ ਨੂੰ ਵੇਖਦੇ ਹੋਏ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਪਟਿਆਲਾ ਅਤੇ ਨੇੜਲੇ ਜ਼ਿਲ੍ਹਿਆਂ ਦੇ ਸਾਬਕਾ ਸੈਨਿਕਾਂ/ਵਿਧਵਾਵਾਂ, ਉਨ੍ਹਾਂ ਦੇ ਆਸ਼ਰਿਤਾਂ ਅਤੇ ਐਸ.ਸੀ./ਐਸ.ਟੀ/ਈ.ਡਬਲਿਊ.ਐਸ ਸ਼੍ਰੇਣੀ ਨਾਲ ਸਬੰਧਿਤ ਬੱਚਿਆਂ ਨੂੰ ਕੰਪਿਊਟਰ ਸਬੰਧੀ ਉਚੇਰੀ ਸਿੱਖਿਆ ਦੇਣ ਲਈ ਸੈਨਿਕ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਪਟਿਆਲਾ ਵਿਖੇ ਕੰਪਿਊਟਰ ਬੇਸਿਕ, ਪ੍ਰੋਗਰਾਮਿੰਗ ਇੰਨ ਸੀ, ਸੀ++, ਪ੍ਰੋਗਰਾਮਿੰਗ ਇੰਨ ਜਾਵਾ ਅਤੇ ਐਚ.ਟੀ.ਐਮ.ਐਲ ਦੇ ਕੋਰਸਾਂ ਦੀਆਂ ਕਲਾਸਾਂ ਮਿਤੀ 3 ਅਕਤੂਬਰ 2024 ਤੋਂ ਸ਼ੁਰੂ ਹੋ ਰਹੀਆਂ ਹਨ। ਕੰਪਿਊਟਰ ਦੀ ਉਚੇਰੀ ਸਿੱਖਿਆ ਲੈਣ ਦੇ ਚਾਹਵਾਨ ਵਿਦਿਆਰਥੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਕੋਰਸਾਂ ਵਿਚ ਦਾਖਲਾ ਲੈਣ ਲਈ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਪਟਿਆਲਾ, ਨੇੜੇ ਰੇਲਵੇ ਸਟੇਸ਼ਨ ਵਿਖੇ ਜਲਦੀ ਤੋਂ ਜਲਦੀ ਆਪਣੀ ਰਜਿਸਟਰੇਸ਼ਨ ਕਰਵਾਉਣ। ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਫ਼ੋਨ ਨੰਬਰ 0175-2361188 ਅਤੇ 7009509930 'ਤੇ ਕਿਸੇ ਵੀ ਕੰਮ-ਕਾਜ ਵਾਲੇ ਦਿਨ ਸੰਪਰਕ ਕਰ ਸਕਦੇ ਹਨ।

# ਕਿਕ ਬਾਕਸਿੰਗ ਖਿਡਾਰਨਾਂ ਨੇ ਖੇਡਾਂ ਵਤਨ ਪੰਜਾਬ ਦੀਆਂ ਡਿਸਟਰਿਕਟ ਵਿੱਚ 10,ਗੋਲਡ ਮੈਡਲ ਜਿੱਤੇ



**ਅਮ੍ਰਿਤਸਰ 28 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹੀਦ ਭਗਤ ਸਿੰਘ ਬਾਕਸਿੰਗ ਕਲੱਬ ਦੀ ਕਿਕ ਬਾਕਸਿੰਗ ਖਿਡਾਰਨਾਂ ਨੇ ਖੇਡਾਂ ਵਤਨ ਪੰਜਾਬ ਦੀਆਂ ਡਿਸਟਰਿਕਟ ਵਿੱਚ 10,ਗੋਲਡ ਮੈਡਲ ਜਿੱਤੇ ਕਲਬ ਦੇ ਪ੍ਰਧਾਨ ਅਤੇ ਕੋਚ ਬ ਬਲਦੇਵ ਰਾਜ ਦੇਵ ਖੇਡਾਂ ਵਤਨ ਪੰਜਾਬ ਦੀ ਸਟੇਟ ਲਈ ਖਿਡਾਰਨਾ ਨੂੰ ਕਿਕ ਬੋਕਸਿੰਗ ਦੀ ਟਰੇਨਿੰਗ ਕਰਾਉਂਦੇ ਹੋਏ ਕੋਚ ਨੇ ਦੱਸਿਆ ਕਿ ਕਲਬ ਦੀਆਂ ਖਿਡਾਰਨਾਂ ਨੇ ਮੈਡਲ ਜਿੱਤੇ ਹਨ ਉਨਾਂ ਦੀ ਉਮਰ ਗਰੁੱਪ 21 ਤੋਂ 30, 31 ਤੋਂ 40 ਵਿੱਚ ਜੋ ਸੀਨੀਅਰ ਖਿਡਾਰਨ ਸਨ ਮੈਡਲ ਹਾਸਲ ਕਰਨ ਵਾਲੀ ਕਿੱਕ ਬਾਕਸਿੰਗ ਖਿਡਾਰਨਾਂ ਦੇ ਨਾਮ ਇਸ ਤਰ੍ਹਾਂ ਹਨ ਪੂਜਾ ਕੁਮਾਰੀ, ਨੈਨਾ ਸ਼ਰਮਾ ,ਸਰਗੁਣ ਕੌਰ, ਪਲਵਿੰਦਰ ਕੌਰ ਪਲਵੀ, ਕ੍ਰਿਸ਼ਨਾ ,ਗੁਰਲੀਨ ਕੌਰ, ਆਸ਼ੂ, ਸ਼ਰਨਜੀਤ ਕੌਰ, ਸੰਧਿਆ ਚਰੋਸੀਆ, ਮਨਦੀਪ ਕੌਰ, ਪ੍ਰਧਾਨ ਤੇ ਕੋਚ ਬਲਦੇਵ ਰਾਜਦੇਵ ਤੇ ਦੇ ਨੇ ਦੱਸਿਆ ਕਿ ਸੈਲਫ ਡਿਫੈਂਸ ਵਾਸਤੇ ਕੁੜੀਆਂ ਨੂੰ ਬਾਕਸਿੰਗ ਤੇ ਕਿੱਕ ਬਾਕਸਿੰਗ ਦੀ ਟਰੇਨਿੰਗ ਕਲੱਬ ਵੱਲੋਂ ਫਰੀ ਵਿੱਚ ਦਿੱਤੀ ਜਾਂਦੀ ਹੈ ਇਹ ਕਲੱਬ ਨੂੰ ਚਲਾਉਂਦੇ 10 ਸਾਲ ਤੋਂ ਜਿਆਦਾ ਹੋ ਗਏ ਹਨ ਅੱਜ ਤੱਕ ਕਿਸੇ ਖਿਡਾਰਨ ਕੋਲ ਕੋਈ ਪੈਸਾ ਨਹੀਂ ਲਿੱਤਾ ਗਿਆ ਇਸ ਕਲੱਬ ਦੀ ਖਿਡਾਰਨਾ ਨੇ ਨੈਸ਼ਨਲ ਵਿੱਚ ਵੀ ਮੱਲਾ ਮਾਰੀਆਂ ਹਨ ਅਤੇ ਖੇਡਾਂ ਵਤਨ ਪੰਜਾਬ ਸਟੇਟ ਵਿੱਚ ਵੀ ਮੈਡਲ ਜਿੱਤ ਕੇ ਆਪਣੇ ਮਾਂ ਪਿਓ ਆਪਣੇ ਸ਼ਹਿਰ ਅਤੇ ਕਲਬ ਦਾ ਨਾਮ ਰੋਸ਼ਨ ਕਰਨਗੀਆਂ

ਕੈਪਸ਼ਨ ਸ਼ਹੀਦ ਭਗਤ ਸਿੰਘ ਬਾਕਸਿੰਗ ਕਲਬ ਦੀ ਖਿਡਾਰਨ ਨੂੰ ਖੇਡਾਂ ਵਤਨ ਪੰਜਾਬ ਦੀ ਸਟੇਟ ਲਈ ਕਿੱਕ ਬਾਕਸਿੰਗ ਦੀ ਟ੍ਰੇਨਿੰਗ ਕਰਾਉਂਦੇ ਹੋਏ ਪ੍ਰਧਾਨ ਅਤੇ ਕੋਚ ਬਲਦੇਵ ਰਾਜਦੇਵ ਨੇ ਦੱਸਿਆ ਕਿ ਕਲੱਬ ਖਿਡਾਰਨਾ ਨੇ ਡਿਸਟਰਿਕਟ ਵਿੱਚ 10ਗੋਲਡ ਮੈਡਲ ਜਿੱਤੇ ਹਨ

# ਰਿਟਰਨਿੰਗ ਅਫਸਰਾਂ ਨੂੰ ਨੋ ਡਿਊ ਸਰਟੀਫਿਕੇਟ ਜਾਂ ਨੋ ਆਬਜੈਕਸ਼ਨ ਸਰਟੀਫਿਕੇਟ ਸਬੰਧੀ ਹਦਾਇਤਾਂ ਜਾਰੀ

**ਫਾਜ਼ਿਲਕਾ, 3 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਜਿਲ੍ਹਾ ਚੋਣ ਅਫਸਰ ਕਮ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਸੁਭਾਸ਼ ਚੰਦਰ ਨੇ ਦੱਸਿਆ ਹੈ ਕਿ ਜਿਲ੍ਹੇ ਵਿੱਚ ਗ੍ਰਾਮ ਪੰਚਾਇਤਾਂ ਦੀਆਂ ਆਮ ਚੋਣਾਂ 15 ਅਕਤੂਬਰ, 2024 ਨੂੰ ਹੋਣ ਜਾ ਰਹੀਆਂ ਹਨ ਅਤੇ ਚਾਹਵਾਨ ਉਮੀਦਵਾਰੀ 4 ਅਕਤੂਬਰ 2024 ਸ਼ਾਮ 3 ਵਜੇ ਤੱਕ ਆਪਣੇ ਨਾਮਜਦਗੀ ਫਾਰਮ ਸਬੰਧਤ ਰਿਟਰਨਿੰਗ ਅਫਸਰ ਕੋਲ ਜਮਾਂ ਕਰਵਾ ਸਕਦੇ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਸੁਭਾਸ਼ ਚੰਦਰ ਨੇ ਦੱਸਿਆ ਕਿ ਨਾਮਜ਼ਦਗੀ ਪੱਤਰ ਦਾਖਲ ਕਰਨ ਵਾਲੇ ਉਮੀਦਵਾਰਾਂ ਵੱਲੋਂ ਸਬੰਧਤ ਅਥਾਰਟੀਆਂ ਦੇ ਨਿਯਮਾਂ ਜਾਂ ਪ੍ਰਕਿਰਿਆਵਾਂ ਅਨੁਸਾਰ ਨਾਮਜਦਗੀ ਪੱਤਰਾਂ ਦੇ ਨਾਲ ਨੋ ਡਿਊ ਸਰਟੀਫਿਕੇਟ ਜਾਂ ਨੋ ਆਬਜੈਕਸ਼ਨ ਸਰਟੀਫਿਕੇਟ ਨੱਥੀ ਕਰਨਾ ਜਰੂਰੀ ਹੈ ਅਤੇ ਜੇਕਰ ਕਿਸੇ ਉਮੀਦਵਾਰ ਨੂੰ ਕੋਸਿਸਾਂ ਦੇ ਬਾਵਜੂਦ ਉਕਤ ਸਰਟੀਫਿਕੇਟ ਪ੍ਰਾਪਤ ਨਹੀਂ ਹੁੰਦਾ ਤਾਂ ਉਹ ਇੱਕ ਹਲਫਨਾਮਾ. ਜਿਸ ਵਿੱਚ ਸਪਸ਼ਟ ਕੀਤਾ ਹੋਵੇ ਕਿ ਉਹ ਸਬੰਧਤ ਅਥਾਰਟੀ ਦੇ ਕਿਸੇ ਟੈਕਸ ਜਾਂ ਹੋਰ ਬਕਾਏ ਦਾ ਦੇਣਦਾਰ ਨਹੀਂ ਹੈ ਅਤੇ ਪੰਜਾਬ ਰਾਜ ਚੋਣ ਕਮਿਸ਼ਨ ਐਕਟ, 1994 ਦੀ ਧਾਰਾ 11 ਦੇ ਅਨੁਸਾਰ ਉਸ ਕੋਲ ਕਿਸੇ ਵੀ ਸਥਾਨਕ ਅਥਾਰਟੀ ਨਾਲ ਸਬੰਧਤ ਜਾਇਦਾਦ ਦਾ ਅਣਅਧਿਕਾਰਤ ਕਬਜਾ ਨਹੀਂ ਹੈ, ਦਿੰਦੇ ਹੋਏ ਆਪਣੇ ਨਾਮਜਦਗੀ ਪਰਚੇ ਦਾਖਲ ਕਰ ਸਕਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਹਲਫੀਆ ਬਿਆਨ (ਐਵੀਡੇਵਿਡ) ਤਿਆਰ ਕਰਨ ਦੀ ਪ੍ਰਕਿਰਿਆ ਨੂੰ ਹੋਰ ਸਰਲ ਬਣਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਕਾਰਜਕਾਰੀ ਮੈਜਿਸਟਰੇਟ/ਓਥ ਕਮਿਸ਼ਨਰ ਵੱਲੋਂ ਤਸਦੀਕ ਉਪਰੰਤ ਜਾਰੀ ਕੀਤੇ ਜਾਂ ਨੋਟਰੀ ਤੋਂ ਤਸਦੀਕਸ਼ੁਦਾ ਐਵੀਡੇਵਿਟ ਹੀ ਪ੍ਰਵਾਨ ਕੀਤੇ ਜਾਣਗੇ। ਰਿਟਰਨਿੰਗ ਅਫ਼ਸਰ ਸਬੰਧਤ ਨਾਮਜ਼ਦਗੀ ਪੱਤਰਾਂ ਨੂੰ ਸਵੀਕਾਰ ਕਰੇਗਾ ਅਤੇ ਹਲਫ਼ੀਆ ਬਿਆਨ ਸਬੰਧਤ ਅਥਾਰਟੀ ਨੂੰ ਭੇਜਣ ਦੇ ਨਾਲ ਹੀ ਇਸ ਸਬੰਧੀ 24 ਘੰਟਿਆਂ ਦੇ ਅੰਦਰ-ਅੰਦਰ ਰਿਪੋਰਟ ਜਮਾਂ ਕਰਵਾਉਣ ਲਈ ਨਿਰਦੇਸ਼ ਜਾਰੀ ਕਰੇਗਾ ਅਤੇ ਕੋਈ ਰਿਪੋਰਟ ਨਾ ਆਉਣ ਦੀ ਸੂਰਤ ਵਿੱਚ ਇਹ ਮੰਨਿਆ ਜਾਵੇਗਾ ਕਿ ਪੰਜਾਬ ਰਾਜ ਚੋਣ ਕਮਿਸ਼ਨ ਐਕਟ, 1994 ਦੇ ਅਨੁਸਾਰ ਸਬੰਧਤ ਉਮੀਦਵਾਰ ਡਿਫਾਲਟਰ ਜਾਂ ਅਣਅਧਿਕਾਰਤ ਕਬਜ਼ਾਧਾਰੀ ਨਹੀਂ ਹੈ। ਉਨ੍ਹਾ ਅੱਗੇ ਕਿਹਾ ਕਿ ਉਪਰੋਕਤ ਤੋਂ ਇਲਾਵਾ ਰਾਜ ਚੋਣ ਕਮਿਸ਼ਨ ਵੱਲੋਂ ਇਹ ਹਦਾਇਤਾਂ ਵੀ ਜਾਰੀ ਕੀਤੀਆਂ ਗਈਆਂ ਹਨ ਕਿ ਬੀ.ਡੀ.ਪੀ.ਓ ਦਫ਼ਤਰ ਦੇ ਰਿਕਾਰਡ ਅਨੁਸਾਰ ਜੇਕਰ ਗ੍ਰਾਮ ਪੰਚਾਇਤ ਜਾਂ ਸਬੰਧਤ ਅਥਾਰਟੀ ਵੱਲੋਂ ਕਿਸੇ ਤਰ੍ਹਾਂ ਦਾ ਕੋਈ ਬਕਾਇਆ ਵਸੂਲੀ ਯੋਗ ਹੈ ਤਾਂ ਇਸਦੀ ਪੰਚਾਇਤ-ਵਾਰ ਸੂਚੀ ਬੀ.ਡੀ.ਪੀ.ਓ. ਦਫਤਰ ਵੱਲੋਂ ਤਿਆਰ ਕਰਨ ਉਪਰੰਤ ਸਬੰਧਤ ਰਿਟਰਨਿੰਗ ਅਫਸਰ ਨੂੰ ਮੁਹੱਈਆ ਕਰਵਾਈ ਜਾਵੇ, ਜੋ ਨਾਮਜ਼ਦਗੀਆਂ ਸਵੀਕਾਰ ਕਰਨ ਸਮੇਂ ਉਕਤ ਸੂਚੀ ਨੂੰ ਹਵਾਲੇ ਲਈ ਆਪਣੇ ਕੋਲ ਰੱਖੇਗਾ। ਜੇਕਰ ਸੂਚੀ ਵਿੱਚ ਕਿਸੇ ਉਮੀਦਵਾਰ ਵਿਰੁੱਧ ਕੋਈ ਬਕਾਇਆ ਦਰਜ ਹੈ ਤਾਂ ਸਬੰਧਤ ਉਮੀਦਵਾਰ ਬਕਾਏ ਦੀ ਅਦਾਇਗੀ ਸਬੰਧੀ ਸਬੂਤ ਜਮਾ ਕਰਵਾ ਸਕਦਾ ਹੈ ।

ਹੋਰ ਵੇਰਵੇ ਸਾਂਝੇ ਕਰਦਿਆਂ ਉਨ੍ਹਾ ਕਿਹਾ ਕਿ ਜੇਕਰ ਉਮੀਦਵਾਰ ਵੱਲੋਂ ਬਕਾਇਆ ਦੀ ਅਦਾਇਗੀ ਨਹੀਂ ਕੀਤੀ ਗਈ ਤਾਂ ਉਸ ਨੂੰ ਸਬੰਧਤ ਅਥਾਰਟੀ ਅੱਗੇ ਬਕਾਇਆ ਜਮਾਂ ਕਰਵਾਉਣ ਦਾ ਉਚਿਤ ਮੌਕਾ ਦਿੱਤਾ ਜਾਵੇਗਾ ਅਤੇ ਉਸਨੂੰ ਬਕਾਏ ਦੀ ਅਦਾਇਗੀ ਦਾ ਸਬੂਤ ਪੇਸ਼ ਕਰਨ ਲਈ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਸ਼ੁਰੂ ਹੋਣ ਭਾਵ 5 ਅਕਤੂਬਰ, 2024 ਸਵੇਰੇ 11 ਵਜੇ ਤੱਕ ਦਾ ਸਮਾਂ ਦਿੱਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਪੰਚਾਇਤੀ ਚੋਣਾ ਪੂਰੀ ਤਰਾਂ ਨਿਰਪੱਖ, ਪਾਰਦਰਸ਼ੀ ਤਰੀਕੇ ਨਾਲ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕਰਵਾਈਆ ਜਾਣਗੀਆ।

# ਅਨੁਪਮ ਖੇਰ ਦੀ ਤਸਵੀਰ ਵਾਲੇ 500-500 ਦੇ ਨੋਟਾਂ ਨਾਲ ਵਪਾਰੀ ਕੋਲੋਂ ਖਰੀਦਿਆ 2 ਕਿਲੋ ਸੋਨਾ

**ਏਜੰਸੀਆਂ**

ਅਹਿਮਦਾਬਾਦ 3 ਅਕਤੂਬਰ। ਗੁਜਰਾਤ 'ਚ 2 ਅਣਪਛਾਤੇ ਵਿਅਕਤੀਆਂ ਨੇ ਅਦਾਕਾਰ ਅਨੁਪਮ ਖੇਰ ਦੀ ਤਸਵੀਰ ਵਾਲੇ ਨਕਲੀ ਨੋਟ ਦੇ ਕੇ ਇਕ ਸਰਾਫਾ ਕਾਰੋਬਾਰੀ ਦਾ 2.1 ਕਿਲੋ ਸੋਨਾ ਲੈ ਕੇ ਫਰਾਰ ਹੋ ਗਏ। ਕਾਰੋਬਾਰੀ ਮੇਹੁਲ ਠੱਕਰ ਨੇ ਨਵਰੰਗਪੁਰ ਥਾਣੇ 'ਚ




ਸ਼ਿਕਾਇਤ ਦਰਜ ਕਰਵਾਈ ਹੈ, ਜਿਸ 'ਚ ਉਸ ਨੇ ਦੱਸਿਆ ਕਿ ਕਿਵੇਂ ਉਸ ਨੂੰ 500 ਰੁਪਏ ਦੇ ਨਕਲੀ ਨੋਟਾਂ ਦੇ 26 ਬੰਡਲ ਸੌਂਪ ਕੇ ਧੋਖਾਧੜੀ ਦਾ ਸ਼ਿਕਾਰ ਬਣਾਇਆ ਗਿਆ। ਇਹ ਘਟਨਾ 24 ਸਤੰਬਰ ਨੂੰ ਵਾਪਰੀ ਜਦੋਂ ਅਣਪਛਾਤੇ ਵਿਅਕਤੀਆਂ ਨੇ 2.1 ਕਿਲੋ ਸੋਨੇ ਦੇ ਬਦਲੇ ਠੱਕਰ ਦੇ ਕਰਮਚਾਰੀਆਂ ਨੂੰ ਨਕਲੀ ਨੋਟਾਂ ਦੇ ਬੰਡਲ ਫੜਾਏ, ਜਿਨ੍ਹਾਂ 'ਤੇ 'ਰੀਸੋਲ ਬੈਂਕ ਆਫ ਇੰਡੀਆ' ਲਿਖਿਆ ਸੀ। ਸ਼ਿਕਾਇਤ ਮੁਤਾਬਕ ਠੱਕਰ ਨੂੰ ਗਹਿਣਿਆਂ ਦੀ ਦੁਕਾਨ ਦੇ ਮਾਲਕ ਅਤੇ ਜਾਣਕਾਰ ਪ੍ਰਸ਼ਾਂਤ ਪਟੇਲ ਦਾ ਫੋਨ ਆਇਆ। ਪਟੇਲ ਨੇ 2.1 ਕਿਲੋ ਸੋਨਾ ਖਰੀਦਣ ਦੀ ਗੱਲ ਕਹੀ, ਜਿਸ ਲਈ 1.60 ਕਰੋੜ ਰੁਪਏ ਦੀ ਰਕਮ ਤੈਅ ਹੋਈ। ਠੱਕਰ ਨੂੰ ਅੰਦਾਜਾ ਵੀ ਨਹੀਂ ਸੀ ਕਿ ਉਹ ਧੋਖਾਧੜੀ ਦਾ ਸ਼ਿਕਾਰ ਹੋਣ ਜਾ ਰਿਹਾ ਹੈ। ਠੱਕਰ ਨੇ ਆਪਣੇ ਸਟਾਫ ਨੂੰ 24 ਸਤੰਬਰ ਨੂੰ ਪਟੇਲ ਨਾਲ 'ਅੰਗੜੀਆ ਪੇੜੀ' (ਹਵਾਲਾ) ਦਫਤਰ 'ਚ ਮਿਲਣ ਲਈ ਕਿਹਾ। ਜਦੋਂ ਕਰਮਚਾਰੀ ਉੱਥੇ ਪਹੁੰਚੇ ਤਾਂ ਉਨ੍ਹਾਂ ਨੂੰ ਤਿੰਨ ਵਿਅਕਤੀ ਮਿਲੇ, ਜਿਨ੍ਹਾਂ ਨੇ ਉਨ੍ਹਾਂ ਨੂੰ 500 ਰੁਪਏ ਦੇ ਨੋਟਾਂ ਦੇ ਬੰਡਲ ਫੜਾ ਦਿੱਤੇ। ਤਿੰਨਾਂ ਵਿਅਕਤੀਆਂ ਨੇ ਮੁਲਾਜਮਾਂ ਨੂੰ ਮਸੀਨ ਮੁਹੱਈਆ ਕਰਵਾਈ ਅਤੇ 'ਪੈਸੇ' ਗਿਣਨ ਲਈ ਕਿਹਾ। ਇਸ ਤੋਂ ਬਾਅਦ ਉਨ੍ਹਾਂ 'ਚੋਂ 2 ਲੋਕ ਬਾਕੀ 30 ਲੱਖ ਰੁਪਏ ਲਿਆਉਣ ਦੇ ਬਹਾਨੇ ਸੋਨੇ ਦੇ ਬਿਸਕੁਟ ਲੈ ਕੇ ਚਲੇ ਗਏ, ਜਦਕਿ ਤੀਜਾ ਵਿਅਕਤੀ ਉੱਥੇ ਹੀ ਰੁਕ ਗਿਆ। ਸ਼ਿਕਾਇਤ ਅਨੁਸਾਰ ਜਦੋਂ ਠੱਕਰ ਦੇ ਮੁਲਾਜਮਾਂ ਨੇ ਗਿਣਨ ਲਈ ਪਲਾਸਟਿਕ ਦੀ ਪੰਨੀ 'ਚੋਂ ਨੋਟ ਬਾਹਰ ਕੱਢੇ ਤਾਂ ਵੇਖਿਆ ਕਿ ਨੋਟ ਨਕਲੀ ਹਨ, ਜਿਸ ਤੋਂ ਬਾਅਦ ਉਨ੍ਹਾਂ ਨੇ ਤੀਜੇ ਵਿਅਕਤੀ ਤੋਂ ਪੁੱਛ-ਗਿੱਛ ਕੀਤੀ। ਸ਼ਿਕਾਇਤ ਦੇ ਅਨੁਸਾਰ, ਤੀਜੇ ਵਿਅਕਤੀ ਨੇ ਉਨ੍ਹਾਂ ਨੂੰ ਦੱਸਿਆ ਕਿ ਉਹ ਸਿਰਫ 'ਅੰਗੜੀਆ ਪੇੜੀ' ਲਈ ਨੋਟ ਗਿਣਨ ਵਾਲੀ ਮਸੀਨ ਦੇਣ ਆਇਆ ਸੀ। ਸ਼ਿਕਾਇਤ ਅਨੁਸਾਰ ਬਾਅਦ 'ਚ ਇਹ ਵੀ ਪਤਾ ਲੱਗਾ ਕਿ ਘਟਨਾ ਤੋਂ 2 ਦਿਨ ਪਹਿਲੇ ਹੀ ਦੋਸ਼ੀਆਂ ਨੇ ਉਕਤ ਅੰਗੜੀਆ ਦਫਤਰ ਖੋਲ੍ਹਿਆ ਸੀ। ਇਸ ਤੋਂ ਬਾਅਦ 2 ਅਣਪਛਾਤੇ ਸ਼ੱਕੀਆਂ ਖ਼ਿਲਾਫ ਐੱਫ.ਆਈ.ਆਰ. ਦਰਜ ਕਰ ਲਈ ਗਈ ਹੈ ਅਤੇ ਪੁਲਸ ਨੇ ਇਸ ਧੋਖਾਧੜੀ 'ਚ ਸ਼ਾਮਲ ਅਪਰਾਧੀਆਂ ਦਾ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਹੈ।

# ਅਮਰੀਕਾ ਨੇ ਭਾਰਤੀਆਂ ਨੂੰ ਦਿੱਤੀ ਖੁਸ਼ਖਬਰੀ ! 2.5 ਲੱਖ ਨਵੇਂ ਵੀਜਾ ਅਪਾਇੰਟਮੈਂਟ

**ਸਰਦੂਲ ਸਿੰਘ**

ਨਵੀਂ ਦਿੱਲੀ 3 ਅਕਤੂਬਰ। ਭਾਰਤ 'ਚ ਅਮਰੀਕੀ ਦੂਤਘਰ ਨੇ ਸੋਮਵਾਰ ਨੂੰ ਐਲਾਨ ਕੀਤਾ ਕਿ ਉਸ ਨੇ ਸੈਲਾਨੀਆਂ, ਹੁਨਰਮੰਦ ਕਾਮਿਆਂ ਅਤੇ ਵਿਦਿਆਰਥੀਆਂ ਸਮੇਤ ਭਾਰਤੀ ਯਾਤਰੀਆਂ ਲਈ 250,000 ਵਾਧੂ ਵੀਜਾ ਅਪਾਇੰਟਮੈਂਟਾਂ ਖੋਲ੍ਹ ਦਿੱਤੀਆਂ ਹਨ। ਭਾਰਤ 'ਚ ਅਮਰੀਕੀ ਮਿਸ਼ਨ ਨੇ ਕਿਹਾ ਕਿ ਹਾਲ ਹੀ 'ਚ ਜਾਰੀ ਕੀਤੇ ਗਏ ਨਵੇਂ ਸਲਾਟ ਨਾਲ ਉਨ੍ਹਾਂ ਲੱਖਾਂ ਭਾਰਤੀਆਂ ਭਾਰਤੀ ਬਿਨੈਕਾਰਾਂ ਨੂੰ ਸਮੇਂ ਸਿਰ ਇੰਟਰਵਿਊ ਲੈਣ 'ਚ ਮਦਦ ਮਿਲੇਗੀ ਜੋ ਕਿ ਅਮਰੀਕਾ ਭਾਰਤ ਸਬੰਧਾਂ ਦੀ ਰੀੜ੍ਹ ਦੀ ਹੱਡੀ ਹਨ। ਇਸ ਵਿਚ ਇਹ ਵੀ ਦੱਸਿਆ ਗਿਆ ਹੈ ਕਿ ਭਾਰਤੀ ਮਿਸ਼ਨ ਨੇ ਲਗਾਤਾਰ ਦੂਜੇ ਸਾਲ ਪਹਿਲਾਂ ਹੀ 10 ਲੱਖ ਗੈਰ-ਪ੍ਰਵਾਸੀ ਵੀਜਾ ਅਰਜੀਆਂ ਨੂੰ ਪਾਰ ਕਰ ਲਿਆ ਹੈ। ਬਿਆਨ ਵਿਚ ਅੱਗੇ ਕਿਹਾ ਗਿਆ ਕਿ ਇਨ੍ਹਾਂ ਗਰਮੀਆਂ ਨਾਲ ਸਾਡੇ ਵਿਦਿਆਰਥੀ ਵੀਜਾ ਸੀਜਨ ਦੌਰਾਨ, ਅਸੀਂ ਰਿਕਾਰਡ ਨੰਬਰਾਂ ਦੀ ਪ੍ਰਕਿਰਿਆ ਜਾਰੀ ਰੱਖੀ ਤੇ ਸਾਰੇ ਪਹਿਲੀ ਵਾਰ ਵਿਦਿਆਰਥੀ ਬਿਨੈਕਾਰ ਭਾਰਤ ਦੇ ਆਲੇ-ਦੁਆਲੇ ਸਾਡੇ ਪੰਜ ਕੌਂਸਲਰ ਸੈਕਸ਼ਨਾਂ 'ਚੋਂ ਇੱਕ 'ਚ ਮੁਲਾਕਾਤ ਪ੍ਰਾਪਤ ਕਰਨ ਦੇ ਯੋਗ ਸਨ। ਅਸੀਂ ਹੁਣ ਪਰਿਵਾਰਾਂ ਨੂੰ ਇਕੱਠੇ ਲਿਆਉਣ, ਕਾਰੋਬਾਰਾਂ ਨੂੰ ਜੋੜਨ ਅਤੇ ਸੈਰ-ਸਪਾਟੇ ਦੀ ਸਹੂਲਤ 'ਤੇ ਧਿਆਨ ਕੇਂਦਰਿਤ ਕਰ ਰਹੇ ਹਾਂ। ਸਾਲ 2024 'ਚ ਹੁਣ ਤੱਕ 1.2 ਮਿਲੀਅਨ ਤੋਂ ਵੱਧ ਭਾਰਤੀਆਂ ਨੇ ਸੰਯੁਕਤ ਰਾਜ ਅਮਰੀਕਾ ਦੀ ਯਾਤਰਾ ਕੀਤੀ ਹੈ, ਜੋ ਕਿ 2023 ਦੀ ਇਸੇ ਮਿਆਦ ਦੇ ਮੁਕਾਬਲੇ 35 ਪ੍ਰਤੀਸ਼ਤ ਵੱਧ ਹੈ। ਯੂਐੱਸ ਮਿਸ਼ਨ ਦੇ ਅਨੁਸਾਰ ਘੱਟੋ ਘੱਟ 60 ਲੱਖ ਭਾਰਤੀਆਂ ਕੋਲ ਪਹਿਲਾਂ ਹੀ ਸੰਯੁਕਤ ਰਾਜ ਅਮਰੀਕਾ




ਆਉਣ ਲਈ ਗੈਰ-ਪ੍ਰਵਾਸੀ ਵੀਜਾ ਹੈ ਤੇ ਹਰ ਰੋਜ ਹਜਾਰਾਂ ਹੋਰ ਜਾਰੀ ਕੀਤੇ ਜਾ ਰਹੇ ਹਨ। ਦੂਤਾਵਾਸ ਨੇ ਸੋਮਵਾਰ ਨੂੰ ਉਜਾਗਰ ਕੀਤਾ ਕਿ ਸੰਯੁਕਤ ਰਾਜ ਦੀ ਭਾਰਤ ਨਾਲ ਭਾਈਵਾਲੀ ਇਤਿਹਾਸ 'ਚ ਕਿਸੇ ਵੀ ਸਮੇਂ ਨਾਲੋਂ ਵਧੇਰੇ ਮਜਬੂਤ, ਨਜਦੀਕੀ ਅਤੇ ਵਧੇਰੇ ਗਤੀਸ਼ੀਲ ਹੈ। ਯੂਐੱਸ ਸੈਨੇਟ ਨੇ ਭਾਰਤ ਅਮਰੀਕਾ ਦੇ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ 3 ਅਕਤੂਬਰ ਨੂੰ 'ਯੂਐੱਸ-ਭਾਰਤ ਭਾਈਵਾਲੀ ਦਿਵਸ' ਵਜੋਂ ਮਨੋਨੀਤ ਕੀਤਾ ਹੈ। ਭਾਰਤ 'ਚ ਅਮਰੀਕੀ ਰਾਜਦੂਤ ਐਰਿਕ ਗਾਰਸੇਟੀ ਨੇ ਹਾਲ ਹੀ 'ਚ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰਾਸ਼ਟਰਪਤੀ ਜੋਅ ਬਿਡੇਨ ਨੇ ਵੀਜਾ ਪ੍ਰਕਿਰਿਆ 'ਚ ਸੁਧਾਰ ਤੇ ਤੇਜੀ ਲਿਆਉਣ ਲਈ ਇੱਕ ਅਭਿਲਾਸ਼ੀ ਟੀਚਾ ਰੱਖਿਆ ਹੈ ਅਤੇ ਮੈਨੂੰ ਇਹ ਕਹਿੰਦੇ ਹੋਏ ਮਾਣ ਮਹਿਸੂਸ ਹੋ ਰਿਹਾ ਹੈ ਕਿ ਅਸੀਂ ਉਸ ਵਾਅਦੇ ਨੂੰ ਪੂਰਾ ਕੀਤਾ ਹੈ। ਦੂਤਾਵਾਸ ਅਤੇ ਚਾਰ ਕੌਂਸਲੇਟਾਂ 'ਚ ਸਾਡੀਆਂ ਕੌਂਸਲਰ ਟੀਮਾਂ ਇਹ ਯਕੀਨੀ ਬਣਾਉਣ ਲਈ ਅਣਥੱਕ ਕੰਮ ਕਰਦੀਆਂ ਹਨ ਕਿ ਅਸੀਂ ਵਧਦੀ ਮੰਗ ਨੂੰ ਪੂਰਾ ਕਰੀਏ।

## ਪਿੰਡ ਰੋਡ ਮਾਜਰਾ ਵਿਖੇ 7ਵੀਂ ਵਾਰ ਸਰਬਸੰਮਤੀ ਨਾਲ ਬਣੀ ਪੰਚਾਇਤ

ਰੂਪਨਗਰ 3 ਅਕਤੂਬਰ। ਜਿਲਾ ਰੂਪਨਗਰ ਅਧੀਨ ਪੈਂਦੇ ਪਿੰਡ ਰੋਡ ਮਾਜਰਾ ਵਿਖੇ ਸਮੂਹ ਪਿੰਡ ਵਾਸੀਆਂ ਦਾ ਇੱਕਠ ਹੋਇਆ, ਜਿਸ ਵਿਚ ਪਿਛਲੀ ਰਵਾਇਤ ਨੂੰ ਕਾਇਮ ਰੱਖਦੇ ਹੋਏ ਪਿੰਡ ਵਾਸੀਆਂ ਨੇ 7ਵੀਂ ਵਾਰ ਪਿੰਡ ਦੀ ਨਵੀਂ ਪੰਚਾਇਤ ਦੀ ਸਰਬਸੰਮਤੀ ਨਾਲ ਚੋਣ ਕੀਤੀ। ਇਸ ਨਵੀਂ ਚੁਣੀ ਗਈ ਪੰਚਾਇਤ ਵਿਚ ਮਨਜੀਤ ਕੌਰ ਪਤਨੀ ਹਰਜਿੰਦਰ ਸਿੰਘ ਨੂੰ ਸਰਪੰਚ ਚੁਣਿਆ ਗਿਆ ਜਦ ਕਿ ਸੁਰਿੰਦਰ ਸਿੰਘ, ਦਲਸ਼ੇਰ ਸਿੰਘ, ਕੁਲਜੀਤ ਸਿੰਘ, ਸਰਬਜੀਤ ਕੌਰ ਤੇ ਜਸਪ੍ਰੀਤ ਕੌਰ ਨੂੰ ਮੈਂਬਰ ਪੰਚਾਇਤ ਬਣਾਇਆ ਗਿਆ। ਇਸ ਸਮੇਂ ਪਿੰਡ ਵਾਸੀਆਂ ਦੇ ਇੱਕਠ ਵਿਚ ਸਾਬਕਾ ਸਰਪੰਚ ਹਰਜਿੰਦਰ ਸਿੰਘ, ਮੇਜਰ ਸਿੰਘ, ਮਨਮੋਹਣ ਸਿੰਘ, ਗੁਰਦੀਪ ਸਿੰਘ, ਹਰਭਜਨ ਸਿੰਘ, ਜਸਵਿੰਦਰ ਸਿੰਘ, ਸਵਰਨ ਸਿੰਘ, ਪਰਮਜੀਤ ਸਿੰਘ ਪੰਮਾ, ਗੱਜਣ ਸਿੰਘ, ਸੁੱਖਵਿੰਦਰ ਸਿੰਘ, ਕੁਲਦੀਪ ਸਿੰਘ, ਸਤਪਾਲ ਕੌਰ, ਕੁਲਵੰਤ ਕੌਰ, ਗੁਰਦੇਵ ਸਿੰਘ ਅਟਵਾਲ, ਛਿੰਦਰਪਾਲ ਕੌਰ ਆਦਿ ਹਾਜ਼ਰ ਸਨ।

## ਬਾਈਕਾਟ ਦੀ ਬਜਾਏ ਭਾਰੀ ਪੋਲਿੰਗ ਕਾਰਨ ਗੁਪਕਾਰ ਗੈਂਗ ਤੇ ਪਾਕਿਸਤਾਨੀਆਂ 'ਚ ਘਬਰਾਹਟ : ਚੁੱਘ

ਜਲੰਧਰ/ਚੰਡੀਗੜ੍ਹ 3 ਅਕਤੂਬਰ। ਬਾਂਦੀਪੋਰਾ 'ਚ ਇਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਕਿਹਾ ਕਿ ਜੰਮੂ-ਕਸ਼ਮੀਰ 'ਚ ਅੱਤਵਾਦ ਤੇ ਨਫਰਤ ਫੈਲਾਉਣ ਲਈ ਪਾਕਿਸਤਾਨ ਤੇ ਅਬਦੁੱਲਾ ਪਰਿਵਾਰ ਨੇ ਗੁਪਤ ਸਮਝੌਤਾ ਕੀਤਾ ਹੈ, ਜਿਸ ਉੱਪਰ ਪਾਕਿਸਤਾਨੀ ਰੱਖਿਆ ਮੰਤਰੀ ਦੇ ਹੁਣੇ ਜਿਹੇ ਦੇ ਬਿਆਨ ਨੇ ਮੋਹਰ ਲਾ ਦਿੱਤੀ ਹੈ। ਚੁੱਘ ਨੇ ਕਿਹਾ ਕਿ 5 ਅਗਸਤ 2019 ਤੋਂ ਬਾਅਦ ਜੋ ਹਾਲਾਤ ਬਦਲੇ ਹਨ, ਉਨ੍ਹਾਂ ਨਾਲ ਜੰਮੂ-ਕਸ਼ਮੀਰ ਵਿਚ ਖੁਸ਼ਹਾਲੀ ਆਈ ਹੈ। ਅੱਜ ਜੰਮੂ-ਕਸ਼ਮੀਰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ 2 ਪੜਾਵਾਂ 'ਚ ਹੋਈ ਭਾਰੀ ਪੋਲਿੰਗ ਕਾਰਨ ਗੁਪਕਾਰ ਗੈਂਗ ਤੇ ਪਾਕਿਸਤਾਨੀਆਂ 'ਚ ਘਬਰਾਹਟ ਹੈ। ਤੀਜੇ ਪੜਾਅ 'ਚ ਵੀ ਜੰਮੂ-ਕਸ਼ਮੀਰ ਦੀ ਜਨਤਾ ਬਾਈਕਾਟ ਦੀ ਸਿਆਸਤ ਕਰਨ ਵਾਲਿਆਂ ਦਾ ਸਫਾਇਆ ਕਰ ਦੇਵੇਗੀ। ਉਨ੍ਹਾਂ ਕਿਹਾ ਕਿ ਉਹ ਵੀ ਇਕ ਦੌਰ ਸੀ ਜਦੋਂ ਸਿਰਫ ਕਸ਼ਮੀਰ ਆਧਾਰਤ ਪਾਰਟੀਆਂ ਵਿਤਕਰਾ ਕਰ ਕੇ ਜੰਮੂ ਦੇ ਲੋਕਾਂ



ਨਾਲ ਦੂਜੇ ਦਰਜੇ ਦਾ ਵਤੀਰਾ ਕਰਦੀਆਂ ਸਨ। ਅੱਜ ਪੀ. ਐੱਮ. ਮੋਦੀ ਦੀ ਦੇਣ ਹੈ ਕਿ ਧਾਰਾ 370 ਹਟਣ ਤੋਂ ਬਾਅਦ ਹੁਣ ਜੰਮੂ ਨੂੰ ਕੋਈ ਵੀ ਕੰਮ ਕਰਵਾਉਣ ਲਈ ਅੰਦੋਲਨ ਨਹੀਂ ਕਰਨਾ ਪੈਂਦਾ। ਚੁੱਘ ਨੇ ਕਿਹਾ ਕਿ ਉਮਰ ਅਬਦੁੱਲਾ ਵੀ ਜਾਣਦੇ ਹਨ ਕਿ ਉਹ ਚੋਣ ਹਾਰ ਰਹੇ ਹਨ। ਇਸ ਲਈ ਨਿਰਾਸ਼ਾ 'ਚ ਪੁੱਠਾ-ਸਿੱਧਾ ਬੋਲ ਰਹੇ ਹਨ। ਉਹ ਕਦੇ ਕਾਂਗਰਸ 'ਤੇ ਦੋਸ਼ ਲਾਉਂਦੇ ਹਨ, ਕਦੇ ਕਹਿੰਦੇ ਹਨ ਕਿ ਚੋਣਾਂ ਵਿਚ ਤ੍ਰਿਸ਼ੰਕੂ (ਹੰਗ) ਅਸੈਂਬਲੀ ਹੋਵੇਗੀ ਤਾਂ ਕਦੇ ਜੰਮੂ ਨੂੰ ਅਸ਼ਾਂਤ ਕਰਨ ਲਈ ਬਿਆਨਬਾਜੀ ਕਰਦੇ ਹਨ। ਅਬਦੁੱਲਾ ਸਾਹਿਬ ਨੈਤਿਕ ਤੌਰ 'ਤੇ ਚੋਣ ਹਾਰ ਚੁੱਕੇ ਹਨ। 8 ਅਕਤੂਬਰ ਨੂੰ ਜਦੋਂ ਬੈਲਟ ਬਾਕਸ ਖੁੱਲ੍ਹਣਗੇ ਤਾਂ ਭਾਰਤ ਵਿਚ ਪਟਾਕੇ ਚੱਲਣਗੇ ਅਤੇ ਪਾਕਿਸਤਾਨ ਵਿਚ ਮਾਤਮ ਹੋਵੇਗਾ।

## ਗੋਰਾਂ ਰੇਲ ਗੱਡੀ ਵਿਚ ਭੁੱਲ ਗਿਆ ਲੱਖਾਂ ਰੁਪਏ ਤੇ ਪਾਸਪੋਰਟ, ਜੋ ਹੋਇਆ ਸੋਚਿਆ ਵੀ ਨਹੀਂ ਸੀ

ਠਾਣੇ 3 ਅਕਤੂਬਰ। ਅਮਰੀਕਾ ਤੋਂ ਭਾਰਤ ਪਰਤਿਆ ਇਕ ਵਿਅਕਤੀ 4.74 ਲੱਖ ਰੁਪਏ ਮੁੱਲ ਦੇ ਅਮਰੀਕੀ ਡਾਲਰ ਅਤੇ ਹੋਰ ਸਾਮਾਨ ਨਾਲ ਭਰਿਆ ਬੈਗ ਲੋਕਲ ਰੇਲ ਗੱਡੀ 'ਚ ਹੀ ਭੁੱਲ ਗਿਆ। ਪੁਲਸ ਨੇ ਉਸ ਬੈਗ ਦਾ ਪਤਾ ਲਗਾ ਕੇ ਉਸ ਨੂੰ ਵਿਅਕਤੀ ਨੂੰ ਵਾਪਸ ਦਿੱਤਾ। ਇਕ ਅਧਿਕਾਰੀ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਐਂਥਨੀ ਡਿਕੋਸਟਾ 29 ਸਤੰਬਰ ਨੂੰ ਭਾਰਤ ਪਹੁੰਚਿਆ। ਉਨ੍ਹਾਂ ਦਾ ਪਰਿਵਾਰ ਮਹਾਰਾਸ਼ਟਰ ਦੇ ਰਾਏਗੜ੍ਹ ਜ਼ਿਲ੍ਹੇ ਦੇ ਨੇਰਲ 'ਚ ਰਹਿੰਦਾ ਹੈ। ਉਹ ਆਪਣੇ ਤਿੰਨ ਬੈਗ ਨਾਲ ਲੋਕਲ ਰੇਲ ਗੱਡੀ 'ਚ ਯਾਤਰਾ ਕਰ ਰਿਹਾ ਸੀ। ਨੇਰਲ 'ਚ ਉਤਰਦੇ ਸਮੇਂ ਉਹ 2 ਬੈਗ ਆਪਣੇ ਨਾਲ ਲੈ ਗਿਆ ਪਰ ਤੀਜਾ ਬੈਗ ਗਲਤੀ ਨਾਲ ਉੱਥੇ ਭੁੱਲ ਗਿਆ। ਉਸ ਬੈਗ 'ਚ ਤਿੰਨ ਪਾਸਪੋਰਟ, 4,900 ਅਮਰੀਕੀ ਡਾਲਰ ਅਤੇ ਇਕ ਆਈਫੋਨ ਸਣੇ ਹੋਰ ਸਾਮਾਨ ਸੀ। ਜਿਵੇਂ ਹੀ ਡਿਕੋਸਟਾ ਨੂੰ ਬੈਗ ਭੁੱਲਣ ਦਾ ਅਹਿਸਾਸ ਹੋਇਆ, ਉਨ੍ਹਾਂ ਨੇ ਤੁਰੰਤ ਰੇਲਵੇ ਹੈਲਪਲਾਈਨ ਨੰਬਰ 'ਤੇ ਫੋਨ ਕਰ ਕੇ ਮਾਮਲੇ ਦੀ ਸੂਚਨਾ ਦਿੱਤੀ। ਕਲਿਆਣ, ਸਰਕਾਰੀ ਰੇਲਵੇ ਪੁਲਸ (ਜੀ.ਆਰ.ਪੀ.) ਦੇ ਸੀਨੀਅਰ ਇੰਸਪੈਕਟਰ ਪੰਧਾਰੀ ਕਾਂਡੇ ਨੇ ਦੱਸਿਆ ਕਿ ਫੋਨ ਤੋਂ ਸੂਚਨਾ ਮਿਲਣ ਤੋਂ ਪਹਿਲੇ ਟਰੇਨ ਕਜਰਤ (ਰਾਏਗੜ੍ਹ) ਪਹੁੰਚ ਚੁੱਕੀ ਸੀ ਅਤੇ ਵਾਪਸ ਮੁੰਬਈ ਦੇ ਛਤਰਪਤੀ ਸ਼ਿਵਾਜੀ ਮਹਾਰਾਜ ਟਰਮਿਨਸ (ਸੀ.ਐੱਸ.ਐੱਮ.ਟੀ.) ਵੱਲ ਜਾ ਰਹੀ ਸੀ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਠਾਣੇ ਦੇ ਬਦਲਾਪੁਰ 'ਚ ਪੁਲਸ ਨੂੰ ਸੂਚਨਾ ਦਿੱਤੀ ਗਈ। ਪੁਲਸ ਨੇ ਤੁਰੰਤ ਰੇਲ ਗੱਡੀ 'ਚ ਚੜ੍ਹ ਕੇ ਡੱਬਿਆਂ ਦੀ ਤਲਾਸ਼ੀ ਲਈ ਅਤੇ 29 ਸਤੰਬਰ ਨੂੰ ਅੰਬਰਨਾਥ (ਠਾਣੇ) ਦੀ ਯਾਤਰਾ ਦੌਰਾਨ ਬੈਗ ਬਰਾਮਦ ਕਰ ਲਿਆ।

# ਸਰਕਾਰ ਸ਼ੁਰੂ ਕਰਨ ਜਾ ਰਹੀ ਹੈ ਨਵੀਂ ਸਕੀਮ ! ਨੌਜਵਾਨਾਂ ਨੂੰ ਹਰ ਮਹੀਨੇ 5,000 ਰੁਪਏ ਮਿਲਣਗੇ

**ਕਿਸ਼ਨ ਪਾਲ**

ਨੈਸ਼ਨਲ ਡੈਸਕ 3 ਅਕਤੂਬਰ। ਕੇਂਦਰ ਸਰਕਾਰ ਨੌਜਵਾਨਾਂ ਲਈ ਨਵੀਂ ਇੰਟਰਨਸ਼ਿਪ ਸਕੀਮ ਸ਼ੁਰੂ ਕਰਨ ਜਾ ਰਹੀ ਹੈ। ਇਸ ਸਕੀਮ ਤਹਿਤ ਨੌਜਵਾਨਾਂ ਨੂੰ ਹਰ ਮਹੀਨੇ 5,000 ਰੁਪਏ ਮਿਲਣਗੇ, ਜਿਸ 'ਚੋਂ 500 ਰੁਪਏ ਕੰਪਨੀਆਂ ਦੇ ਫੰਡ 'ਚੋਂ ਅਤੇ 4500 ਰੁਪਏ ਸਰਕਾਰ ਵੱਲੋਂ ਦਿੱਤੇ ਜਾਣਗੇ। ਇਸ ਯੋਜਨਾ ਦਾ ਪ੍ਰਸਤਾਵ ਬਜਟ 2024 'ਚ ਪੇਸ਼ ਕੀਤਾ ਗਿਆ ਸੀ ਅਤੇ ਹੁਣ ਇਸ ਨੂੰ ਲਾਗੂ ਕਰਨ ਦੀਆਂ ਤਿਆਰੀਆਂ ਤੇਜ ਹੋ ਗਈਆਂ ਹਨ। ਨੌਜਵਾਨਾਂ ਨੂੰ 5,000 ਰੁਪਏ ਪ੍ਰਤੀ ਮਹੀਨਾ ਭੁਗਤਾਨ ਕੀਤਾ ਜਾਵੇਗਾ। ਕੇਂਦਰ ਸਰਕਾਰ ਦਾ ਕਾਰਪੋਰੇਟ ਮਾਮਲਿਆਂ ਦਾ ਮੰਤਰਾਲਾ () ਜਲਦੀ ਹੀ ਇਸ ਯੋਜਨਾ ਦੇ ਦਿਸ਼ਾ-ਨਿਰਦੇਸ਼ ਜਾਰੀ ਕਰੇਗਾ। ਸਰਕਾਰ ਇਸ ਯੋਜਨਾ ਲਈ ਇਕ ਵਿਸ਼ੇਸ਼ ਔਨਲਾਈਨ ਪੋਰਟਲ ਵੀ ਵਿਕਸਤ ਕਰੇਗੀ। ਉਮਰ ਸੀਮਾ : ਇੰਟਰਨਸ ਦੀ ਉਮਰ 21 ਤੋਂ 24 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਸਲਾਨਾ ਆਮਦਨ : ਪਰਿਵਾਰ ਦੀ ਸਾਲਾਨਾ ਆਮਦਨ 8 ਲੱਖ ਰੁਪਏ ਤੋਂ ਵੱਧ ਨਹੀਂ ਹੋਣੀ ਚਾਹੀਦੀ। ਵਿਦਿਅਕ ਸਥਿਤੀ : ਸਿਰਫ ਉਹ ਵਿਦਿਆਰਥੀ




ਜੋ ਰਸਮੀ ਡਿਗਰੀ ਕੋਰਸ ਕਰ ਰਹੇ ਹਨ ਜਾਂ ਕੰਮ ਕਰ ਰਹੇ ਹਨ, ਉਹ ਇਸ ਸਕੀਮ ਲਈ ਯੋਗ ਨਹੀਂ ਹਨ। ਆਨਲਾਈਨ ਕੋਰਸ ਜਾਂ ਵੋਕੇਸ਼ਨਲ ਟਰੇਨਿੰਗ ਕਰਨ ਵਾਲੇ ਵਿਦਿਆਰਥੀ ਇਸ ਸਕੀਮ ਦਾ ਹਿੱਸਾ ਬਣ ਸਕਦੇ ਹਨ। ਤੁਹਾਨੂੰ ਦੱਸ ਦੇਈਏ ਕਿ ਇਹ ਸਕੀਮ ਨੌਜਵਾਨਾਂ ਨੂੰ ਹੁਨਰ ਵਿਕਾਸ ਰਾਹੀਂ ਕਾਰਪੋਰੇਟ ਸੈਕਟਰ 'ਚ ਨੌਕਰੀਆਂ ਹਾਸਲ ਕਰਨ 'ਚ ਮਦਦ ਕਰੇਗੀ। ਕਈ ਵੱਡੀਆਂ ਕੰਪਨੀਆਂ ਨੇ ਇਸ ਸਕੀਮ 'ਚ ਦਿਲਚਸਪੀ ਦਿਖਾਈ ਹੈ ਅਤੇ ਨੌਜਵਾਨਾਂ ਨੂੰ ਸਿਖਲਾਈ ਦੇਣ ਲਈ ਤਿਆਰ ਹਨ। ਇਸ ਤੋਂ ਇਲਾਵਾ, ਹਰੇਕ ਇੰਟਰਨ ਨੂੰ 6,000 ਰੁਪਏ ਦਾ ਇਕ ਵਾਰ ਭੁਗਤਾਨ ਵੀ ਮਿਲੇਗਾ। ਇਸ ਇੰਟਰਨਸ਼ਿਪ ਦੌਰਾਨ ਸਿਖਲਾਈ ਦਾ ਖਰਚਾ ਤਾਂ ਕੰਪਨੀਆਂ ਹੀ ਚੁੱਕਣਗੀਆਂ ਪਰ ਨੌਜਵਾਨਾਂ ਨੂੰ ਰਿਹਾਇਸ਼ ਅਤੇ ਖਾਣੇ ਦਾ ਖਰਚਾ ਖੁਦ ਚੁੱਕਣਾ ਪਵੇਗਾ। ਇਹ ਖਰਚਾ ਸਰਕਾਰ ਵੱਲੋਂ ਦਿੱਤੀ ਜਾਂਦੀ ਸਹਾਇਤਾ ਨਾਲ ਪੂਰਾ ਕੀਤਾ ਜਾ ਸਕਦਾ ਹੈ। ਇਸ ਸਕੀਮ ਦਾ ਮੁੱਖ ਉਦੇਸ਼ ਕੰਪਨੀਆਂ ਅਤੇ ਨੌਜਵਾਨਾਂ ਵਿਚਕਾਰ ਮਜਬੂਤ ਰਿਸ਼ਤਾ ਕਾਇਮ ਕਰਨਾ ਹੈ ਤਾਂ ਜੋ ਨੌਜਵਾਨਾਂ ਨੂੰ ਆਸਾਨੀ ਨਾਲ ਨੌਕਰੀਆਂ ਮਿਲ ਸਕਣ ਅਤੇ ਕੰਪਨੀਆਂ ਨੂੰ ਚੰਗੇ ਹੁਨਰ ਵਾਲੇ ਕਰਮਚਾਰੀ ਮਿਲ ਸਕਣ।

## 3 ਘੰਟੇ ਕੰਮ ਤੇ ਤਨਖਾਹ 4.4 ਲੱਖ ! ਕੁੜੀ ਨੇ ਸ਼ੇਅਰ ਕੀਤਾ ਸਕਰੀਨਸ਼ਾਟ

ਨੈਸ਼ਨਲ ਡੈਸਕ 3 ਅਕਤੂਬਰ। ਲੋਕਾਂ ਨੂੰ ਲੱਖਾਂ ਰੁਪਏ ਕਮਾਉਣ ਲਈ ਕਈ ਮਹੀਨੇ ਜਾਂ ਸਾਲ ਲੱਗ ਜਾਂਦੇ ਹਨ। ਕੁਝ ਲੋਕਾਂ ਦਾ ਸਾਲਾਨਾ ਪੈਕੇਜ ਲੱਖ ਰੁਪਏ ਦੇ ਕਰੀਬ ਹੈ। ਪਰ ਇੱਕ ਔਰਤ ਨੇ ਸਿਰਫ 3 ਘੰਟਿਆਂ 'ਚ 4 ਲੱਖ ਰੁਪਏ ਤੋਂ ਵੱਧ ਦੀ ਕਮਾਈ ਕਰ ਲਈ ਹੈ। ਉਸ ਨੇ ਇਸ ਕਮਾਈ ਦਾ ਸਕਰੀਨ ਸ਼ਾਟ ਸੋਸ਼ਲ ਮੀਡੀਆ 'ਤੇ ਸ਼ੇਅਰ ਕੀਤਾ ਹੈ। ਇਸ ਨੂੰ ਦੇਖ ਕੇ ਯੂਜਰਸ ਦੇ ਵੀ ਹੋਸ਼ ਉੱਡ ਗਏ ਹਨ। ਸਥਿਤੀ ਇਹ ਹੈ ਕਿ ਇਸ ਪੋਸਟ 'ਤੇ ਹਜਾਰਾਂ ਲਾਈਕਸ ਅਤੇ ਕਮੈਂਟ ਆ ਚੁੱਕੇ ਹਨ। ਔਰਤ ਦੀ ਵੱਡੀ ਕਮਾਈ ਦਾ ਰਾਜ ਜਾਣਨ ਲਈ ਹਰ ਕੋਈ ਬੇਤਾਬ ਹੈ। ਔਰਤ ਦਾ ਨਾਂ ਸਵੇਤਾ ਕੁਕਰੇਜਾ ਹੈ। ਉਨ੍ਹਾਂ ਨੇ ਪਲੇਟਫਾਰਮ 'ਤੇ ਇਕ ਸਕ੍ਰੀਨਸ਼ੌਟ ਸ਼ੇਅਰ ਕੀਤਾ ਹੈ,



ਜਿਸ 'ਚ 4,40,000 ਰੁਪਏ ਦਾ ਕ੍ਰੈਡਿਟ ਦੇਖਿਆ ਜਾ ਸਕਦਾ ਹੈ। ਇਸ ਸਕਰੀਨਸ਼ਾਟ ਨੂੰ ਸ਼ੇਅਰ ਕਰਦੇ ਹੋਏ ਮਹਿਲਾ ਨੇ ਲਿਖਿਆ ਕਿ ਇਸ ਮਹੀਨੇ ਇੱਕ ਗਾਹਕ ਨੇ ਮੈਨੂੰ 5,200 ਡਾਲਰ ਯਾਨੀ ਲਗਭਗ 4,40,000 ਰੁਪਏ ਦਿੱਤੇ ਹਨ। ਮੈਂ ਉਨ੍ਹਾਂ ਦੀ ਸੋਸ਼ਲ ਮੀਡੀਆ ਰਣਨੀਤੀ 'ਤੇ ਸਿਰਫ 3 ਘੰਟੇ ਕੰਮ ਕੀਤਾ। ਸਵੇਤਾ ਦੀ ਇਸ ਪੋਸਟ ਨੂੰ 776 ਹਜਾਰ ਤੋਂ ਵੱਧ ਵਿਊਜ ਮਿਲ ਚੁੱਕੇ ਹਨ। ਹਰ ਕੋਈ ਉਸ ਦੇ ਕੰਮ ਬਾਰੇ ਜਾਣਨ ਲਈ ਉਤਸੁਕ ਹੈ। ਸਵੇਤਾ ਦੀ ਪੋਸਟ 'ਤੇ ਹੈਰਾਨੀ ਜਤਾਉਂਦੇ ਹੋਏ ਇਕ ਯੂਜਰ ਨੇ ਲਿਖਿਆ, ਤੁਸੀਂ ਕਿਹਾ ਕਿ ਇਹ ਕੰਮ ਸਿਰਫ 3 ਘੰਟਿਆਂ 'ਚ ਹੋ ਗਿਆ। ਇਸ ਨੂੰ ਪੜ੍ਹ ਕੇ ਤੁਹਾਡਾ ਗਾਹਕ ਖੁਸ਼ ਨਹੀਂ ਹੋਵੇਗਾ। ਇਸ ਪੋਸਟ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਸਵੇਤਾ ਨੇ ਲਿਖਿਆ ਕਿ ਮੈਨੂੰ ਇਹ ਫੀਸ ਘੰਟਿਆਂ ਦੇ ਆਧਾਰ 'ਤੇ ਨਹੀਂ ਸਗੋਂ ਆਪਣੀ ਮੁਹਾਰਤ ਦੇ ਆਧਾਰ 'ਤੇ ਮਿਲੀ ਹੈ। ਮੈਂ ਕਈ ਸਾਲਾਂ ਦੇ ਤਜਰਬੇ ਤੋਂ ਬਾਅਦ ਇਸ ਅਹੁਦੇ 'ਤੇ ਪਹੁੰਚੀ ਹਾਂ। ਜੇ ਉਨ੍ਹਾਂ ਨੂੰ ਘੰਟੇ ਦੀ ਫੀਸ ਦੇਣੀ ਪੈਂਦੀ ਤਾਂ ਉਹ ਕੰਮ ਸਸਤੇ 'ਚ ਕਰਵਾ ਸਕਦੇ ਸਨ। ਤੁਹਾਨੂੰ ਦੱਸ ਦੇਈਏ ਕਿ ਸਵੇਤਾ ਕੁਕਰੇਜਾ ਇੱਕ ਸੋਸ਼ਲ ਮੀਡੀਆ ਮਾਹਰ ਹੈ, ਜੋ ਗਾਹਕਾਂ ਦੀ ਨਿੱਜੀ ਬ੍ਰਾਂਡਿੰਗ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਦੀ ਹੈ। ਸਵੇਤਾ ਦੀ ਇਸ ਪੋਸਟ 'ਤੇ ਕਮੈਂਟ ਸੈਕਸ਼ਨ ਦਾ ਹੜ੍ਹ ਆ ਗਿਆ ਹੈ। ਇਕ ਯੂਜਰ ਨੇ ਲਿਖਿਆ ਕਿ ਇਹ ਫਰੈਸ਼ਰ ਦੀ ਸਾਲਾਨਾ ਆਮਦਨ ਤੋਂ ਜ਼ਿਆਦਾ ਹੈ।

## ਪਿੰਡ ਦਿਆਲਪੁਰ 'ਚ ਸਰਬਸੰਮਤੀ ਨਾਲ ਚੁਣੀ ਗਈ ਪੰਚਾਇਤ, ਹਰਜਿੰਦਰ ਰਾਜਾ ਲਗਾਤਾਰ ਤੀਜੀ ਵਾਰ ਬਣੇ ਸਰਪੰਚ

ਕਰਤਾਰਪੁਰ 3 ਅਕਤੂਬਰ। ਹਲਕੇ ਦੇ ਪਿੰਡ ਦਿਆਲਪੁਰ ਦੇ ਪਿੰਡ ਵਾਸੀਆਂ ਨੇ ਪਿੰਡ ਦੇ ਸਾਬਕਾ ਸਰਪੰਚ ਹਰਜਿੰਦਰ ਸਿੰਘ ਰਾਜਾ ਨੂੰ ਬਿਨਾਂ ਕਿਸੇ ਵਿਰੋਧ ਦੇ ਲਗਾਤਾਰ ਤੀਜੀ ਵਾਰ ਸਰਪੰਚ ਬਣਾ ਕੇ ਬਾਕੀ ਪੰਚਾਇਤ ਦੀ ਵੀ ਸਰਬ ਸੰਮਤੀ ਨਾਲ ਚੋਣ ਕਰ ਲਈ ਗਈ ਹੈ। ਸਰਪੰਚ ਹਰਜਿੰਦਰ ਸਿੰਘ ਰਾਜਾ ਤੇ ਸਮੂਹ ਪੰਚਾਇਤ ਮੈਂਬਰਾਂ ਤੇ ਨਗਰ ਨਿਵਾਸੀਆਂ ਨੇ ਗੁਰਦੁਆਰਾ ਸਾਹਿਬ ਹਲਟੀ ਵਾਲਾ ਵਿਖੇ ਜਾ ਕੇ ਅਰਦਾਸ ਉਪਰੰਤ ਗੁਰੂ ਚਰਨਾਂ ਵਿਚ ਮੱਥਾ ਟੇਕਿਆ ਅਤੇ ਗੁਰੂ ਸਾਹਿਬ ਜੀ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਉਨ੍ਹਾਂ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਬਲਕਾਰ ਸਿੰਘ ਦੇ ਸਹਿਯੋਗ ਨਾਲ ਪਿੰਡ ਵਿਚ ਸ਼ਹਿਰੀ ਸਹੂਲਤਾਂ ਮੁਹਈਆ ਹੋਇਆ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਸਰਬਸੰਮਤੀ ਨਾਲ ਬਣੀ ਪੰਚਾਇਤ ਵਿਚ 9 ਪੰਚਾਇਤ ਮੈਂਬਰਾਂ ਵਿਚ ਮਨਜੀਤ ਕੌਰ, ਕਸ਼ਮੀਰੀ ਲਾਲ, ਅਸ਼ੋਕ ਕਮਾਰ ਸਹੋਤਾ, ਅਸ਼ਵਨੀ ਕਮਾਰ, ਸੇਵਾ ਸਿੰਘ ਧੂਪੜ, ਪਰਮਜੀਤ ਸਿੰਘ ਖੱਖ, ਸਾਧਨਾ ਸੇਠ, ਇਦਰਜੀਤ ਕੋਰ ਧੂਪੜ, ਲਖਵਿੰਦਰ ਕੌਰ ਖੱਖ ਤੇ ਸਰਪੰਚ ਹਰਜਿੰਦਰ ਸਿੰਘ ਰਾਜਾ ਨੇ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਸੜਕ 'ਤੇ ਜਾਂਦੇ ਬੰਦੇ ਨੂੰ ਮਾਰੀ ਗੋਲੀ, ਉਹ ਵੀ ਆਪਣੇ ਹੀ ਸਾਥੀ ਨੂੰ ਜਾ ਵੱਜੀ

ਪਟਿਆਲਾ 3 ਅਕਤੂਬਰ। ਅੱਧੀ ਰਾਤੀਂ ਪਟਿਆਲਾ 'ਚ ਵੱਡੀ ਵਾਰਦਾਤ ਹੋਣ ਦੀ ਜਾਣਕਾਰੀ ਪ੍ਰਾਪਤ ਹੋਈ ਹੈ, ਜਿੱਥੇ ਮੋਟਰਸਾਈਕਲ ਸਵਾਰ ਨਾਲ ਕਿਸੇ ਗੱਲ ਨੂੰ ਹੋਈ ਬਹਿਸ ਤੋਂ ਬਾਅਦ ਕਾਰ ਸਵਾਰ ਨੌਜਵਾਨਾਂ ਨੇ ਪਿਸਤੌਲ ਕੱਢ ਕੇ ਗੋਲੀਆਂ ਚਲਾ ਦਿੱਤੀਆਂ। ਇਹੀ ਨਹੀਂ, ਇਹ ਗੋਲੀ ਮੋਟਰਸਾਈਕਲ ਸਵਾਰ ਨੂੰ ਨਹੀਂ, ਸਗੋਂ ਗੱਡੀ 'ਚ ਹੀ ਬੈਠੇ ਉਸ ਵਿਅਕਤੀ ਦੇ ਸਾਥੀ ਨੂੰ ਲੱਗ ਗਈ, ਜਿਸ ਕਾਰਨ ਉਹ ਬੁਰੀ ਤਰ੍ਹਾਂ ਜਖਮੀ ਹੋ ਗਿਆ ਤੇ ਉਸ ਨੂੰ ਹੁਣ ਇਲਾਜ ਲਈ ਪਟਿਆਲਾ ਦੇ ਰਜਿੰਦਰਾ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ। ਜਾਣਕਾਰੀ ਮੁਤਾਬਕ ਇਹ ਘਟਨਾ ਉਸ ਸਮੇਂ ਵਾਪਰੀ, ਜਦੋਂ ਇਨੋਵਾ ਸਵਾਰ ਨੌਜਵਾਨ ਸਰਹਿੰਦ ਤੋਂ ਪਟਿਆਲਾ ਵੱਲ ਆ ਰਹੇ ਸਨ। ਰਸਤੇ 'ਚ ਉਨ੍ਹਾਂ ਦੀ ਇਕ ਬਾਈਕ ਸਵਾਰ ਨਾਲ ਕਹਾ-ਸੁਣੀ ਹੋ ਗਈ, ਜਿਸ ਮਗਰੋਂ ਕਾਰ ਸਵਾਰ ਇਕ ਨੌਜਵਾਨ ਨੇ ਉਸ ਵੱਲ ਪਿਸਤੌਲ ਤਾਣ ਕੇ ਫਾਇਰ ਕਰ ਦਿੱਤੇ। ਪਰ ਉਸ ਦੀ ਇਕ ਗੋਲੀ ਉਸੇ ਦੇ ਸਾਥੀ ਨੂੰ ਲੱਗ ਗਈ ਤੇ ਉਹ ਗੰਭੀਰ ਰੂਪ 'ਚ ਜਖਮੀ ਹੋ ਗਿਆ। ਮਾਮਲੇ ਦੀ ਸੂਚਨਾ ਮਿਲਣ ਪਿੱਛੋਂ ਪੁਲਸ ਦੀ ਟੀਮ ਮੌਕੇ 'ਤੇ ਪਹੁੰਚ ਚੁੱਕੀ ਹੈ ਤੇ ਮਾਮਲੇ ਦੀ ਜਾਂਚ ਕਰ ਰਹੀ ਹੈ। ਜਾਣਕਾਰੀ ਅਨੁਸਾਰ ਜਿਸ ਪਿਸਤੌਲ ਨਾਲ ਗੋਲੀਆਂ ਚਲਾਈਆਂ ਗਈਆਂ ਹਨ, ਉਹ ਵੀ ਨਾਜਾਇਜ ਦੱਸਿਆ ਜਾ ਰਿਹਾ ਹੈ।

# ਟਰੇਨ ਦੇ ਇੰਜਣ ਨਾਲ ਟਕਰਾਇਆ ਰੇਲਵੇ ਟ੍ਰੈਕ 'ਤੇ ਰੱਖਿਆ ਪੱਥਰ

**ਏਜੰਸੀਆਂ**

ਬਲੀਆ 3 ਅਕਤੂਬਰ। ਸਨੀਵਾਰ ਨੂੰ ਉੱਤਰ ਪ੍ਰਦੇਸ ਦੇ ਬਲੀਆ ਜ਼ਿਲ੍ਹੇ ਦੇ ਬੈਰੀਆ ਇਲਾਕੇ 'ਚ ਰੇਲਵੇ ਟ੍ਰੈਕ 'ਤੇ ਰੱਖਿਆ ਇਕ ਪੱਥਰ ਟਰੇਨ ਦੇ ਇੰਜਣ ਨਾਲ ਟਕਰਾ ਗਿਆ। ਹਾਲਾਂਕਿ ਇਸ ਨਾਲ ਕੋਈ ਨੁਕਸਾਨ ਨਹੀਂ ਹੋਇਆ। ਅਧਿਕਾਰੀਆਂ ਨੇ ਇਸ ਗੱਲ ਦੀ ਜਾਣਕਾਰੀ ਦਿੱਤੀ। ਉੱਤਰ ਪ੍ਰਦੇਸ 'ਚ ਰੇਲਵੇ ਪਟੜੀਆਂ 'ਤੇ ਗੈਸ ਸਿਲੰਡਰ, ਖੰਭੇ ਆਦਿ ਮਿਲਣ ਦੇ ਮਾਮਲਿਆਂ ਵਿਚਾਲੇ ਸਨੀਵਾਰ ਨੂੰ ਵਾਪਰੀ ਇਸ ਘਟਨਾ ਨੇ ਸਨਸਨੀ ਮਚਾ ਦਿੱਤੀ ਹੈ। ਉੱਤਰ ਪੂਰਬੀ ਰੇਲਵੇ ਦੇ ਲੋਕ ਸੰਪਰਕ ਅਧਿਕਾਰੀ ਅਸੋਕ ਕੁਮਾਰ ਨੇ ਦੱਸਿਆ ਕਿ ਸਨੀਵਾਰ ਸਵੇਰੇ 10:25 ਵਜੇ ਵਾਰਾਣਸੀ-ਬਲੀਆ-ਛਪਰਾ ਰੇਲਵੇ ਬਲਾਕ 'ਤੇ ਬਕੁਲਾ-ਮਾਂਝੀ ਰੇਲਵੇ ਸਟੇਸਨ ਦੇ ਵਿਚਕਾਰ ਕਿਲੋਮੀਟਰ-18/10 'ਤੇ ਰੇਲਵੇ ਟ੍ਰੈਕ 'ਤੇ ਇੱਕ ਪੱਥਰ ਮਿਲਿਆ। ਇਹ ਪੱਥਰ ਲਖਨਊ ਤੋਂ ਛਪਰਾ ਜਾ ਰਹੀ 15054 ਲਖਨਊ-ਛਪਰਾ ਐਕਸਪ੍ਰੈੱਸ ਟਰੇਨ ਦੇ ਇੰਜਣ ਦੇ 'ਕੈਟਲ ਗਾਰਡ' 'ਤੇ ਜਾ ਵੱਜਿਆ। ਕੁਮਾਰ ਨੇ ਦੱਸਿਆ ਕਿ ਲੋਕੋ ਪਾਇਲਟ (ਰੇਲਵੇ ਡਰਾਈਵਰ) ਨੇ ਟਰੈਕ 'ਤੇ ਪਏ ਪੱਥਰ ਨੂੰ ਦੇਖ ਕੇ ਐਮਰਜੈਂਸੀ ਬ੍ਰੇਕ ਲਗਾਈ, ਜਿਸ ਤੋਂ ਬਾਅਦ ਇਹ ਪੱਥਰ ਇੰਜਣ ਦੇ ਕੈਟਲ ਗਾਰਡ ਨਾਲ ਟਕਰਾ ਕੇ ਹਟ ਗਿਆ। ਉਨ੍ਹਾਂ ਕਿਹਾ ਕਿ ਸੁਰੱਖਿਆ ਨੂੰ ਯਕੀਨੀ ਬਣਾਉਣ ਤੋਂ ਬਾਅਦ ਲੋਕੋ ਪਾਇਲਟ ਦੁਆਰਾ ਟਰੇਨ ਨੂੰ ਮੰਜ਼ਿਲ ਵੱਲ ਰਵਾਨਾ ਕੀਤਾ ਗਿਆ। ਇਸ ਘਟਨਾ ਵਿੱਚ ਕਿਸੇ ਤਰ੍ਹਾਂ ਦੇ ਨੁਕਸਾਨ ਦੀ ਕੋਈ ਸੂਚਨਾ ਨਹੀਂ। ਬਰਿਆਰੀਆ ਥਾਣੇ ਦੇ ਇੰਸਪੈਕਟਰ (ਐੱਸਐੱਚਓ) ਰਾਮਾਇਣ ਸਿੰਘ ਨੇ ਦੱਸਿਆ ਕਿ ਇਹ ਘਟਨਾ ਬਿਹਾਰ ਸਰਹੱਦ 'ਤੇ ਸਥਿਤ ਮਾਂਝੀ ਪੁਲ ਤੋਂ ਪਹਿਲਾਂ ਚੰਦ ਦੀਯਾਰ




ਪਿੰਡ ਦੇ ਯਾਦਵ ਨਗਰ ਦੇ ਸਾਹਮਣੇ ਵਾਪਰੀ। ਉਨ੍ਹਾਂ ਦੱਸਿਆ ਕਿ ਲਖਨਊ-ਛਪਰਾ ਐਕਸਪ੍ਰੈੱਸ ਰੇਲਗੱਡੀ ਤੋਂ ਅੱਧਾ ਘੰਟਾ ਪਹਿਲਾਂ ਇਸ ਰੇਲਵੇ ਰੂਟ ਤੋਂ ਇੱਕ ਯਾਤਰੀ ਰੇਲ ਗੱਡੀ ਵੀ ਲੰਘੀ। ਉਨ੍ਹਾਂ ਦੱਸਿਆ ਕਿ ਰੇਲਵੇ ਟਰੈਕ 'ਤੇ ਪੱਥਰ ਰੱਖਣ ਦੀ ਸੂਚਨਾ ਮਿਲਦਿਆਂ ਪੁਲਸ ਅਤੇ ਸਰਕਾਰੀ ਰੇਲਵੇ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਇਸ ਮਾਮਲੇ ਦੀ ਜਾਂਚ ਕਰਨੀ ਸੁਰੂ ਕਰ ਦਿੱਤੀ। ਬੈਰੀਆ ਥਾਣਾ ਖੇਤਰ ਦੇ ਅਧਿਕਾਰੀ (ਸੀਓ) ਮੁਹੰਮਦ ਉਸਮਾਨ ਨੇ ਦੱਸਿਆ ਕਿ ਬੈਰੀਆ ਥਾਣਾ ਦੇ ਮਾਂਝੀ ਰੇਲਵੇ ਪੁਲ ਤੋਂ ਕਰੀਬ 300 ਮੀਟਰ ਪਹਿਲਾਂ ਸਨੀਵਾਰ ਸਵੇਰੇ ਕਰੀਬ 10:40 ਵਜੇ ਲਖਨਊ-ਛਪਰਾ ਐਕਸਪ੍ਰੈੱਸ (15054) ਛਪਰਾ ਜਾ ਰਹੀ ਸੀ। ਟ੍ਰੈਕ ਦੇ ਵਿਚਕਾਰਲੇ ਪੱਥਰ ਨਾਲ ਸੁਰੱਖਿਆ ਗਾਰਡ ਦੇ ਇੰਜਣ ਨਾਲ ਟਕਰਾਉਣ ਕਾਰਨ ਟ੍ਰੈਕ 'ਤੇ ਕੁਝ ਸਲੀਪਰਾਂ 'ਤੇ ਸਕ੍ਰੈਚ ਦੇ ਨਿਸਾਨ ਹਨ। ਸੀਓ ਨੇ ਦੱਸਿਆ ਕਿ ਉਕਤ ਟਰੇਨ ਬਿਨਾਂ ਰੁਕੇ ਆਪਣੀ ਮੰਜ਼ਿਲ ਵੱਲ ਰਵਾਨਾ ਹੋ ਗਈ। ਰੇਲਵੇ ਦਾ ਕੰਮਕਾਜ ਆਮ ਵਾਂਗ ਹੈ। ਇਸ ਦੀ ਸੂਚਨਾ ਮਿਲਦੇ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਘਟਨਾ ਸਥਾਨ ਦਾ ਜਾਇਜਾ ਲਿਆ। ਉਨ੍ਹਾਂ ਦੱਸਿਆ ਕਿ ਸਥਾਨਕ ਪੁਲਸ ਅਤੇ ਰੇਲਵੇ ਸੁਰੱਖਿਆ ਬਲ (ਆਰਪੀਐੱਫ) ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਹਾਲ ਹੀ ਵਿੱਚ ਅਜਿਹੇ ਮਾਮਲੇ ਵੀ ਸਾਹਮਣੇ ਆਏ ਹਨ ਜਦੋਂ ਚੋਰੀ ਦੀ ਕੋਸ਼ਿਸ਼ ਕਾਰਨ ਰੇਲਵੇ ਟ੍ਰੈਕ ਵਿੱਚ ਵਿਘਨ ਪਾਇਆ ਗਿਆ ਸੀ। ਉੱਤਰ ਪ੍ਰਦੇਸ ਦੇ ਰਾਮਪੁਰ 'ਚ 18 ਸਤੰਬਰ ਨੂੰ ਨੈਨੀ ਜਨ ਸਤਾਬਦੀ ਐਕਸਪ੍ਰੈੱਸ ਰੇਲਗੱਡੀ ਦੇ ਰੂਟ 'ਤੇ ਖੰਭੇ ਲਗਾਉਣ ਦੇ ਦੋਸ 'ਚ ਪੁਲਸ ਨੇ ਦੋ ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ।

# ਗੈਰ-ਬਾਸਮਤੀ ਚੌਲਾਂ ਦੀ ਬਰਾਮਦ ਨੂੰ ਮਨਜੂਰੀ, ਸੋਇਆਬੀਨ, ਸੂਰਜਮੁਖੀ ਤੇ ਮੂੰਗਫਲੀ 'ਤੇ ਵੀ ਕਿਸਾਨਾਂ ਨੂੰ ਵੱਡੀ ਰਾਹਤ

**ਏਜੰਸੀਆਂ**

ਨੈਸ਼ਨਲ ਡੈਸਕ : ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਨੇ ਗੈਰ-ਬਾਸਮਤੀ ਚੌਲਾਂ ਦੀ ਬਰਾਮਦ ਖੋਲ੍ਹਣ ਅਤੇ ਘੱਟੋ-ਘੱਟ ਬਰਾਮਦ ਮੁੱਲ ਨਿਰਧਾਰਤ ਕਰਨ ਦੀ ਮਨਜੂਰੀ ਦੇ ਦਿੱਤੀ ਹੈ। ਗੈਰ-ਬਾਸਮਤੀ ਚਿੱਟੇ ਚੌਲਾਂ ਲਈ ਘੱਟੋ-ਘੱਟ ਨਿਰਯਾਤ ਮੁੱਲ 490 ਡਾਲਰ ਪ੍ਰਤੀ ਟਨ ਤੈਅ ਕੀਤਾ ਗਿਆ ਹੈ। ਪਰਬਾਇਲਡ ਅਤੇ ਬਰਾਊਨ ਰਾਈਸ 'ਤੇ ਡਿਊਟੀ 20 ਫੀਸਦੀ ਤੋਂ ਘਟਾ ਕੇ 10 ਫੀਸਦੀ ਕਰ ਦਿੱਤੀ ਗਈ ਹੈ। ਇਸ ਨੂੰ ਕੇਂਦਰ ਸਰਕਾਰ ਦਾ ਚੌਲ ਉਤਪਾਦਕ ਕਿਸਾਨਾਂ ਦੀ ਆਰਥਿਕ ਮਜਬੂਤੀ ਵੱਲ ਵੱਡਾ ਕਦਮ ਦੱਸਿਆ ਜਾ ਰਿਹਾ ਹੈ। ਕਿਸਾਨ ਹੁਣ ਆਪਣੀ ਉਪਜ ਘੱਟੋ-ਘੱਟ ਤੈਅ ਕੀਮਤ ਤੋਂ ਵੱਧ ਕੀਮਤ 'ਤੇ ਹੀ ਨਿਰਯਾਤ ਕਰਨਗੇ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਖਾਣ ਵਾਲੇ ਤੇਲ 'ਤੇ ਦਰਾਮਦ ਡਿਊਟੀ ਵਧਾ ਕੇ 20 ਫੀਸਦੀ ਕਰ ਦਿੱਤੀ ਗਈ ਹੈ। ਹੋਰ ਡਿਵਾਈਸਾਂ ਨੂੰ ਜੋੜਨ 'ਤੇ ਕੁੱਲ ਪ੍ਰਭਾਵੀ ਡਿਊਟੀ ਨੂੰ ਘਟਾ ਕੇ 27.5 ਫੀਸਦੀ ਕਰ ਦਿੱਤਾ ਗਿਆ ਹੈ। ਰਿਫਾਇੰਡ ਤੇਲ 'ਤੇ ਬੇਸਿਕ ਡਿਊਟੀ ਵਧਾ ਕੇ 32.5 ਫੀਸਦੀ ਕਰ ਦਿੱਤੀ ਗਈ ਹੈ। ਇਸ ਫੈਸਲੇ ਨਾਲ ਸੋਇਆਬੀਨ, ਸੂਰਜਮੁਖੀ ਅਤੇ ਮੂੰਗਫਲੀ ਉਤਪਾਦਕ ਕਿਸਾਨਾਂ ਨੂੰ ਆਰਥਿਕ ਲਾਭ ਮਿਲੇਗਾ। ਪਿਆਜ 'ਤੇ ਐਕਸਪੋਰਟ ਡਿਊਟੀ 40 ਫੀਸਦੀ ਸੀ, ਜਿਸ ਨੂੰ ਘਟਾ ਕੇ 20 ਫੀਸਦੀ ਕਰ ਦਿੱਤਾ ਗਿਆ ਹੈ। ਇਸ ਫੈਸਲੇ ਨਾਲ ਪਿਆਜ ਉਤਪਾਦਕ ਕਿਸਾਨਾਂ ਨੂੰ ਵਾਜਬ ਭਾਅ ਮਿਲੇਗਾ। ਬਾਸਮਤੀ ਚੌਲਾਂ 'ਤੇ ਘੱਟੋ-ਘੱਟ ਬਰਾਮਦ



ਮੁੱਲ ਨੂੰ ਵੀ ਖਤਮ ਕਰਨ ਦਾ ਫੈਸਲਾ ਕੀਤਾ ਗਿਆ ਹੈ। ਜਿਸ ਕਾਰਨ ਬਾਸਮਤੀ ਚੌਲ ਪੈਦਾ ਕਰਨ ਵਾਲੇ ਕਿਸਾਨ ਇਸ ਦੀ ਬਰਾਮਦ ਕਰ ਕੇ ਵੱਧ ਮੁਨਾਫਾ ਲੈ ਸਕਣਗੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 61 ਫਸਲਾਂ ਦੀਆਂ 109 ਕਿਸਮਾਂ, 34 ਖੇਤਰੀ ਫਸਲਾਂ ਅਤੇ ਬਾਗਬਾਨੀ ਫਸਲਾਂ ਦੀਆਂ 27 ਨਵੀਆਂ ਕਿਸਮਾਂ ਕਿਸਾਨਾਂ ਨੂੰ ਸਮਰਪਿਤ ਕੀਤੀਆਂ ਹਨ, ਜਿਸ ਨਾਲ ਖੇਤੀ ਉਤਪਾਦਕਤਾ 'ਚ ਵਾਧਾ ਹੋਵੇਗਾ। ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਵੀ ਤੁਆਰ, ਉੜਦ ਅਤੇ ਦਾਲ ਦਾ ਉਤਪਾਦਨ ਕਰਨ ਵਾਲੇ ਕਿਸਾਨਾਂ ਲਈ 100 ਫੀਸਦੀ ਖਰੀਦ ਦਾ ਭਰੋਸਾ ਦਿੱਤਾ ਹੈ। 2027-28 ਤੱਕ ਦਾਲਾਂ ਦੀਆਂ ਫਸਲਾਂ ਦੇ ਉਤਪਾਦਨ 'ਚ ਆਤਮਨਿਰਭਰ ਬਣਨ ਦਾ ਟੀਚਾ ਉਨ੍ਹਾਂ ਨੇ ਸਾਲ 2025-26 ਤੱਕ ਖੇਤਰ ਦੇ ਵਿਸਥਾਰ ਅਤੇ ਦਾਲਾਂ ਦੀ ਫਸਲ ਦੀ ਉਤਪਾਦਕਤਾ ਵਿੱਚ ਸੁਧਾਰ ਅਤੇ ਸਾਲ 2027-28 ਤੱਕ ਸਵੈ-ਨਿਰਭਰਤਾ ਦਾ ਟੀਚਾ ਰੱਖਿਆ ਹੈ। ਪ੍ਰਧਾਨ ਮੰਤਰੀ ਫਸਲ ਬੀਮਾ ਅਧੀਨ ਮਹਾਰਾਸਟਰ (ਪਰਭਨੀ ਜ਼ਿਲ੍ਹਾ) ਦੇ 2 ਲੱਖ ਕਿਸਾਨਾਂ ਦੇ 200 ਕਰੋੜ ਰੁਪਏ ਤੋਂ ਵੱਧ ਦੇ ਬਕਾਇਆ ਦਾਅਵਿਆਂ ਦਾ ਭੁਗਤਾਨ ਕਰਨ ਲਈ ਰਾਸਟਰੀ ਕੀਟ ਨਿਗਰਾਨੀ ਪ੍ਰਣਾਲੀ () ਦੀ ਸੁਰੂਆਤ ਕੀਤੀ ਗਈ ਸੀ, ਜਿਸ ਰਾਹੀਂ ਕਿਸਾਨਾਂ ਨੂੰ ਕੀੜਿਆਂ ਦੀ ਸਹੀ ਪਛਾਣ ਅਤੇ ਪ੍ਰਬੰਧਨ ਲਈ ਤੁਰੰਤ ਸਲਾਹ ਦਿੱਤੀ ਜਾਂਦੀ ਹੈ।

## ਸਰਪੰਚੀ ਲਈ 2 ਕਰੋੜ ਦੀ ਬੋਲੀ ਲਾਉਣ ਵਾਲੇ ਦੀ ਖੈਰ ਨਹੀਂ, ਡੀ.ਸੀ ਨੇ ਜਾਂਚ ਦੇ ਦਿੱਤੇ ਆਦੇਸ਼

ਗੁਰਦਾਸਪੁਰ 3 ਅਕਤੂਬਰ। ਬੀਤੇ ਦਿਨੀਂ ਜ਼ਿਲ੍ਹਾ ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਦੇ ਪਿੰਡ ਹਰਦੋਵਾਲ ਕਲਾਂ 'ਚ ਸਰਪੰਚੀ ਲਈ 2 ਕਰੋੜ ਦੀ ਬੋਲੀ ਲਗਾਈ ਗਈ ਸੀ। ਪਰ ਹੁਣ ਉਕਤ ਸਰਪੰਚ ਆਹੁਦੇ ਲਈ 2 ਕਰੋੜ ਰੁਪਏ ਬੋਲੀ ਲਗਾਉਣ ਵਾਲੇ ਵਿਅਕਤੀ ਨੇ ਚੋਣ ਲੜਨ ਦਾ ਐਲਾਨ ਕੀਤਾ ਹੈ, ਪਰ ਇਸ ਮਾਮਲੇ 'ਚ ਗੁਰਦਾਸਪੁਰ ਦੇ ਡੀ.ਸੀ ਵੱਲੋਂ ਜਾਂਚ ਦੇ ਆਦੇਸ਼ ਦਿੱਤੇ ਗਏ। ਦੂਜੇ ਪਾਸੇ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਗੁਰਦਾਸਪੁਰ ਵੱਲੋਂ ਡੇਰਾ ਬਾਬਾ ਨਾਨਕ ਦੇ ਪਿੰਡ ਹਰਦੋਵਾਲ ਵਿਚ ਖੁਦ ਨੂੰ ਭਾਜਪਾ ਨੇਤਾ ਆਤਮਾ ਸਿੰਘ ਦੱਸਣ ਵਾਲੇ ਵਿਅਕਤੀ ਵੱਲੋਂ ਦੋ ਕਰੋੜ ਬੋਲੀ ਲਗਾਉਣ ਦੇ ਮਾਮਲੇ 'ਚ ਜਾਂਚ ਦੇ ਆਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਰਿਪੋਰਟ ਆਉਣ ਦੇ ਬਾਅਦ ਮਾਮਲੇ 'ਚ ਉਚਿੱਤ ਕਾਰਵਾਈ ਕੀਤੀ ਜਾਵੇਗੀ। ਇਸ ਕੇਸ ਦੀ ਜਾਂਚ ਏ.ਡੀ.ਸੀ ਅਤੇ ਐੱਸ.ਡੀ.ਐੱਮ ਨੂੰ ਜਾਂਚ ਸੌਂਪੀ ਹੈ। ਇਸ ਦੇ ਇਲਾਵਾ ਇਕ ਮਹਿਲਾ ਵਕੀਲ ਨੇ ਹਾਈਕੋਰਟ 'ਚ ਇਸ ਸਾਰੇ ਮਾਮਲੇ ਨੂੰ ਲੈ ਕੇ ਪਟੀਸ਼ਨ ਦਾਇਰ ਕੀਤੀ ਹੈ। ਜਿਸ ਦੀ ਸੁਣਵਾਈ 3 ਅਕਤੂਬਰ ਨੂੰ ਹਾਈਕੋਰਟ 'ਚ ਸੁਣਵਾਈ ਹੋਵੇਗੀ। ਦੱਸਣਯੋਗ ਹੈ ਕਿ ਅੱਜ ਬੋਲੀ ਦਾ ਆਖਰੀ ਦਿਨ ਸੀ, ਪਰ ਸਰਪੰਚ ਆਹੁਦੇ ਦੀ ਦਾਅਵੇਦਾਰੀ ਪੇਸ਼ ਕਰਨ ਵਾਲੇ ਆਤਮਾ ਸਿੰਘ



ਦੀ 2 ਕਰੋੜ ਰੁਪਏ ਦੀ ਬੋਲੀ ਤੋਂ ਜ਼ਿਆਦਾ ਬੋਲੀ ਲਗਾਉਣ ਦਾ ਅੱਜ ਆਖਰੀ ਦਿਨ ਸੀ। ਪਿੰਡ ਦੇ ਕੁਝ ਲੋਕਾਂ ਵੱਲੋਂ ਕੀਤੇ ਗਏ ਵਿਰੋਧ ਦੇ ਬਾਅਦ ਇਹ ਫੈਸਲਾ ਲਿਆ ਹੈ। ਮਿਲੀ ਜਾਣਕਾਰੀ ਅਨੁਸਾਰ ਜਲਦ ਆਤਮਾ ਸਿੰਘ ਨਾਮਜ਼ਦਗੀ ਦਾਇਰ ਕਰਨਗੇ।